ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 156
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Sunday, 7 June, 2026) ਐਤਵਾਰ, 7 ਜੂਨ, 2026, 24 ਜੇਠ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ


## ਹਿਮਾਚਲ 'ਚ 24 ਘੰਟਿਆਂ ਦੌਰਾਨ 4 ਵਾਰ ਲੱਗੇ ਭੂਚਾਲ ਦੇ ਝਟਕੇ

ਕਾਂਗੜਾ, 6 ਜੂਨ (ਚ.ਨ.ਸ.): ਹਿਮਾਚਲ ਪ੍ਰਦੇਸ਼ 'ਚ ਸ਼ਨੀਵਾਰ ਯਾਨੀ ਅੱਜ ਫਿਰ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਜਿਸ ਕਾਰਨ ਲੋਕ ਦਹਿਸ਼ਤ 'ਚ ਹਨ। ਭੂਚਾਲ ਦੇ ਝਟਕੇ ਦੁਪਹਿਰ 11.59 ਵਜੇ ਮਹਿਸੂਸ ਹੋਏ। ਦੱਸਣਯੋਗ ਹੈ ਕਿ ਇਸ ਤੋਂ ਪਹਿਲਾਂ ਸ਼ੁੱਕਰਵਾਰ ਦੇਰ ਰਾਤ ਵੀ ਹਿਮਾਚਲ ਪ੍ਰਦੇਸ਼ 'ਚ ਭੂਚਾਲ ਦੇ ਝਟਕੇ ਮਹਿਸੂਸ ਹੋਏ ਸਨ। ਰਾਤ 10.04 ਵਜੇ ਆਏ 5 ਦੀ ਤੀਬਰਤਾ ਦੇ ਭੂਚਾਲ ਨਾਲ ਫਿਰ ਧਰਤੀ ਹਿਲੀ ਸੀ।।ਪਾਲਮਪੁਰ ਦੇ ਸਿਵਲ ਹਸਪਤਾਲ 'ਚ ਰਾਤ ਨੂੰ ਆਏ ਭੂਚਾਲ ਕਾਰਨ ਪੁਰਾਣੀ ਇਮਾਰਤ ਦੀ ਦੂਜੀ ਮੰਜ਼ਿਲ ਦੀ ਛੱਤ ਨੂੰ ਨੁਕਸਾਨ ਪਹੁੰਚਿਆ। ਖ਼ੁਸ਼ਕਿਸਮਤੀ ਰਹੀ ਕਿ ਮਰੀਜ਼ ਸੁਰੱਖਿਅਤ ਹਨ।(ਬਾਕੀ ਸਫਾ 2 'ਤੇ)

# ਉਸਾਰੀ ਕਿਰਤੀਆਂ ਦੀ ਰਜਿਸਟ੍ਰੇਸ਼ਨ ਲਈ ਸੂਬੇ 'ਚ ਚਲਾਈ ਜਾਵੇਗੀ ਮੁਹਿੰਮ: ਮਾਨ

## ਕਿਸੇ ਵੀ ਕਿਰਤੀ ਤੋਂ ਨਹੀਂ ਲਈ ਜਾਵੇਗੀ ਰਜਿਸਟ੍ਰੇਸ਼ਨ ਫ਼ੀਸ

ਚੜ੍ਹਦੀਕਲਾ ਬਿਊਰੋ

================



ਚੰਡੀਗੜ੍ਹ, 6 ਜੂਨ :ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੂਰੇ ਪੰਜਾਬ ਵਿੱਚ 10 ਲੱਖ ਉਸਾਰੀ ਕਿਰਤੀਆਂ ਦੀ ਮੁਫ਼ਤ ਰਜਿਸਟ੍ਰੇਸ਼ਨ ਅਤੇ ਪੁਰਾਣੀ ਰਜਿਸਟ੍ਰੇਸ਼ਨ ਨਵਿਆਉਣ ਲਈ ਵੱਡੀ ਮੁਹਿੰਮ ਦਾ ਐਲਾਨ ਕੀਤਾ। ਇਸ ਦੇ ਨਾਲ ਹੀ ਉਨ੍ਹਾਂ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਵਿਸ਼ੇਸ਼ ਕੈਂਪ ਲਗਾ ਕੇ ਭਲਾਈ ਸਕੀਮਾਂ ਦਾ ਲਾਭ ਸਿੱਧਾ ਕਿਰਤੀਆਂ ਤੱਕ ਪਹੁੰਚਾਇਆ ਜਾਵੇ। ਪੰਜਾਬ ਬਿਲਡਿੰਗ ਐਂਡ ਅਦਰ ਕੰਸਟ੍ਰਕਸ਼ਨ ਵਰਕਰਜ਼ ਵੈਲਫੇਅਰ ਬੋਰਡ ਦੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਉਸਾਰੀ ਕਿਰਤੀ ਨੂੰ ਸਮਾਜਿਕ ਸੁਰੱਖਿਆ ਲਾਭ, ਭਲਾਈ ਸਹਾਇਤਾ ਅਤੇ ਹੁਨਰ ਵਿਕਾਸ ਦੇ ਮੌਕੇ ਪ੍ਰਦਾਨ ਕਰਨ ਲਈ ਵਚਨਬੱਧ ਹੈ।

ਇਸ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਬਿਲਡਿੰਗ ਐਂਡ ਅਦਰ ਕੰਸਟ੍ਰਕਸ਼ਨ ਵਰਕਰਜ਼ ਵੈਲਫੇਅਰ ਬੋਰਡ ਦਾ ਗਠਨ ਨਿਰਮਾਣ ਕਾਮਿਆਂ ਦੀ ਰਜਿਸਟ੍ਰੇਸ਼ਨ, ਵਿੱਤੀ ਸਹਾਇਤਾ ਅਤੇ ਭਲਾਈ ਸਕੀਮਾਂ ਰਾਹੀਂ ਉਨ੍ਹਾਂ ਦੀ ਭਲਾਈ, ਸਮਾਜਿਕ ਸੁਰੱਖਿਆ ਅਤੇ ਸਮਾਜਿਕ-ਆਰਥਿਕ ਤਰੱਕੀ ਯਕੀਨੀ ਬਣਾਉਣ ਲਈ ਕੀਤਾ ਗਿਆ ਹੈ। ਇਹ ਮੰਦਭਾਗਾ ਹੈ ਕਿ ਲੋੜੀਂਦੇ ਫੰਡ ਉਪਲਬਧ ਹੋਣ ਦੇ ਬਾਵਜੂਦ ਲੰਬੇ ਪ੍ਰੋਸੈਸਿੰਗ ਸਮੇਂ ਕਾਰਨ ਕਿਰਤੀਆਂ ਲਈ ਭਲਾਈ ਸਕੀਮਾਂ ਲੋੜੀਂਦੀ ਸਫਲਤਾ ਹਾਸਲ ਨਹੀਂ ਕਰ ਸਕੀਆਂ।"

ਭਲਾਈ ਸਕੀਮਾਂ ਦਾ ਘੇਰਾ ਵਧਾਉਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ, "ਇਸ ਸਮੇਂ ਬੀ.ਓ.ਸੀ.ਡਬਲਯੂ. ਵੈਲਫੇਅਰ ਬੋਰਡ ਕੋਲ 2.21 ਲੱਖ ਮਜ਼ਦੂਰ ਰਜਿਸਟਰਡ ਹਨ, ਜੋ ਪੰਜਾਬ ਭਰ ਵਿੱਚ ਚੱਲ ਰਹੀਆਂ ਵੱਡੇ ਪੱਧਰ ਦੀਆਂ ਨਿਰਮਾਣ ਗਤੀਵਿਧੀਆਂ ਅਤੇ ਸ਼ਹਿਰੀਕਰਨ ਨੂੰ ਦੇਖਦੇ ਹੋਏ (ਬਾਕੀ ਸਫਾ 2 'ਤੇ)

# ਜੂਨ '84 ਦੇ ਸ਼ਹੀਦਾਂ ਦੀ ਯਾਦ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਮਾਗਮ

## ਸਰਕਾਰਾਂ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦੈ ਕਿ ਸਿੱਖ ਦੇਸ਼ 'ਚ ਬਰਾਬਰ ਦੇ ਭਾਈਵਾਲ ਹਨ, ਦੂਜੇ ਦਰਜੇ ਦੇ ਸ਼ਹਿਰੀ ਨਹੀਂ: ਜਥੇ. ਗੜਗੱਜ

ਗੁਰਦਿਆਲ ਸਿੰਘ

================

ਅੰਮ੍ਰਿਤਸਰ, 6 ਜੂਨ : ਜੂਨ 1984 'ਚ ਸਮੇਂ ਦੀ ਕਾਂਗਰਸ ਸਰਕਾਰ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਕੀਤੇ ਗਏ ਫ਼ੌਜੀ ਹਮਲੇ ਦੌਰਾਨ ਸ਼ਹੀਦ ਹੋਏ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲੇ, ਭਾਈ ਅਮਰੀਕ ਸਿੰਘ, ਬਾਬਾ ਠਾਰਾ ਸਿੰਘ ਤੇ ਜਨਰਲ ਸ਼ੁਬੇਗ ਸਿੰਘ ਸਮੇਤ ਹੋਰ ਸ਼ਹੀਦਾਂ ਦੀ ਯਾਦ 'ਚ ਸ਼੍ਰੋਮਣੀ ਕਮੇਟੀ ਵੱਲੋਂ ਸਾਲਾਨਾ ਸ਼ਹੀਦੀ ਸਮਾਗਮ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਕਰਵਾਇਆ ਗਿਆ। ਸਮਾਗਮ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ, ਮਿਸਲ ਸ਼ਹੀਦਾਂ ਤਰਨਾ ਦਲ ਦੇ ਮੁਖੀ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਦਲ ਬਾਬਾ ਬਿਧੀ ਚੰਦ ਸੰਪ੍ਰਦਾ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਸਾਬਕਾ ਜਥੇਦਾਰ ਭਾਈ ਜਸਬੀਰ ਸਿੰਘ ਖਾਲਸਾ ਸਮੇਤ ਕਈ ਪੰਥਕ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ। ਸੰਗਤ ਨੂੰ ਪਾਵਨ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਸਰਵਣ ਕਰਵਾਇਆ।

ਸਮਾਗਮ ਮੌਕੇ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਜਦੋਂ ਸਮੇਂ ਦੀ ਭਾਰਤੀ ਹਕੂਮਤ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਉੱਤੇ ਫੌਜਾਂ, ਟੈਂਕਾਂ, ਤੋਪਾਂ ਨਾਲ ਹਮਲਾ ਕੀਤਾ ਤਾਂ ਦਮਦਮੀ ਟਕਸਾਲ ਦੇ 14ਵੇਂ ਮੁਖੀ ਕੌਮੀ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਹੇਠ ਸਿੰਘਾਂ ਨੇ ਜਿਸ ਤਰ੍ਹਾਂ ਮੁਕਾਬਲਾ ਕਰਦਿਆਂ ਸ਼ਹਾਦਤਾਂ ਪ੍ਰਾਪਤ ਕੀਤੀਆਂ, ਇਹ ਰਹਿੰਦੀ ਦੁਨੀਆਂ ਤੱਕ ਮਿਸਾਲੀ ਇਤਿਹਾਸ ਰਹੇਗਾ। ਇਸ ਘੱਲੂਘਾਰੇ ਦੌਰਾਨ ਵੱਡੀ ਗਿਣਤੀ ਵਿਚ ਸਿੱਖ ਸੰਗਤਾਂ, ਬੀਬੀਆਂ ਅਤੇ ਭੁਝੰਗੀਆਂ ਨੇ ਵੀ ਸ਼ਹਾਦਤਾਂ ਪ੍ਰਾਪਤ ਕੀਤੀਆਂ। ਸਿੱਖਾਂ ਨੇ 1984 ਤੋਂ ਪਹਿਲਾਂ ਵੀ ਦੋ ਘੱਲੂਘਾਰੇ ਝੱਲੇ ਪਰੰਤੂ ਇਹ ਤੀਜਾ ਘੱਲੂਘਾਰਾ ਆਪਣੇ ਹੀ ਮੁਲਕ ਅੰਦਰ ਲੋਕਤੰਤਰ ਦੇ ਰਾਜ ਅਧੀਨ ਕੀਤਾ ਗਿਆ, ਲੇਕਿਨ ਇਸ ਦੇ ਬਾਵਜੂਦ ਵੀ ਸਿੱਖ ਅੱਜ ਚੜ੍ਹਦੀ ਕਲਾ ਨਾਲ ਪੂਰੀ ਦੁਨੀਆਂ ਅੰਦਰ ਵੱਸ ਰਹੇ ਹਨ। ਉਨ੍ਹਾਂ ਇਸ ਮੌਕੇ 1984 ਵਿਚ ਸ਼ਹੀਦ ਹੋਣ ਵਾਲੀਆਂ ਸਿੱਖ ਬੱਚੀਆਂ ਸਤਨਾਮ ਕੌਰ, ਵਾਹਿਗੁਰੂ ਕੌਰ ਅਤੇ ਬੀਬੀ ਉਪਕਾਰ ਕੌਰ ਦਾ ਵਿਸ਼ੇਸ਼ ਜ਼ਿਕਰ ਵੀ ਕੀਤਾ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਰਕਾਰਾਂ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ ਕਿ ਸਿੱਖ ਇਸ ਦੇਸ਼ ਵਿਚ ਬਰਾਬਰ ਦੇ ਭਾਈਵਾਲ ਹਨ, ਦੂਜੇ ਦਰਜੇ ਦੇ ਸ਼ਹਿਰੀ ਨਹੀਂ। ਉਨ੍ਹਾਂ ਕਿਹਾ ਕਿ ਸਿੱਖਾਂ ਪ੍ਰਤੀ ਵਰਤੀਆਂ ਜਾ ਰਹੀਆਂ ਦੋਹਰੀਆਂ ਨੀਤੀਆਂ (ਬਾਕੀ ਸਫਾ 2 'ਤੇ)

### ਸਮਾਗਮ ਦੌਰਾਨ ਸ਼ਹੀਦ ਸਿੰਘਾਂ ਦੇ ਪਰਿਵਾਰਾਂ ਦਾ ਸਨਮਾਨ




## ਤਰੁਣ ਚੁੱਘ ਵੱਲੋਂ ਰਾਜ ਸਭਾ ਲਈ ਮੱਧ ਪ੍ਰਦੇਸ਼ ਤੋਂ ਨਾਮਜ਼ਦਗੀ ਦਾਖ਼ਲ

ਭੋਪਾਲ, 6 ਜੂਨ (ਚ.ਨ.ਸ.): ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਜਨਰਲ ਸਕੱਤਰ ਤੇ ਮੱਧ ਪ੍ਰਦੇਸ਼ ਤੋਂ ਰਾਜ ਸਭਾ ਉਮੀਦਵਾਰ ਤਰੁਣ ਚੁੱਘ ਅੱਜ ਰਾਜ ਸਭਾ ਚੋਣਾਂ ਲਈ ਆਪਣੇ ਨਾਮਜ਼ਦਗੀ ਪੱਤਰ ਦਾਖਲ ਕਰਨ ਲਈ ਮੱਧ ਪ੍ਰਦੇਸ਼ ਵਿਧਾਨ ਸਭਾ ਪਹੁੰਚੇ। ਇਸ ਮੌਕੇ ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਡਾ. ਮੋਹਨ ਯਾਦਵ, ਸੂਬਾ ਭਾਜਪਾ ਪ੍ਰਧਾਨ ਹੇਮੰਤ ਖੰਡੇਲਵਾਲ, ਸੂਬਾ ਸਰਕਾਰ ਦੇ ਮੰਤਰੀ, ਸੀਨੀਅਰ ਭਾਜਪਾ ਨੇਤਾ, ਪਾਰਟੀ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਮੌਜੂਦ ਸਨ। ਸੂਬੇ ਭਰ ਦੇ ਪਾਰਟੀ ਵਰਕਰਾਂ ਨੇ ਤਰੁਣ ਚੁੱਘ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਦੇ ਸਫਲ ਸੰਸਦੀ ਕਾਰਜਕਾਲ ਦੀ ਕਾਮਨਾ ਕੀਤੀ। ਤਰੁਣ ਚੁੱਘ ਨੇ ਇਸ ਮੌਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕੇਂਦਰੀ ਗ੍ਰਹਿ ਅਤੇ (ਬਾਕੀ ਸਫਾ 2 'ਤੇ)

## ਪੰਜਾਬ ਦੇ 7 ਜ਼ਿਲ੍ਹਿਆਂ 'ਚ ਮੌਸਮ ਸਬੰਧੀ ਯੈਲੋ ਅਲਰਟ ਜਾਰੀ

ਚੜ੍ਹਦੀਕਲਾ ਬਿਊਰੋ

================



ਚੰਡੀਗੜ੍ਹ, 6 ਜੂਨ : ਪੰਜਾਬ 'ਚ ਪਿਛਲੇ ਕੁਝ ਦਿਨਾਂ ਤੋਂ ਪੈ ਰਹੀ ਭਿਆਨਕ ਗਰਮੀ ਤੋਂ ਲੋਕਾਂ ਨੂੰ ਰਾਹਤ ਮਿਲ ਸਕਦੀ ਹੈ। ਭਾਰਤੀ ਮੌਸਮ ਵਿਭਾਗ ਵੱਲੋਂ ਜਾਰੀ ਤਾਜ਼ਾ ਜ਼ਿਲ੍ਹਾਵਾਰ ਮੌਸਮ ਚੇਤਾਵਨੀ ਅਨੁਸਾਰ ਸੂਬੇ ਵਿੱਚ ਅੱਜ ਤੇ 7 ਜੂਨ ਤੱਕ ਮੌਸਮ 'ਚ ਵੱਖ-ਵੱਖ ਤਬਦੀਲੀਆਂ ਨਜ਼ਰ ਆ ਸਕਦੀਆਂ ਹਨ। ਇਸ ਦੌਰਾਨ ਕਈ ਜ਼ਿਲ੍ਹਿਆਂ ਵਿੱਚ ਗਰਜ-ਚਮਕ ਨਾਲ ਮੀਂਹ ਪੈ ਸਕਦਾ ਹੈ ਅਤੇ ਤੇਜ਼ ਹਵਾਵਾਂ ਚੱਲਣ ਦੀ ਵੀ ਸੰਭਾਵਨਾ ਹੈ। ਮੌਸਮ ਵਿਭਾਗ ਨੇ ਕੁਝ ਜ਼ਿਲ੍ਹਿਆਂ ਲਈ ਯੈਲੋ ਅਲਰਟ ਜਾਰੀ ਕਰਦਿਆਂ ਲੋਕਾਂ ਨੂੰ ਸਾਵਧਾਨ ਰਹਿਣ ਦੀ ਅਪੀਲ ਕੀਤੀ ਹੈ।

ਪਿਛਲੇ ਕੁਝ ਦਿਨਾਂ ਤੋਂ ਪੰਜਾਬ ਅਤੇ ਚੰਡੀਗੜ੍ਹ ਵਿੱਚ ਮੌਸਮ ਬਦਲ ਰਿਹਾ ਹੈ। ਅੱਜ 7 ਜ਼ਿਲ੍ਹਿਆਂ ਵਿੱਚ ਮੀਂਹ ਅਤੇ ਤਿੰਨ ਜ਼ਿਲ੍ਹਿਆਂ ਵਿੱਚ ਗਰਜ ਨਾਲ ਤੂਫ਼ਾਨ ਆਉਣ ਦੀ ਚੇਤਾਵਨੀ ਜਾਰੀ ਕੀਤੀ ਗਈ ਹੈ। ਇਸ ਸਮੇਂ ਦੌਰਾਨ 40 ਤੋਂ 50 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲਣ ਦੀ ਸੰਭਾਵਨਾ ਹੈ। ਪਠਾਨਕੋਟ, ਹੁਸ਼ਿਆਰਪੁਰ, ਮੁਕਤਸਰ, ਬਠਿੰਡਾ, ਮਾਨਸਾ, ਰੂਪਨਗਰ ਅਤੇ ਮੋਹਾਲੀ ਵਿੱਚ ਵੀ ਮੀਂਹ ਪੈਣ ਦੀ ਸੰਭਾਵਨਾ ਹੈ। ਮੁਕਤਸਰ, ਬਠਿੰਡਾ ਅਤੇ ਮਾਨਸਾ ਵਿੱਚ ਗਰਜ, ਬਿਜਲੀ ਡਿੱਗਣ ਅਤੇ ਤੇਜ਼ ਹਵਾਵਾਂ (ਬਾਕੀ ਸਫਾ 2 'ਤੇ)

## ਮੋਦੀ ਵੱਲੋਂ ਆਰਥਿਕ ਸਲਾਹਕਾਰ ਕੌਂਸਲ ਮੀਟਿੰਗ ਦੀ ਪ੍ਰਧਾਨਗੀ

## ਜੀਵਨ ਅਤੇ ਕੰਮ ਨੂੰ ਸੌਖਾ ਬਣਾਉਣ ਲਈ ਹੋਰ ਸੁਧਾਰ ਵਿਚਾਰੇ

ਚੜ੍ਹਦੀਕਲਾ ਬਿਊਰੋ

================



ਨਵੀਂ ਦਿੱਲੀ, 6 ਜੂਨ: ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਆਪਣੀ ਆਰਥਿਕ ਸਲਾਹਕਾਰ ਕੌਂਸਲ ਦੀ ਇੱਕ ਮੀਟਿੰਗ ਦੀ ਪ੍ਰਧਾਨਗੀ ਕੀਤੀ, ਜਿਸ ਵਿੱਚ ਜੀਵਨ ਅਤੇ ਕੰਮ ਨੂੰ ਸੌਖਾ ਬਣਾਉਣ ਲਈ ਹੋਰ ਸੁਧਾਰਾਂ ਬਾਰੇ ਚਰਚਾ ਕੀਤੀ ਗਈ।

ਸੂਤਰਾਂ ਨੇ ਦੱਸਿਆ, 'ਪ੍ਰਧਾਨ ਮੰਤਰੀ ਅਤੇ ਆਰਥਿਕ ਸਲਾਹਕਾਰ ਕੌਂਸਲ (ਈਏਸੀ) ਨੇ ਵਿਸ਼ਵਵਿਆਪੀ ਉਥਲ-ਪੁਥਲ ਦੇ ਸਮੇਂ ਵਿੱਚ ਭਾਰਤ ਦੇ ਆਰਥਿਕ ਵਿਕਾਸ ਨੂੰ ਹੋਰ ਵਧਾਉਣ ਲਈ ਵੱਖ-ਵੱਖ ਵਿਚਾਰਾਂ ਅਤੇ ਉਪਾਵਾਂ 'ਤੇ ਚਰਚਾ ਕੀਤੀ।' ਉਨ੍ਹਾਂ ਕਿਹਾ ਕਿ ਜੀਵਨ ਨੂੰ ਸੌਖਾ ਬਣਾਉਣ ਅਤੇ ਕਾਰੋਬਾਰ ਕਰਨ ਨੂੰ ਸੌਖਾ ਬਣਾਉਣ ਵਿੱਚ ਸੁਧਾਰ ਲਿਆਉਣ ਲਈ ਵੱਖ-ਵੱਖ ਸੁਧਾਰਾਂ 'ਤੇ ਵੀ ਚਰਚਾ ਕੀਤੀ ਗਈ। ਕੌਂਸਲ ਦੇ ਮੈਂਬਰਾਂ ਨੇ ਭਾਰਤ ਅਤੇ ਵਿਸ਼ਵ 'ਤੇ ਪੱਛਮੀ ਏਸ਼ੀਆ ਦੇ ਸੰਘਰਸ਼ ਦੇ ਪ੍ਰਭਾਵ ਬਾਰੇ ਵੀ ਆਪਣਾ ਮੁਲਾਂਕਣ ਦਿੱਤਾ।ਇਹ ਮੀਟਿੰਗ ਭਾਰਤ ਦੇ ਵਿਕਾਸ ਅਨੁਮਾਨਾਂ ਦੇ ਭਵਿੱਖਬਾਣੀਆਂ ਨੂੰ ਮਾਤ ਦੇਣ ਅਤੇ ਵਿੱਤੀ ਸਾਲ 2026 ਵਿੱਚ 7.7% ਜੀਡੀਪੀ ਵਿਕਾਸ ਦਰ ਦਰਜ ਕਰਨ ਤੋਂ ਇੱਕ ਦਿਨ ਬਾਅਦ ਹੋਈ ਹੈ।

ਜਨਵਰੀ ਤੋਂ ਮਾਰਚ ਦੀ ਤਿਮਾਹੀ ਵਿੱਚ ਵਿਕਾਸ ਦਰ 7.8% ਤੱਕ ਵਧ ਗਈ, ਜਿਸਦਾ ਕਾਰਨ ਮਜ਼ਬੂਤ ਘਰੇਲੂ ਮੰਗ, ਸਰਕਾਰੀ ਖਰਚੇ ਅਤੇ ਪੇਂਡੂ ਅਰਥਚਾਰੇ ਵਿੱਚ ਮੁੜ ਸੁਰਜੀਤੀ ਦੇ ਸੰਕੇਤ ਸਨ, ਜਿੱਥੇ ਪਿਛਲੇ ਵਿੱਤੀ ਸਾਲ ਦੇ ਮੁਕਾਬਲੇ ਟਰੈਕਟਰਾਂ ਦੀ ਵਿਕਰੀ ਵਿੱਚ 23% ਦਾ ਵਾਧਾ ਹੋਇਆ ਹੈ।

ਪੱਛਮੀ ਏਸ਼ੀਆ ਦੇ ਸੰਕਟ ਦਰਮਿਆਨ ਵਿਸ਼ਵਵਿਆਪੀ ਰੁਕਾਵਟਾਂ ਦੇ ਬਾਵਜੂਦ ਵਿਕਾਸ ਦੇ ਅੰਦਾਜ਼ੇ ਉਮੀਦਾਂ ਤੋਂ (ਬਾਕੀ ਸਫਾ 2 'ਤੇ)

## ਕਾਕਰੋਚ ਜਨਤਾ ਪਾਰਟੀ ਵੱਲੋਂ ਜੰਤਰ-ਮੰਤਰ 'ਤੇ ਵਿਰੋਧ ਪ੍ਰਦਰਸ਼ਨ

### ਸਿੱਖਿਆ ਮੰਤਰੀ ਨੂੰ ਅਸਤੀਫ਼ੇ ਲਈ ਦਿੱਤਾ ਪੰਜ ਦਿਨ ਦਾ ਅਲਟੀਮੇਟਮ

ਚੜ੍ਹਦੀਕਲਾ ਬਿਊਰੋ

================



ਨਵੀਂ ਦਿੱਲੀ, 6 ਜੂਨ:ਕਾਕਰੋਚ ਜਨਤਾ ਪਾਰਟੀ (ਸੀ.ਜੇ.ਪੀ.) ਦੇ ਸੰਸਥਾਪਕ ਅਭਿਜੀਤ ਨੇ ਅੱਜ ਆਪਣੇ ਸਮਰਥਕਾਂ ਨਾਲ ਜੰਤਰ-ਮੰਤਰ 'ਤੇ ਵਿਰੋਧ ਪ੍ਰਦਰਸ਼ਨ ਕੀਤਾ, ਜੋ 5 ਘੰਟੇ ਬਾਅਦ ਖ਼ਤਮ ਹੋ ਗਿਆ। ਇਸ ਤੋਂ ਬਾਅਦ ਅਭਿਜੀਤ ਵਾਪਸ ਚਲੇ ਗਏ ਹਨ।

ਦੱਸ ਦੇਈਏ ਕਿ ਸੀ.ਜੇ.ਪੀ. ਮੁਖੀ ਅਭਿਜੀਤ ਸ਼ਨੀਵਾਰ ਸਵੇਰੇ ਅਮਰੀਕਾ ਤੋਂ ਦਿੱਲੀ ਆਏ ਸਨ। ਉਹ ਦਿੱਲੀ ਦੇ ਏਅਰਪੋਰਟ ਤੋਂ ਸਿੱਧਾ ਜੰਤਰ-ਮੰਤਰ ਪਹੁੰਚੇ, ਜਿਥੇ ਉਨ੍ਹਾਂ ਦੇ ਸਮਰਥਕ ਵੱਡੀ ਗਿਣਤੀ ਵਿਚ ਪਹੁੰਚੇ ਹੋਏ ਸਨ। ਇਸ ਮੌਕੇ ਸਮਰਥਕਾਂ ਨੇ ਉਨ੍ਹਾਂ ਦਾ ਸਵਾਗਤ ਕੀਤਾ ਅਤੇ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕੀਤਾ। ਇਸ ਪ੍ਰਦਰਸ਼ਨ ਦੌਰਾਨ ਜੰਤਰ-ਮੰਤਰ 'ਤੇ ਅਭਿਜੀਤ ਦੇ ਨਾਲ ਸਮਾਜਿਕ ਕਾਰਕੁੰਨ ਸੋਨਮ ਵਾਂਗਚੁਕ ਅਤੇ ਸੀ.ਜੇ.ਪੀ. ਦੇ ਬੁਲਾਰੇ ਆਸ਼ੂਤੋਸ਼ ਰੰਕਾ ਵੀ ਮੌਜੂਦ ਰਹੇ। ਸੋਨਮ ਵਾਂਗਚੁਕ ਇਸ ਮੌਕੇ ਲਾਲ ਰੰਗ ਦਾ ਗੁਲਾਬ ਲੈ ਕੇ ਆਏ। ਜਾਣਕਾਰੀ ਮੁਤਾਬਕ ਸੀ.ਜੇ.ਪੀ. ਦੇ ਸੰਸਥਾਪਕ ਅਭਿਜੀਤ ਦੀਪਕੇ ਨੇ ਇਸ ਵਿਰੋਧ ਪ੍ਰਦਰਸ਼ਨ ਦੌਰਾਨ ਕਿਹਾ ਕਿ ਸਿੱਖਿਆ ਮੰਤਰੀ (ਬਾਕੀ ਸਫਾ 2 'ਤੇ)

## ਫਿਰੋਜ਼ਪੁਰ 'ਚ ਵਾਪਰੇ ਸੜਕ ਹਾਦਸੇ ਦੌਰਾਨ 9 ਦੀ ਮੌਤ

ਚੜ੍ਹਦੀਕਲਾ ਬਿਊਰੋ

================



ਫਿਰੋਜ਼ਪੁਰ, 6 ਜੂਨ:ਅੱਜ ਇਥੇ ਫ਼ਿਰੋਜ਼ਪੁਰ- ਫ਼ਾਜ਼ਿਲਕਾ ਮੁੱਖ ਮਾਰਗ 'ਤੇ ਪਿੰਡ ਹੁਸੈਨਸ਼ਾਹ ਵਾਲਾ ਦੇ ਕੋਲ ਭਿਆਨਕ ਹਾਦਸਾ ਵਾਪਰ ਗਿਆ। ਸਵਾਰੀਆਂ ਨਾਲ ਭਰੀ ਮਹਿੰਦਰਾ ਪਿੱਕਅਪ ਗੱਡੀ ਤੇ ਘੋੜੇ ਟਰਾਲੇ ਵਿਚਕਾਰ ਆਹਮੋ- ਸਾਹਮਣੇ ਟੱਕਰ ਹੋ ਗਈ। ਹਾਦਸੇ ਵਿਚ 9 ਲੋਕਾਂ ਦੀ ਮੌਤ ਹੋ ਗਈ। ਜਦਕਿ ਦਰਜਨ ਤੋਂ ਵੱਧ ਜ਼ਖ਼ਮੀ ਦੱਸੇ ਜਾ ਰਹੇ ਹਨ, ਜਿਨ੍ਹਾਂ ਨੂੰ ਇਲਾਜ ਲਈ ਐਂਬੂਲੈਂਸਾਂ ਰਾਹੀਂ ਸਿਵਲ ਹਸਪਤਾਲ ਫ਼ਿਰੋਜ਼ਪੁਰ ਪਹੁੰਚਾਇਆ ਗਿਆ ਹੈ।

ਹਾਦਸੇ ਦਾ ਪਤਾ ਚਲਦਿਆਂ ਹੀ ਸੜਕ ਸੁਰੱਖਿਆ ਫੋਰਸ ਦੀ ਟੀਮ, ਥਾਣਾ ਮਮਦੋਟ ਤੋਂ ਪੁਲਿਸ ਅਤੇ ਅੱਧੀ ਦਰਜਨ ਐਂਬੂਲੈਂਸਾਂ ਘਟਨਾ ਸਥਾਨ 'ਤੇ ਪਹੁੰਚੀਆਂ, ਜਿਨ੍ਹਾਂ ਵਲੋਂ ਜ਼ਖਮੀਆਂ ਨੂੰ ਹਸਪਤਾਲ ਪਹੁੰਚਾਇਆ ਗਿਆ। ਪਿੱਕਅਪ ਗੱਡੀ ਵਿਚ ਸਵਾਰ ਲੋਕ ਰਿਸ਼ਤੇਦਾਰ ਦੇ ਫੁੱਲ ਤਾਰਨ ਲਈ ਬਿਆਸ ਜਾ ਰਹੇ ਸਨ ਕਿ ਜੰਗਾਂ ਵਾਲਾ ਮੋੜ ਤੋਂ ਥੋੜਾ ਪਿੱਛੇ ਭਿਆਨਕ ਸੜਕ ਹਾਦਸਾ ਵਾਪਰ ਗਿਆ ।ਘਟਨਾ ਦੀ ਸੂਚਨਾ ਮਿਲਦੇ ਹੀ ਐਸ.ਐਸ.ਪੀ. ਫਿਰੋਜ਼ਪੁਰ ਮੌਕੇ 'ਤੇ ਪਹੁੰਚੇ। ਪੁਲਿਸ ਨੇ ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਫਿਰੋਜ਼ਪੁਰ ਭੇਜ ਦਿੱਤਾ ਹੈ। ਐਸ.ਐਸ.ਪੀ. (ਬਾਕੀ ਸਫਾ 2 'ਤੇ)

## ਜਲੰਧਰ 'ਚ ਪੁਲਿਸ ਮੁਕਾਬਲੇ ਦੌਰਾਨ ਨੌਜਵਾਨ ਢੇਰ

ਜਲੰਧਰ , 6 ਜੂਨ (ਚ.ਨ.ਸ.):ਜਲੰਧਰ ਵਿੱਚ ਕਤਲ ਦੀ ਕੋਸ਼ਿਸ਼ ਦੇ ਮਾਮਲੇ ਵਿੱਚ ਦੋਸ਼ੀ ਬੀਤੀ ਦੇਰ ਰਾਤ ਪੁਲਿਸ ਮੁਕਾਬਲੇ ਵਿੱਚ ਮਾਰਿਆ ਗਿਆ। ਮਹਿਤਪੁਰ ਪੁਲਿਸ ਸਟੇਸ਼ਨ ਦੀ ਪੁਲਿਸ ਉਸ ਨੂੰ ਗ੍ਰਿਫ਼ਤਾਰ ਕਰਨ ਲਈ ਉਸ ਦੇ ਘਰ ਗਈ ਸੀ। ਪੁਲਿਸ ਦਾ ਦਾਅਵਾ ਹੈ ਕਿ ਦੋਸ਼ੀ ਨੂੰ ਆਤਮ ਸਮਰਪਣ ਕਰਨ ਲਈ ਕਿਹਾ ਗਿਆ ਸੀ ਪਰ ਮੁਕਾਬਲੇ ਦੌਰਾਨ ਉੱਥੇ ਭੀੜ ਇਕੱਠੀ ਹੋ ਗਈ। ਪੁਲਿਸ ਦੇ ਅਨੁਸਾਰ, ਭੀੜ ਵੱਲੋਂ ਗੋਲੀਆਂ ਚਲਾਈਆਂ ਗਈਆਂ, ਜਿਸ ਦੇ ਜਵਾਬ ਵਿੱਚ ਪੁਲਿਸ ਨੇ ਗੋਲੀਬਾਰੀ ਕੀਤੀ। ਮੁਲਜ਼ਮ ਨੂੰ ਮੁਕਾਬਲੇ ਦੌਰਾਨ ਗੋਲੀ ਮਾਰ ਦਿੱਤੀ ਗਈ। ਉਸ ਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸ ਦੀ ਮੌਤ ਹੋ ਗਈ।ਇਸ ਦੌਰਾਨ, ਮ੍ਰਿਤਕ ਦੇ ਪਰਿਵਾਰ ਦਾ ਦੋਸ਼ ਹੈ ਕਿ ਉਹ ਉਸ ਸਮੇਂ ਬਾਥਰੂਮ ਵਿੱਚ ਸੀ। ਪੁਲਿਸ ਨੇ ਪਿੱਛੇ ਤੋਂ ਗੋਲੀ ਚਲਾਈ। ਦੋ ਗੋਲੀਆਂ ਉਸਦੇ ਪੱਟ ਦੇ ਉੱਪਰਲੇ ਹਿੱਸੇ ਵਿੱਚ ਲੱਗੀਆਂ, ਜਿਸ ਕਾਰਨ (ਬਾਕੀ ਸਫਾ 2 'ਤੇ)

## ਸੂਰਿਆਵੰਸ਼ੀ ਟੀ-20 ਭਾਰਤੀ ਟੀਮ 'ਚ ਚੁਣਿਆ ਜਾਣ ਵਾਲਾ ਸਭ ਤੋਂ ਨੌਜਵਾਨ ਕ੍ਰਿਕਟਰ ਬਣਿਆ

### ਸ਼੍ਰੇਅਸ ਅਈਅਰ ਹੋਣਗੇ ਟੀ-20 ਦੇ ਨਵੇਂ ਕਪਤਾਨ



ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 6 ਜੂਨ :ਭਾਰਤੀ ਕ੍ਰਿਕਟ ਕੰਟਰੋਲ ਬੋਰਡ (ਬੀ.ਸੀ.ਸੀ.ਆਈ.) ਨੇ ਆਗਾਮੀ ਟੀ-20 ਸੀਰੀਜ਼ ਅਤੇ ਏਸ਼ੀਅਨ ਗੇਮਜ਼ ਲਈ ਭਾਰਤੀ ਟੀਮ ਦਾ ਐਲਾਨ ਕਰਦਿਆਂ ਇੱਕ ਨਵਾਂ ਇਤਿਹਾਸ ਰਚ ਦਿੱਤਾ ਹੈ। ਮਹਿਜ਼ 15 ਸਾਲ 71 ਦਿਨਾਂ ਦੇ ਹੈਰਾਨੀਜਨਕ ਬੱਲੇਬਾਜ਼ ਵੈਭਵ ਸੂਰਿਆਵੰਸ਼ੀ ਨੂੰ ਪਹਿਲੀ ਵਾਰ ਸੀਨੀਅਰ ਭਾਰਤੀ ਟੀਮ ਵਿੱਚ ਜਗ੍ਹਾ ਮਿਲੀ ਹੈ।

ਵੈਭਵ ਭਾਰਤ ਵੱਲੋਂ ਕੌਮਾਂਤਰੀ ਕ੍ਰਿਕਟ ਟੀਮ ਵਿੱਚ ਚੁਣੇ ਜਾਣ ਵਾਲੇ ਹੁਣ ਤੱਕ ਦੇ ਸਭ ਤੋਂ ਘੱਟ ਉਮਰ ਦੇ ਖਿਡਾਰੀ ਬਣ ਗਏ ਹਨ। ਉਨ੍ਹਾਂ ਨੂੰ ਜੂਨ-ਜੁਲਾਈ ਵਿੱਚ ਆਇਰਲੈਂਡ ਤੇ ਇੰਗਲੈਂਡ ਖ਼ਿਲਾਫ਼ ਟੀ-20 ਸੀਰੀਜ਼ ਅਤੇ ਸਤੰਬਰ ਵਿੱਚ ਹੋਣ ਵਾਲੀਆਂ ਏਸ਼ੀਅਨ ਗੇਮਜ਼ ਲਈ ਚੁਣਿਆ ਗਿਆ ਹੈ। ਇਸ ਦੇ ਨਾਲ ਹੀ ਬੋਰਡ ਨੇ ਕਪਤਾਨੀ ਨੂੰ ਲੈ ਕੇ ਵੀ ਬੇਹੱਦ ਹੈਰਾਨੀਜਨਕ ਫ਼ੈਸਲਾ ਲਿਆ ਹੈ। ਟੀ-20 ਵਿਸ਼ਵ ਕੱਪ ਜੇਤੂ ਸਟਾਰ ਬੱਲੇਬਾਜ਼ (ਬਾਕੀ ਸਫਾ 2 'ਤੇ)

## ਗ੍ਰੈਂਡਮਾਸਟਰ ਪ੍ਰਗਿਆਨੰਧਾ ਨਾਰਵੇ ਸ਼ਤਰੰਜ ਜਿੱਤਣ ਵਾਲੇ ਬਣੇ ਪਹਿਲੇ ਭਾਰਤੀ



ਨਵੀਂ ਦਿੱਲੀ, 6 ਜੂਨ (ਚ.ਨ.ਸ.): ਭਾਰਤ ਦੇ ਗ੍ਰੈਂਡਮਾਸਟਰ ਆਰ. ਪ੍ਰਗਿਆਨੰਧਾ ਨੇ ਨਾਰਵੇ ਸ਼ਤਰੰਜ ਦਾ ਵੱਕਾਰੀ ਖਿਤਾਬ ਜਿੱਤ ਕੇ ਇਤਿਹਾਸ ਰਚ ਦਿੱਤਾ। ਉਸ ਨੇ ਫਾਈਨਲ ਰਾਊਂਡ ਵਿੱਚ ਜਰਮਨੀ ਦੇ ਵਿਨਸੈਂਟ ਕੀਮਰ ਨੂੰ ਹਰਾਇਆ, ਇਹ ਉਪਲਬਧੀ ਹਾਸਲ ਕਰਨ ਵਾਲਾ ਪਹਿਲਾ ਭਾਰਤੀ ਖਿਡਾਰੀ ਬਣ ਗਿਆ। ਮੋਦੀ ਨੇ ਵੀ ਪ੍ਰਗਿਆਨੰਧਾ ਨੂੰ ਇਸ ਸ਼ਾਨਦਾਰ ਪ੍ਰਾਪਤੀ 'ਤੇ ਵਧਾਈ ਦਿੱਤੀ। ਮੋਦੀ ਨੇ ਆਪਣੀ ਪੋਸਟ ਵਿੱਚ ਲਿਖਿਆ, ਪ੍ਰਗਿਆਨੰਧਾ ਨੂੰ ਇਸ ਸ਼ਾਨਦਾਰ ਪ੍ਰਾਪਤੀ 'ਤੇ ਵਧਾਈਆਂ! ਇਹ ਸੱਚਮੁੱਚ ਇੱਕ ਸ਼ਾਨਦਾਰ ਮੀਲ ਪੱਥਰ ਹੈ ਜੋ ਉਸ ਦੀ (ਬਾਕੀ ਸਫਾ 2 'ਤੇ)

## ਅੱਜ ਪੰਜਾਬ ਦੀ ਜਵਾਨੀ ਨੂੰ ਰੀਲਾਂ ਤੋਂ ਰੀਅਲ ਧਰਤੀ ਵੱਲ ਮੁੜਨ ਦੀ ਲੋੜ

### ਸੂਬੇ ਵਿੱਚ ਆਈਲੈਟਸ ਅਤੇ ਪ੍ਰਵਾਸ ਦਾ ਰੁਝਾਨ ਇੱਕ ਵੱਡੀ ਸਮਾਜਿਕ ਘਟਨਾ ਬਣਿਆ

ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

========

ਅੱਜ ਦਾ ਪੰਜਾਬ ਇੱਕ ਅਜੀਬ ਦੋਹਰੇ ਸੰਕਟ ਵਿੱਚੋਂ ਲੰਘ ਰਿਹਾ ਹੈ। ਇੱਕ ਪਾਸੇ ਦੁਨੀਆਂ ਦੀ ਸਭ ਤੋਂ ਨੌਜਵਾਨ ਆਬਾਦੀ ਵਾਲੇ ਦੇਸ਼ ਭਾਰਤ ਦਾ ਸਭ ਤੋਂ ਊਰਜਾਵਾਨ ਸੂਬਾ ਪੰਜਾਬ ਹੈ, ਪਰ ਦੂਜੇ ਪਾਸੇ ਪੰਜਾਬ ਦਾ ਨੌਜਵਾਨ ਆਪਣੇ ਅਸਲ ਸਮਾਜਿਕ, ਆਰਥਿਕ ਅਤੇ ਰਾਜਨੀਤਿਕ ਸਰੋਕਾਰਾਂ ਤੋਂ ਦੂਰ ਹੁੰਦਾ ਜਾ ਰਿਹਾ ਹੈ।

ਅੱਜ ਉਸ ਦੀ ਦੁਨੀਆ ਦਾ ਵੱਡਾ ਹਿੱਸਾ ਹੁਣ ਮੋਬਾਈਲ ਫੋਨ ਦੀ ਸਕਰੀਨ, ਇੰਸਟਾਗ੍ਰਾਮ ਦੀਆਂ ਰੀਲਾਂ, ਯੂਟਿਊਬ ਸ਼ਾਰਟਸ ਅਤੇ ਵਿਦੇਸ਼ ਜਾਣ ਦੇ ਸੁਪਨਿਆਂ ਤੱਕ ਸੀਮਤ ਹੋ ਗਿਆ ਹੈ। ਅਜਿਹੇ ਸਮੇਂ ਵਿੱਚ ਪੰਜਾਬ ਨੂੰ ਸਭ ਤੋਂ ਵੱਧ ਲੋੜ ਆਪਣੇ ਨੌਜਵਾਨਾਂ ਦੀ ਹੈ, ਪਰ ਉਹੀ ਨੌਜਵਾਨ ਪੰਜਾਬ ਦੇ ਅਸਲ ਮਸਲਿਆਂ ਤੋਂ ਦੂਰ ਖੜ੍ਹਾ ਦਿਖਾਈ ਦਿੰਦਾ ਹੈ।

ਅੱਜ ਵੱਖ-ਵੱਖ ਡਿਜੀਟਲ ਸਰਵੇਖਣਾਂ ਅਨੁਸਾਰ ਭਾਰਤ ਦਾ ਇੱਕ ਔਸਤ ਨੌਜਵਾਨ ਰੋਜ਼ਾਨਾ 4 ਤੋਂ 5 ਘੰਟੇ ਸੋਸ਼ਲ ਮੀਡੀਆ 'ਤੇ ਬਿਤਾਉਂਦਾ ਹੈ। 18 ਤੋਂ 30 ਸਾਲ ਦੀ ਉਮਰ ਵਰਗ ਵਿੱਚ ਇਹ ਸਮਾਂ ਕਈ ਵਾਰ 6 ਘੰਟਿਆਂ ਤੋਂ ਵੀ ਵੱਧ ਹੋ ਜਾਂਦਾ ਹੈ। ਪੰਜਾਬ ਦੇ ਸ਼ਹਿਰੀ ਅਤੇ ਅਰਧ-ਸ਼ਹਿਰੀ ਖੇਤਰਾਂ ਵਿੱਚ ਇਹ ਰੁਝਾਨ ਹੋਰ ਵੱਧ ਹੈ। ਸੋਸ਼ਲ ਮੀਡੀਆ ਦੀ ਵਰਤੋਂ ਆਪਣੇ ਆਪ ਵਿੱਚ ਸਮੱਸਿਆ ਨਹੀਂ, ਪਰ ਜਦੋਂ ਇਹ ਹਕੀਕਤੀ ਜੀਵਨ ਦੀ ਥਾਂ ਲੈ ਲੈਂਦੀ ਹੈ ਤਾਂ ਸਮਾਜ ਲਈ ਚਿੰਤਾ ਦਾ ਵਿਸ਼ਾ ਬਣ ਜਾਂਦੀ ਹੈ।

ਪੰਜਾਬ ਦੇ ਸਾਹਮਣੇ ਅੱਜ ਜਿਹੜੀਆਂ ਚੁਣੌਤੀਆਂ ਹਨ, ਉਹਨਾਂ ਦੇ ਅੰਕੜੇ ਬਹੁਤ ਗੰਭੀਰ ਹਨ। ਕੇਂਦਰੀ ਭੂ-ਜਲ ਬੋਰਡ ਦੇ ਅਨੁਸਾਰ ਪੰਜਾਬ ਦੇ 153 ਵਿੱਚੋਂ 115 ਤੋਂ ਵੱਧ ਬਲਾਕ 'ਓਵਰ ਐਕਸਪਲਾਇਟਡ' ਸ਼੍ਰੇਣੀ ਵਿੱਚ ਆ ਚੁੱਕੇ ਹਨ। ਰਾਜ ਦੇ ਕਈ ਇਲਾਕਿਆਂ ਵਿੱਚ ਭੂ-ਜਲ ਪੱਧਰ ਹਰ ਸਾਲ 50 ਸੈਂਟੀਮੀਟਰ ਤੋਂ ਲੈ ਕੇ ਇੱਕ ਮੀਟਰ ਤੱਕ ਹੇਠਾਂ ਜਾ ਰਿਹਾ ਹੈ। ਖੇਤੀਬਾੜੀ, ਜੋ ਪੰਜਾਬ ਦੀ ਆਰਥਿਕ ਰੀੜ੍ਹ ਦੀ ਹੱਡੀ ਹੈ, ਖੁਦ ਸੰਕਟ ਵਿੱਚ ਹੈ। ਛੋਟੇ ਅਤੇ ਦਰਮਿਆਨੇ ਕਿਸਾਨ ਕਰਜ਼ੇ ਹੇਠ ਦੱਬੇ ਹੋਏ ਹਨ। ਅੱਜ ਪੰਜਾਬ ਦੇ ਕਿਸਾਨਾਂ ਉੱਤੇ ਹਜ਼ਾਰਾਂ ਕਰੋੜ ਰੁਪਏ ਦਾ ਕਰਜ਼ਾ ਹੈ। ਦੂਜੇ ਪਾਸੇ ਬੇਰੁਜ਼ਗਾਰੀ ਦੀ ਦਰ ਵੀ ਚਿੰਤਾਜਨਕ ਹੈ। ਪੀਰੀਆਡਿਕ ਲੇਬਰ ਫੋਰਸ ਸਰਵੇ (ਪੀ.ਐਲ.ਐਫ.ਐਸ.) ਦੇ ਅੰਕੜਿਆਂ ਅਨੁਸਾਰ ਪੰਜਾਬ ਵਿੱਚ ਨੌਜਵਾਨ ਬੇਰੁਜ਼ਗਾਰੀ ਰਾਸ਼ਟਰੀ ਔਸਤ ਦੇ ਨੇੜੇ ਜਾਂ ਕਈ ਵਾਰ ਉਸ ਤੋਂ ਵੱਧ ਰਹੀ ਹੈ। ਉੱਚ ਸਿੱਖਿਆ ਪ੍ਰਾਪਤ ਹਜ਼ਾਰਾਂ ਨੌਜਵਾਨ ਸਰਕਾਰੀ ਨੌਕਰੀਆਂ ਦੀ ਉਡੀਕ ਕਰ ਰਹੇ ਹਨ, ਜਦਕਿ ਉਦਯੋਗਿਕ ਵਿਕਾਸ ਦੀ ਰਫ਼ਤਾਰ ਉਮੀਦਾਂ ਅਨੁਸਾਰ ਨਹੀਂ ਹੈ।

ਅੱਜ ਹੁਣ ਇਸ ਸਭ ਦੇ ਵਿਚਕਾਰ ਪੰਜਾਬ ਵਿੱਚ ਆਈਲੈਟਸ ਅਤੇ ਪਰਵਾਸ ਦਾ ਰੁਝਾਨ ਇੱਕ ਵੱਡੀ ਸਮਾਜਿਕ ਘਟਨਾ ਬਣ ਚੁੱਕਾ ਹੈ। ਅੰਦਾਜ਼ਿਆਂ ਅਨੁਸਾਰ ਹਰ ਸਾਲ ਪੰਜਾਬ ਤੋਂ ਲੱਖਾਂ ਵਿਦਿਆਰਥੀ ਕੈਨੇਡਾ, ਆਸਟ੍ਰੇਲੀਆ, ਬ੍ਰਿਟੇਨ ਅਤੇ ਹੋਰ ਦੇਸ਼ਾਂ ਵਿੱਚ ਸਿੱਖਿਆ ਜਾਂ ਰੁਜ਼ਗਾਰ ਲਈ ਜਾਂਦੇ ਹਨ। ਕਈ ਜ਼ਿਲ੍ਹਿਆਂ ਵਿੱਚ ਆਈਲੈਟਸ ਸੈਂਟਰਾਂ ਦੀ ਗਿਣਤੀ ਸਕੂਲਾਂ ਅਤੇ ਲਾਇਬ੍ਰੇਰੀਆਂ ਨਾਲੋਂ ਵੀ ਵੱਧ ਦਿਖਾਈ ਦਿੰਦੀ ਹੈ। ਇਹ ਰੁਝਾਨ ਦਰਸਾਉਂਦਾ ਹੈ ਕਿ ਪੰਜਾਬ ਦਾ ਨੌਜਵਾਨ ਆਪਣੇ ਭਵਿੱਖ ਨੂੰ ਆਪਣੇ ਸੂਬੇ ਨਾਲੋਂ ਵੱਧ ਵਿਦੇਸ਼ਾਂ ਨਾਲ ਜੋੜ ਕੇ ਦੇਖ ਰਿਹਾ ਹੈ।

(ਬਾਕੀ ਸਫਾ 2 'ਤੇ)










**ਦਰਸ਼ਨ ਸਿੰਘ ਦਰਸ਼ਕ**

ਚੰਡੀਗੜ੍ਹ/ਨਵੀਂ ਦਿੱਲੀ: ਪੰਜਾਬ ਦੇ ਸਾਬਕਾ ਮੁੱਖ ਮੰਤਰੀ ਅਤੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਕੈਪਟਨ ਅਮਰਿੰਦਰ ਸਿੰਘ ਨੇ ਸ਼ਨੀਵਾਰ ਨੂੰ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਭਾਜਪਾ ਦੇ ਸਾਬਕਾ ਕੌਮੀ ਪ੍ਰਧਾਨ, ਜੋ ਕਿ ਕੇਂਦਰ ਵਿੱਚ ਮੰਤਰੀ ਵੀ ਹਨ ਜੇ.ਪੀ. ਨੱਡਾ ਨਾਲ ਮੁਲਾਕਾਤ ਕੀਤੀ। ਇਹ ਮੁਲਾਕਾਤ ਅਜਿਹੇ ਸਮੇਂ ਹੋਈ ਜਦੋਂ ਪੰਜਾਬ ਵਿੱਚ ਭਾਜਪਾ ਦੇ ਨਵੇਂ ਸੂਬਾਈ ਪ੍ਰਧਾਨ ਦੀ ਨਿਯੁਕਤੀ ਤੋਂ ਬਾਅਦ ਕੈਪਟਨ ਨੇ ਨਾਂਹਪੱਖੀ ਟਿੱਪਣੀਆਂ ਕੀਤੀਆਂ ਹਨਅਤੇ ਉਨ੍ਹਾਂ ਦੇ ਕਾਂਗਰਸ ਵਿੱਚ ਵਾਪਸੀ ਦੀਆਂ ਅਟਕਲਾਂ ਦਾ ਬਾਜ਼ਾਰ ਗਰਮ ਹੈ।

ਕੈਪਟਨ ਅਮਰਿੰਦਰ ਸਿੰਘ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਇਸ ਮੁਲਾਕਾਤ ਦੀ ਜਾਣਕਾਰੀ ਦਿੱਤੀ। ਉਨ੍ਹਾਂ ਲਿਖਿਆ, "ਮੈਂ ਨਵੀਂ ਦਿੱਲੀ ਵਿੱਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਮੁਲਾਕਾਤ ਕੀਤੀ ਅਤੇ ਪੰਜਾਬ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਚਰਚਾ ਕੀਤੀ।" ਪਰ ਸੂਤਰਾਂ ਅਨੁਸਾਰ ਇਸ ਮੁਲਾਕਾਤ ਦਾ ਅਸਲ ਏਜੰਡਾ ਕੁਝ ਹੋਰ ਹੀ ਸੀ- ਕੈਪਟਨ ਨੇ ਭਾਜਪਾ ਹਾਈ ਕਮਾਂਡ ਅੱਗੇ ਪਾਰਟੀ ਵਿੱਚ ਆਪਣੀ ਅਣਦੇਖੀ ਅਤੇ ਸੁਣਵਾਈ ਨਾ ਹੋਣ ਦੀ ਗੱਲ ਰੱਖੀ।

84 ਸਾਲਾ ਦੋ ਵਾਰੀ ਮੁੱਖ ਮੰਤਰੀ ਰਹੇ ਕੈਪਟਨ ਅਮਰਿੰਦਰ ਸਿੰਘ ਨੇ 76 ਸਾਲਾ ਢਿੱਲੋਂ ਨੂੰ ਪੰਜਾਬ ਭਾਜਪਾ ਦੀ ਵਾਗਡੋਰ ਸੌਂਪਣ 'ਤੇ ਆਪਣੀ ਨਾਰਾਜ਼ਗੀ ਲੁਕਾਉਣ ਦੀ ਕੋਸ਼ਿਸ਼ ਨਹੀਂ ਕੀਤੀ। ਉਨ੍ਹਾਂ ਸਾਫ਼ ਕਿਹਾ ਕਿ "ਮੈਨੂੰ ਨਹੀਂ ਲੱਗਦਾ ਕਿ ਕੇਵਲ ਉਹ ਕੁਝ ਕਰ ਸਕਦੇ ਹਨ ਜੋ ਭਾਜਪਾ ਚਾਹੁੰਦੀ ਹੈ।"

ਕੈਪਟਨ ਅਮਰਿੰਦਰ ਸਿੰਘ ਨੇ ਕਿਹਾ ਕਿ ਉਨ੍ਹਾਂ ਨੂੰ ਇਸ ਨਿਯੁਕਤੀ ਬਾਰੇ ਸਲਾਹ-ਮਸ਼ਵਰਾ ਨਹੀਂ ਕੀਤਾ ਗਿਆ। ਜਦੋਂ ਢਿੱਲੋਂ ਨੇ ਬੁੱਧਵਾਰ ਨੂੰ ਭਾਜਪਾ ਦੇ ਸੂਬਾਈ ਦਫ਼ਤਰ ਵਿੱਚ ਚਾਰਜ ਸੰਭਾਲਿਆ ਤਾਂ ਕਈ ਸੀਨੀਅਰ ਪਾਰਟੀ ਆਗੂ ਮੌਜੂਦ ਸਨ, ਪਰ ਕੈਪਟਨ ਅਮਰਿੰਦਰ ਸਿੰਘ ਗੈਰ-ਹਾਜ਼ਰ ਸਨ -ਜਿਸ ਨੇ ਪਾਰਟੀ ਨਾਲ ਉਨ੍ਹਾਂ ਦੇ ਸਮੀਕਰਨਾਂ ਬਾਰੇ ਹੋਰ ਅਟਕਲਾਂ ਨੂੰ ਜਨਮ ਦਿੱਤਾ।

ਕੈਪਟਨ ਨੇ ਇਹ ਵੀ ਮਹਿਸੂਸ ਕੀਤਾ ਕਿ ਭਾਜਪਾ ਨੂੰ ਸੁਨੀਲ ਜਾਖੜ, ਜਿਨ੍ਹਾਂ ਦੀ ਥਾਂ ਢਿੱਲੋਂ ਨੇ ਲਈ, ਅਤੇ ਪੰਜਾਬ ਭਾਜਪਾ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਵਰਗੇ ਆਗੂਆਂ ਨੂੰ ਤਰਜੀਹ ਦੇਣੀ ਚਾਹੀਦੀ ਸੀ।

ਕੇਵਲ ਸਿੰਘ ਢਿੱਲੋਂ ਇੱਕ ਸਾਬਕਾ ਕਾਂਗਰਸ ਆਗੂ ਹਨ ਜੋ ਬਰਨਾਲਾ ਹਲਕੇ ਤੋਂ 2012-2017 ਤੱਕ ਵਿਧਾਇਕ ਰਹੇ ਅਤੇ ਜੂਨ 2022 ਵਿੱਚ ਭਾਜਪਾ ਵਿੱਚ ਸ਼ਾਮਲ ਹੋਏ। ਢਿੱਲੋਂ ਨੂੰ ਕੈਪਟਨ ਦੇ ਕਾਂਗਰਸ ਕਾਲ ਦੌਰਾਨ ਸਭ ਤੋਂ ਨੇੜੇ ਦੇ ਸਾਥੀਆਂ ਵਿੱਚੋਂ ਇੱਕ ਮੰਨਿਆ ਜਾਂਦਾ ਸੀ। ਕੈਪਟਨ ਦੇ ਮੁੱਖ ਮੰਤਰੀ ਕਾਲ ਦੌਰਾਨ ਢਿੱਲੋਂ ਕਾਂਗਰਸ ਵਿੱਚ ਅੰਦਰੂਨੀ ਸੱਤਾ-ਸੰਘਰਸ਼ਾਂ ਵਿੱਚ ਕੈਪਟਨ ਦਾ ਜ਼ੋਰਦਾਰ ਸਮਰਥਨ ਕਰਦੇ ਸਨ। ਇਸ ਲਈ ਕੈਪਟਨ ਵੱਲੋਂ ਆਪਣੇ ਪੁਰਾਣੇ ਸਾਥੀ ਦੀ ਨਿਯੁਕਤੀ ਤੋਂ ਖ਼ੁਦ ਨੂੰ ਵੱਖ ਕਰਨਾ ਸਿਆਸੀ ਚੱਕਰਾਂ ਲਈ ਬੇਹੱਦ ਮਹੱਤਵਪੂਰਨ ਸੰਕੇਤ ਹੈ।

ਇੱਕ ਹੋਰ ਦਿਲਚਸਪ ਤੱਥ ਇਹ ਹੈ ਕਿ ਢਿੱਲੋਂ, ਅਮਰਿੰਦਰ ਸਿੰਘ ਅਤੇ ਜਾਖੜ-ਭਾਜਪਾ ਦੇ ਪੰਜਾਬ ਵਿੱਚ ਤਿੰਨੇ ਸਭ ਤੋਂ ਪਛਾਣੇ ਜਾਂਦੇ ਚਿਹਰੇ - ਸਾਰੇ ਕਾਂਗਰਸ ਵਿੱਚੋਂ ਆਏ ਹਨ। ਕਾਂਗਰਸ ਦੇ ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਤਿੱਖਾ ਵਾਰ ਕਰਦਿਆਂ ਕਿਹਾ ਕਿ ਭਾਜਪਾ ਨੇ "ਲਗਾਤਾਰ ਦੂਜੀ ਵਾਰ" ਸੂਬਾ ਪ੍ਰਧਾਨ ਦਾ ਅਹੁਦਾ ਬਾਹਰੋਂ ਆਏ ਆਗੂ ਨੂੰ ਦਿੱਤਾ ਹੈ।

ਇਸ ਸਾਰੀ ਸਿਆਸੀ ਸਰਗਰਮੀ ਦੌਰਾਨ ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਅਤੇ ਕਾਂਗਰਸੀ ਆਗੂ ਭੁਪਿੰਦਰ ਸਿੰਘ ਹੁੱਡਾ ਨੇ ਕਿਹਾ, "ਕੈਪਟਨ ਅਮਰਿੰਦਰ ਸਿੰਘ ਕਾਂਗਰਸ ਦੇ ਸੀਨੀਅਰ ਆਗੂ ਸਨ ਅਤੇ ਪਾਰਟੀ ਦੇ ਵੱਡੇ ਨੇਤਾ ਰਹੇ ਹਨ। ਉਹ ਸਾਡੇ ਨਾਲ ਸੰਪਰਕ ਵਿੱਚ ਹਨ ਅਤੇ ਸਾਡੇ ਨਾਲ ਗੱਲ ਕਰ ਸਕਦੇ ਹਨ।"

ਹੁੱਡਾ, ਜੋ ਕੈਪਟਨ ਅਮਰਿੰਦਰ ਸਿੰਘ ਨਾਲ ਚੰਗੇ ਨਿੱਜੀ ਸਬੰਧ ਰੱਖਦੇ ਹਨ, ਜਦੋਂ ਪੱਤਰਕਾਰਾਂ ਨੇ ਕੈਪਟਨ ਦੀ ਕਾਂਗਰਸ ਵਾਪਸੀ ਦੀ ਸੰਭਾਵਨਾ ਬਾਰੇ ਪੁੱਛਿਆ ਤਾਂ ਉਨ੍ਹਾਂ ਕਿਹਾ, "ਮੈਂ ਨਹੀਂ ਕਹਿ ਸਕਦਾ, ਤੁਹਾਨੂੰ ਉਨ੍ਹਾਂ ਤੋਂ ਹੀ ਪੁੱਛਣਾ ਪਵੇਗਾ।" ਨਾਲ ਹੀ ਇਹ ਵੀ ਸਾਹਮਣੇ ਆਇਆ ਕਿ ਕੈਪਟਨ ਨੂੰ ਇਸ ਗੱਲ ਦਾ ਗਿਲਾ ਹੈ ਕਿ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਕੁਝ ਮਹੀਨੇ ਪਹਿਲਾਂ ਅਜਿਹੇ ਮਹੱਤਵਪੂਰਨ ਅਹੁਦੇ ਲਈ ਉਨ੍ਹਾਂ ਨਾਲ ਕੋਈ ਸਲਾਹ-ਮਸ਼ਵਰਾ ਨਹੀਂ ਕੀਤਾ ਗਿਆ।

ਭਾਜਪਾ ਦੇ ਸੀਨੀਅਰ ਬੁਲਾਰੇ ਪ੍ਰਿਤਪਾਲ ਸਿੰਘ ਬਲੀਆਵਾਲ ਨੇ ਸ਼ੁੱਕਰਵਾਰ ਨੂੰ ਉਹ ਅਫ਼ਵਾਹਾਂ ਨੂੰ ਸਿਰੇ ਤੋਂ ਨਕਾਰ ਦਿੱਤਾ ਕਿ ਕੈਪਟਨ ਅਮਰਿੰਦਰ ਸਿੰਘ ਪਾਰਟੀ ਛੱਡ ਕੇ ਕਾਂਗਰਸ ਵਿੱਚ ਵਾਪਸ ਜਾ ਸਕਦੇ ਹਨ। ਪਰ ਸਿਆਸੀ ਮਾਹਿਰਾਂ ਦਾ ਮੰਨਣਾ ਹੈ ਕਿ ਜਿਸ ਤਰ੍ਹਾਂ ਕੈਪਟਨ ਨੇ ਨਾਰਾਜ਼ਗੀ ਜ਼ਾਹਰ ਕੀਤੀ ਹੈ, ਉਸ ਤੋਂ ਜ਼ਾਹਰ ਹੈ ਕਿ ਉਹ ਭਾਜਪਾ ਹਾਈ ਕਮਾਂਡ 'ਤੇ ਦਬਾਅ ਬਣਾਉਣ ਲਈ ਹਰ ਸਿਆਸੀ ਪੱਤੇ ਦੀ ਵਰਤੋਂ ਕਰ ਰਹੇ ਹਨ। ਕੈਪਟਨ ਅਮਰਿੰਦਰ ਸਿੰਘ ਨੇ ਸਤੰਬਰ 2021 ਵਿੱਚ ਕਾਂਗਰਸ ਦੀ ਅੰਦਰੂਨੀ ਕਲੇਸ਼ ਅਤੇ ਨਵਜੋਤ ਸਿੰਘ ਸਿੱਧੂ ਨਾਲ ਵੱਧਦੇ ਤਣਾਅ ਕਾਰਨ ਪੰਜਾਬ ਦੇ ਮੁੱਖ ਮੰਤਰੀ ਅਹੁਦੇ ਤੋਂ ਅਸਤੀਫ਼ਾ ਦਿੱਤਾ ਸੀ।

ਨਵੰਬਰ 2021 ਵਿੱਚ ਉਨ੍ਹਾਂ ਨੇ ਕਾਂਗਰਸ ਤੋਂ ਅਲਵਿਦਾ ਕਹਿ ਦਿੱਤੀ, ਇਹ ਕਹਿੰਦੇ ਹੋਏ ਕਿ ਪਾਰਟੀ ਵਿੱਚ ਉਨ੍ਹਾਂ ਨੂੰ ਹਾਸ਼ੀਏ 'ਤੇ ਧੱਕਣ ਦੀਆਂ ਕੋਸ਼ਿਸ਼ਾਂ ਕੀਤੀਆਂ ਗਈਆਂ। ਉਨ੍ਹਾਂ ਨੇ ਆਪਣੀ ਪਾਰਟੀ 'ਪੰਜਾਬ ਲੋਕ ਕਾਂਗਰਸ' ਬਣਾਈ ਅਤੇ 2022 ਵਿੱਚ ਭਾਜਪਾ ਵਿੱਚ ਅਭੇਦ ਕਰ ਦਿੱਤੀ। ਪਰ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਉਨ੍ਹਾਂ ਦੀ ਪਾਰਟੀ ਨੇ ਇੱਕ ਵੀ ਸੀਟ ਨਹੀਂ ਜਿੱਤੀ ਅਤੇ ਕੈਪਟਨ ਖੁਦ ਵੀ ਆਪਣੀ ਪਟਿਆਲਾ ਅਰਬਨ ਸੀਟ ਤੋਂ ਹਾਰ ਗਏ।

ਭਾਜਪਾ ਵਿੱਚ ਸ਼ਾਮਲ ਹੋਣ ਤੋਂ ਬਾਅਦ ਕੈਪਟਨ ਨੇ ਆਪਣੇ ਆਪ ਨੂੰ ਘੱਟ ਸਰਗਰਮ ਹੀ ਰੱਖਿਆ। ਹਾਲਾਂਕਿ ਉਹ ਪੰਜਾਬ ਦੇ ਸਭ ਤੋਂ ਪਛਾਣੇ ਜਾਂਦੇ ਸਿਆਸੀ ਚਿਹਰਿਆਂ ਵਿੱਚੋਂ ਇੱਕ ਹਨ, ਪਰ ਭਾਜਪਾ ਦੀ ਜਥੇਬੰਦਕ ਢਾਂਚੇ ਵਿੱਚ ਉਨ੍ਹਾਂ ਦਾ ਘੱਟ ਪ੍ਰਭਾਵ ਕਿਆਸ-ਅਰਾਈਆਂ ਦਾ ਵਿਸ਼ਾ ਬਣਦਾ ਜਾ ਰਿਹਾ ਹੈ।

ਭਾਜਪਾ ਅਜੇ ਵੀ ਪੰਜਾਬ ਦੇ ਸਿਆਸੀ ਤੌਰ 'ਤੇ ਅਹਿਮ ਪੇਂਡੂ ਖੇਤਰਾਂ ਵਿੱਚ ਜ਼ਮੀਨੀ ਜਥੇਬੰਦੀ ਦੇ ਪੱਖੋਂ ਕਮਜ਼ੋਰ ਹੈ। ਪਾਰਟੀ ਕੋਲ ਅਜੇ ਤੱਕ ਕੋਈ ਪ੍ਰਮੁੱਖ ਅਨੁਸੂਚਿਤ ਜਾਤੀ ਚਿਹਰਾ ਅਤੇ ਕਿਸਾਨਾਂ ਦਾ ਕੋਈ ਪ੍ਰਭਾਵਸ਼ਾਲੀ ਨੇਤਾ ਨਹੀਂ ਹੈ -ਜੋ ਪੰਜਾਬ ਦੀ ਸਿਆਸਤ ਵਿੱਚ ਫ਼ੈਸਲਾਕੁੰਨ ਭੂਮਿਕਾ ਨਿਭਾਉਂਦੇ ਹਨ।

ਨਵੇਂ ਭਾਜਪਾ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਅਹੁਦਾ ਸੰਭਾਲਦਿਆਂ ਐਲਾਨ ਕੀਤਾ ਕਿ ਪਾਰਟੀ 2027 ਵਿੱਚ ਪੰਜਾਬ ਵਿੱਚ ਸਰਕਾਰ ਬਣਾਉਣ ਲਈ ਮਹਾਰਾਜਾ ਰਣਜੀਤ ਸਿੰਘ ਦੇ ਸ਼ਾਸਨ ਮਾਡਲ ਤੋਂ ਪ੍ਰੇਰਨਾ ਲੈ ਕੇ ਕੰਮ ਕਰੇਗੀ, ਜਿੱਥੇ ਸਾਰੇ ਭਾਈਚਾਰਿਆਂ ਨਾਲ ਬਰਾਬਰੀ ਦਾ ਵਰਤਾਅ ਕੀਤਾ ਜਾਂਦਾ ਸੀ।

ਪਰ ਜ਼ਮੀਨੀ ਹਕੀਕਤ ਇਹ ਹੈ ਕਿ 2027 ਦੀਆਂ ਚੋਣਾਂ ਤੋਂ ਪਹਿਲਾਂ ਭਾਜਪਾ ਲਈ ਪੰਜਾਬ ਇੱਕ ਔਖੀ ਪਰੀਖਿਆ ਹੋਵੇਗੀ। ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਦੇ ਮੁਕਾਬਲੇ ਭਾਜਪਾ ਨੂੰ ਆਪਣੀ ਜ਼ਮੀਨੀ ਤਾਕਤ ਸਾਬਤ ਕਰਨੀ ਪਵੇਗੀ। ਅਜਿਹੇ ਹਾਲਾਤ ਵਿੱਚ ਕੈਪਟਨ ਵਰਗੇ ਤਜ਼ਰਬੇਕਾਰ ਆਗੂ ਦਾ ਨਾਰਾਜ਼ ਹੋਣਾ ਪਾਰਟੀ ਲਈ ਵਧੀਆ ਸੰਕੇਤ ਨਹੀਂ।

ਇਸ ਮੁਲਾਕਾਤ ਨੂੰ ਕਈ ਕੋਣਾਂ ਤੋਂ ਸਮਝਿਆ ਜਾ ਸਕਦਾ ਹੈ। ਪਹਿਲਾ -ਕੈਪਟਨ ਇਹ ਸੁਨੇਹਾ ਦੇਣਾ ਚਾਹੁੰਦੇ ਹਨ ਕਿ ਉਹ ਅਜੇ ਵੀ ਕੌਮੀ ਨੇਤਾਵਾਂ ਤੱਕ ਸਿੱਧੀ ਪਹੁੰਚ ਰੱਖਦੇ ਹਨ ਅਤੇ ਉਨ੍ਹਾਂ ਦੀ ਸੁਣਵਾਈ ਹੁੰਦੀ ਹੈ। ਦੂਜਾ - ਉਹ ਭਾਜਪਾ ਹਾਈ ਕਮਾਂਡ 'ਤੇ ਦਬਾਅ ਬਣਾਉਣਾ ਚਾਹੁੰਦੇ ਹਨ ਤਾਂ ਜੋ ਭਵਿੱਖ ਵਿੱਚ ਉਨ੍ਹਾਂ ਨੂੰ ਨਜ਼ਰਅੰਦਾਜ਼ ਨਾ ਕੀਤਾ ਜਾਵੇ। ਤੀਜਾ - ਕਾਂਗਰਸ ਨਾਲ ਚੱਲ ਰਹੀਆਂ ਅਟਕਲਾਂ ਦੀ ਵਰਤੋਂ ਭਾਜਪਾ ਨੂੰ ਆਪਣੀ ਅਹਿਮੀਅਤ ਦੱਸਣ ਲਈ ਕੀਤੀ ਜਾ ਰਹੀ ਹੈ।

ਕੈਪਟਨ ਅਮਰਿੰਦਰ ਸਿੰਘ ਦੀ ਸਿਆਸੀ ਜ਼ਿੰਦਗੀ ਦਾ ਇਤਿਹਾਸ ਦੱਸਦਾ ਹੈ ਕਿ ਉਹ ਕਦੇ ਵੀ ਹਾਸ਼ੀਏ 'ਤੇ ਰਹਿਣ ਨੂੰ ਕਬੂਲ ਨਹੀਂ ਕਰਦੇ। ਕਾਂਗਰਸ ਵਿੱਚ ਵੀ ਉਹ ਸਿੱਧੂ ਨਾਲ ਟੱਕਰ ਲੈਂਦੇ-ਲੈਂਦੇ ਕੁਰਸੀ ਛੱਡ ਗਏ। ਹੁਣ ਭਾਜਪਾ ਵਿੱਚ ਵੀ ਜੇ ਉਨ੍ਹਾਂ ਦੀ "ਸੁਣਵਾਈ ਨਹੀਂ" ਹੋ ਰਹੀ ਤਾਂ ਅਗਲਾ ਕਦਮ ਕੀ ਹੋਵੇਗਾ, ਇਹ ਸੋਚਣਾ ਬਣਦਾ ਹੈ।

ਫਿਲਹਾਲ ਦਿੱਲੀ ਦੀ ਮੁਲਾਕਾਤ ਦੇ ਨਤੀਜੇ ਕੀ ਨਿਕਲਦੇ ਹਨ, ਇਹ ਆਉਣ ਵਾਲੇ ਦਿਨਾਂ ਵਿੱਚ ਪਤਾ ਲੱਗੇਗਾ। ਪਰ ਇੱਕ ਗੱਲ ਸਾਫ਼ ਹੈ- ਪੰਜਾਬ ਦੀ ਸਿਆਸਤ ਵਿੱਚ 2027 ਦੀਆਂ ਚੋਣਾਂ ਤੋਂ ਪਹਿਲਾਂ ਦੀ ਖੇਡ ਸ਼ੁਰੂ ਹੋ ਚੁੱਕੀ ਹੈ ਅਤੇ ਕੈਪਟਨ ਅਮਰਿੰਦਰ ਸਿੰਘ ਇਸ ਖੇਡ ਵਿੱਚ ਅਹਿਮ ਭੂਮਿਕਾ ਦੇ ਦਾਅਵੇਦਾਰ ਹਨ।

# "ਤੀਸਰੇ ਘੱਲੂਘਾਰੇ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਮੌਕੇ ਦਮਦਮੀ ਟਕਸਾਲ ਵਿਖੇ ਵਿਸ਼ਾਲ ਪੰਥਕ ਇਕੱਠ, ਸ਼ਹੀਦਾਂ ਨੂੰ ਭਾਵਭਿੰਨੀ ਸ਼ਰਧਾਂਜਲੀ" ਭੇਟ

**» ਸੰਤ ਭਿੰਡਰਾਂਵਾਲਿਆਂ ਦੀ ਸ਼ਹਾਦਤ ਤੇ ਵਿਰਾਸਤ ਨੂੰ ਸਮਰਪਿਤ ਵਿਸ਼ਾਲ ਸਮਾਗਮ ਦੌਰਾਨ ਬੰਦੀ ਸਿੰਘਾਂ ਦੀ ਰਿਹਾਈ ਦੀ ਉੱਠੀ ਮੰਗ**

**» ਸ਼ਹੀਦਾਂ ਦੀ ਕੁਰਬਾਨੀ ਕੌਮ ਦੀ ਅਮੁੱਲੀ ਧਰੋਹਰ : ਗਿ. ਹਰਨਾਮ ਸਿੰਘ ਖ਼ਾਲਸਾ**



ਚੌਂਕ ਮਹਿਤਾ, 6 ਜੂਨ (ਬਲਜਿੰਦਰ ਸਿੰਘ ਰੰਧਾਵਾ): ਜੂਨ 1984 ਦੇ ਤੀਸਰੇ ਘੱਲੂਘਾਰੇ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਅੱਜ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੀ ਰਹਿਨੁਮਾਈ ਹੇਠ ਟਕਸਾਲ ਦੇ ਕੇਂਦਰੀ ਅਸਥਾਨ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਮਹਿਤਾ ਵਿਖੇ ਮਨਾਈ ਗਈ। ਇਸ ਮੌਕੇ ਲਾਮਿਸਾਲ ਇਕੱਤਰਤਾ ਰਾਹੀਂ ਸ਼ਹੀਦਾਂ ਨੂੰ ਸਿੱਜਦਾ ਕੀਤਾ ਗਿਆ।ਅੰਤਰਰਾਸ਼ਟਰੀ ਪੱਧਰ 'ਤੇ ਹੋਏ ਇਸ ਸਮਾਗਮ ਦੌਰਾਨ ਵਿਸ਼ਾਲ ਪੰਥਕ ਇਕੱਠ ਕੀਤਾ ਗਿਆ, ਜਿਸ ਵਿੱਚ ਸੰਤ ਸਮਾਜ ਦੇ ਸੰਤ-ਮਹਾਂਪੁਰਸ਼ਾਂ, ਦਿੱਲੀ ਕਮੇਟੀ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨਾਂ ਤੇ ਮੈਂਬਰਾਂ, ਨਿਹੰਗ ਸਿੰਘ ਜਥੇਬੰਦੀਆਂ ਤੇ ਹੋਰ ਸੰਪਰਦਾਵਾਂ ਦੇ ਮੁਖੀਆਂ ਤੋਂ ਇਲਾਵਾ ਬਹੁਤ ਸਾਰੀਆਂ ਧਾਰਮਿਕ, ਸਮਾਜਿਕ ਤੇ ਰਾਜਨੀਤਿਕ ਸ਼ਖ਼ਸੀਅਤਾਂ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਇਸ ਮੌਕੇ ਆਪਣੇ ਸ਼ਹੀਦਾਂ ਦੇ ਸਤਿਕਾਰ 'ਚ ਆਪ ਮੁਹਾਰੇ ਵਹੀਰਾਂ ਘੱਤ ਕੇ ਲੱਖਾਂ ਦੀ ਗਿਣਤੀ ਵਿੱਚ ਦਮਦਮੀ ਟਕਸਾਲ ਪੁੱਜੀਆਂ ਸੰਗਤਾਂ ਨੇ ਇਸ ਗੱਲ ਦੀ ਪ੍ਰੋੜ੍ਹਤਾ ਕੀਤੀ ਕਿ ਦਮਦਮੀ ਟਕਸਾਲ ਜਥਾ ਭਿੰਡਰਾਂ ਨੇ ਆਪਣੀ ਰਹਿਤ ਮਰਯਾਦਾ ਅਤੇ ਸਿਧਾਂਤਾਂ ਨੂੰ ਇੰਨ-ਬਿੰਨ ਕਾਇਮ ਰੱਖਿਆ ਹੈ ਤੇ ਆਪਣੇ ਅਸੂਲਾਂ 'ਤੇ ਚੱਲਦਿਆਂ ਹਮੇਸ਼ਾਂ ਆਪਣੀ ਉੱਚੀ ਤੇ ਸੱਚੀ-ਸੁੱਚੀ ਸੋਚ 'ਤੇ ਡੱਟ ਕੇ ਪਹਿਰਾ ਦਿੱਤਾ ਹੈ।ਇਸ ਮੌਕੇ ਸੰਤ ਭਿੰਡਰਾਂਵਾਲਿਆਂ ਦੇ ਸਪੁੱਤਰ ਭਾਈ ਈਸ਼ਰ ਸਿੰਘ ਤੋਂ ਇਲਾਵਾ ਸ਼ਹੀਦ ਸਿੰਘਾਂ ਦੇ ਪਰਿਵਾਰਾਂ ਅਤੇ ਬੰਦੀ ਸਿੰਘਾਂ ਤੇ ਉਨ੍ਹਾਂ ਦੇ ਪਰਿਵਾਰਾਂ ਦਾ ਸਨਮਾਨ ਕੀਤਾ ਗਿਆ। ਇਸ ਵਾਰ ਵਿਸ਼ੇਸ਼ 'ਸੇਵਾ ਰਤਨ ਸਨਮਾਨ' ਸੰਤ ਬਾਬਾ ਰਾਮ ਸਿੰਘ ਰਿਸ਼ੀਕੇਸ਼ ਨੂੰ ਦਿੱਤਾ ਗਿਆ।ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਗੁਰੂ ਕਾਲ ਤੋਂ ਬਾਅਦ ਜੇ ਕਿਸੇ ਮਹਾਨ ਸਿੱਖ ਸ਼ਖ਼ਸੀਅਤ ਨੂੰ ਸਭ ਤੋਂ ਵੱਧ ਸਤਿਕਾਰ ਤੇ ਸਨਮਾਨ ਪ੍ਰਾਪਤ ਹੋਇਆ ਹੈ, ਤਾਂ ਉਹ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੇ ਹਿੱਸੇ ਆਇਆ ਹੈ। ਉਨ੍ਹਾਂ ਕਿਹਾ ਕਿ ਸੰਤ ਭਿੰਡਰਾਂਵਾਲਿਆਂ ਵਰਗੇ ਸੂਰਬੀਰ ਯੋਧੇ, ਪਰਉਪਕਾਰੀ ਤੇ ਗੁਰਸਿੱਖ ਵਿਰਲੇ ਹੀ ਹੁੰਦੇ ਹਨ, ਜਿਨ੍ਹਾਂ ਨੂੰ ਗੁਰੂ ਮਹਾਰਾਜ ਵੱਲੋਂ ਵਿਸ਼ੇਸ਼ ਬਖ਼ਸ਼ਿਸ਼ਾਂ ਅਤੇ ਗੁਣਾਂ ਨਾਲ ਨਿਵਾਜਿਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਜੂਨ 1984 ਵਿੱਚ ਸਿੱਖ ਕੌਮ ਦੀ ਅਣਖ ਨੂੰ ਮਲੀਆਮੇਟ ਕਰਨ ਲਈ ਬੜੀ ਸੋਚੀ-ਸਮਝੀ ਸਾਜ਼ਿਸ਼ ਤਹਿਤ ਤਤਕਾਲੀ ਇੰਦਰਾ ਗਾਂਧੀ ਦੀ ਕਾਂਗਰਸ ਹਕੂਮਤ ਵੱਲੋਂ ਸ੍ਰੀ ਦਰਬਾਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਹੋਰ 37 ਗੁਰਦੁਆਰਿਆਂ ਉੱਤੇ ਹਮਲਾ ਕੀਤਾ ਗਿਆ ਸੀ। ਇਸ ਦੌਰਾਨ ਆਪਣੇ ਗੁਰਧਾਮਾਂ ਦੀ ਰੱਖਿਆ ਕਰਦਿਆਂ ਦਮਦਮੀ ਟਕਸਾਲ ਦੇ ਸੂਰਬੀਰ ਯੋਧਿਆਂ ਨੇ ਡੱਟ ਕੇ ਜਬਰ ਤੇ ਜ਼ੁਲਮ ਦਾ ਸਾਹਮਣਾ ਕੀਤਾ ਅਤੇ ਸਰਕਾਰੀ ਹੁਕਮਾਂ ਅੱਗੇ ਝੁਕਣ ਦੀ ਬਜਾਏ ਹੱਸਦਿਆਂ ਸ਼ਹਾਦਤਾਂ ਦਾ ਜਾਮ ਪੀਤਾ। ਇਸ ਫ਼ੌਜੀ ਹਮਲੇ ਦੌਰਾਨ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਮਨਾਉਣ ਆਈਆਂ ਸੈਂਕੜੇ ਬੇਕਸੂਰ ਸੰਗਤਾਂ ਵੀ ਇਸ ਸਰਕਾਰੀ ਤਸ਼ੱਦਦ ਦਾ ਸ਼ਿਕਾਰ ਹੋਈਆਂ।ਉਨ੍ਹਾਂ ਕਿਹਾ ਕਿ ਸੰਤ ਭਿੰਡਰਾਂਵਾਲਿਆਂ ਨੇ ਉਸ ਸਮੇਂ ਸਿੱਖ ਨੌਜਵਾਨਾਂ ਨੂੰ ਗੁਰਸਿੱਖੀ ਵੱਲ ਪ੍ਰੇਰਿਤ ਕੀਤਾ, ਜਦੋਂ ਸਿੱਖੀ ਤੋਂ ਦੂਰ ਜਾਣ ਦਾ ਰੁਝਾਨ ਵਧ ਰਿਹਾ ਸੀ। ਉਨ੍ਹਾਂ ਨੇ ਸਿੱਖ ਕੌਮ ਦੇ ਰੁਖ਼ ਨੂੰ ਮੁੜ ਗੁਰਸਿੱਖੀ, ਗੁਰਬਾਣੀ ਤੇ ਪੰਥਕ ਚੇਤਨਾ ਵੱਲ ਮੋੜਨ ਵਿੱਚ ਅਹਿਮ ਭੂਮਿਕਾ ਨਿਭਾਈ।ਇਸ ਮੌਕੇ ਉਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਬੇਅਦਬੀ ਤੇ ਬੇਹੁਰਮਤੀ ਦਾ ਬਦਲਾ ਲੈਣ ਵਾਲੇ ਭਾਈ ਕੇਹਰ ਸਿੰਘ ਜੀ, ਭਾਈ ਬੇਅੰਤ ਸਿੰਘ ਜੀ ਤੇ ਭਾਈ ਸਤਵੰਤ ਸਿੰਘ ਜੀ ਨੂੰ ਵੀ ਸ਼ਰਧਾਂਜਲੀ ਭੇਟ ਕੀਤੀ ਅਤੇ ਕੌਮ ਪ੍ਰਤੀ ਉਨ੍ਹਾਂ ਦੀਆਂ ਕੁਰਬਾਨੀਆਂ ਨੂੰ ਯਾਦ ਕੀਤਾ।

ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਕੇਂਦਰ ਸਰਕਾਰ ਤੋਂ ਬੰਦੀ ਸਿੰਘਾਂ ਦੀ ਤੁਰੰਤ ਰਿਹਾਈ ਦੀ ਮੰਗ ਕਰਦਿਆਂ ਕਿਹਾ ਕਿ ਪੰਜਾਬ ਨਾਲ ਸਬੰਧਿਤ ਲੰਬੇ ਸਮੇਂ ਤੋਂ ਲਟਕਦੇ ਮਸਲਿਆਂ ਦੇ ਹੱਲ ਲਈ ਵੀ ਠੋਸ ਅਤੇ ਗੰਭੀਰ ਕਦਮ ਚੁੱਕੇ ਜਾਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਇਨਸਾਫ਼, ਸੰਵਾਦ ਤੇ ਸੰਵਿਧਾਨਕ ਹੱਕਾਂ ਦੇ ਸਤਿਕਾਰ ਰਾਹੀਂ ਹੀ ਪੰਜਾਬ ਅਤੇ ਦੇਸ਼ ਦੀ ਏਕਤਾ ਅਤੇ ਸ਼ਾਂਤੀ ਨੂੰ ਹੋਰ ਮਜ਼ਬੂਤ ਕੀਤਾ ਜਾ ਸਕਦਾ ਹੈ।ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਜੀ ਅਤੇ ਸਿੰਘ ਸਾਹਿਬ ਭਾਈ ਪਿੰਦਰਪਾਲ ਸਿੰਘ ਜੀ, ਗ੍ਰੰਥੀ ਸ੍ਰੀ ਦਰਬਾਰ ਸਾਹਿਬ, ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਤੀਸਰੇ ਘੱਲੂਘਾਰੇ ਦੌਰਾਨ ਦਮਦਮੀ ਟਕਸਾਲ ਦੇ ਸਿੰਘਾਂ ਨੇ ਗੁਰਧਾਮਾਂ ਦੀ ਰੱਖਿਆ ਖ਼ਾਤਰ ਚੜ੍ਹ ਕੇ ਆਈ ਭਾਰਤੀ ਫ਼ੌਜ ਦਾ ਟਾਕਰਾ ਕਰਦਿਆਂ ਸ਼ਹੀਦੀਆਂ ਪ੍ਰਾਪਤ ਕੀਤੀਆਂ, ਪਰ ਈਨ ਨਾ ਮੰਨੀ। ਉਨ੍ਹਾਂ ਕਿਹਾ ਕਿ ਇਹ ਮਾਣਮੱਤੀ ਸ਼ਹੀਦੀਆਂ ਦਮਦਮੀ ਟਕਸਾਲ ਦੀ ਵਿਰਾਸਤ ਹਨ ਤੇ ਇਸ ਸੰਸਥਾ ਦਾ ਇਤਿਹਾਸ ਅਜਿਹੀਆਂ ਸ਼ਹੀਦੀਆਂ ਨਾਲ ਭਰਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਇਸ ਜਥੇਬੰਦੀ ਨੇ ਹਮੇਸ਼ਾਂ ਸਾਰਥਕ ਭੂਮਿਕਾ ਨਿਭਾਈ ਹੈ ਤੇ ਸਿਧਾਂਤਾਂ 'ਤੇ ਚੱਲਦਿਆਂ ਬਾਣੀ ਤੇ ਬਾਣੇ ਦਾ ਸਤਿਕਾਰ ਬਰਕਰਾਰ ਰੱਖਦੇ ਹੋਏ 'ਸ਼ਬਦ' ਗੁਰੂ ਦੇ ਪ੍ਰਚਾਰ ਤੇ 'ਪੰਥ' ਦੇ ਪ੍ਰਸਾਰ ਲਈ ਵੱਡੀਆਂ ਸੇਵਾਵਾਂ ਕੀਤੀਆਂ ਹਨ, ਜੋ ਨਿਰੰਤਰ ਜਾਰੀ ਹਨ।ਪਾਵਨ ਤਖ਼ਤ ਸ੍ਰੀ ਹਜ਼ੂਰ ਸਾਹਿਬ, ਨਾਂਦੇੜ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਵੰਤ ਸਿੰਘ ਜੀ ਵੱਲੋਂ ਪਹੁੰਚੇ ਗਿਆਨੀ ਸਰਬਜੀਤ ਸਿੰਘ ਜੀ ਨੇ ਆਪਣੇ ਸੰਬੋਧਨ ਦੌਰਾਨ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਵੱਲੋਂ ਨਾਂਦੇੜ ਸਾਹਿਬ ਦੀ ਪਵਿੱਤਰ ਧਰਤੀ ਉੱਤੇ ਕੀਤੀ ਗਈ ਬੰਦਗੀ ਅਤੇ ਸੇਵਾ ਦਾ ਵਿਸ਼ੇਸ਼ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਪੰਥ ਦੀ ਚੜ੍ਹਦੀ ਕਲਾ ਅਤੇ ਸਿੱਖ ਕੌਮ ਦੀ ਅਣਖ ਦੀ ਰੱਖਿਆ ਲਈ ਸੰਤ ਭਿੰਡਰਾਂਵਾਲਿਆਂ ਅਤੇ ਉਨ੍ਹਾਂ ਦੇ ਸਾਥੀਆਂ ਨੇ ਵੱਡੀਆਂ ਕੁਰਬਾਨੀਆਂ ਅਤੇ ਸ਼ਹਾਦਤਾਂ ਦਿੱਤੀਆਂ। ਉਨ੍ਹਾਂ ਨੇ ਚੜ੍ਹ ਕੇ ਆਈ ਫ਼ੌਜ ਦਾ ਦ੍ਰਿੜ੍ਹਤਾ ਤੇ ਦਲੇਰੀ ਨਾਲ ਮੁਕਾਬਲਾ ਕਰਦਿਆਂ ਮੂੰਹ-ਤੋੜ ਜਵਾਬ ਦਿੱਤਾ। ਗਿਆਨੀ ਸਰਬਜੀਤ ਸਿੰਘ ਜੀ ਨੇ ਕਿਹਾ ਕਿ ਮਹਾਰਾਸ਼ਟਰ ਦੇ ਸਿੱਖ ਭਾਈਚਾਰੇ ਵਿੱਚ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਜੀ ਦੇ ਨਿਰੰਤਰ ਯਤਨਾਂ ਸਦਕਾ ਪੰਥਕ ਚੇਤਨਾ, ਗੁਰਮਤਿ ਪ੍ਰਚਾਰ ਅਤੇ ਸਿੱਖ ਸਰੋਕਾਰਾਂ ਪ੍ਰਤੀ ਵਿਸ਼ੇਸ਼ ਜਾਗਰੂਕਤਾ ਆਈ ਹੈ। ਉਨ੍ਹਾਂ ਦੇ ਯਤਨਾਂ ਨੇ ਸਿੱਖ ਸੰਗਤਾਂ ਨੂੰ ਗੁਰੂ ਘਰ ਅਤੇ ਪੰਥ ਨਾਲ ਹੋਰ ਮਜ਼ਬੂਤੀ ਨਾਲ ਜੋੜਨ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ।ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਟਕਸਾਲ ਅੱਜ ਵੀ ਬਾਣੀ, ਬਾਣੇ ਅਤੇ ਸਿੱਖ ਸਿਧਾਂਤਾਂ ਨਾਲ ਸੰਗਤਾਂ ਨੂੰ ਜੋੜਨ ਦਾ ਮਹਾਨ ਕਾਰਜ ਨਿਰੰਤਰ ਨਿਭਾ ਰਹੀ ਹੈ ਤੇ ਸਿੱਖੀ ਦੀ ਚੜ੍ਹਦੀ ਕਲਾ ਲਈ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਦਮਦਮੀ ਟਕਸਾਲ ਦਾ ਦੇਸ਼-ਵਿਦੇਸ਼ ਵਿੱਚ ਵਿਸ਼ਾਲ ਪ੍ਰਭਾਵ ਹੈ ਅਤੇ ਇਹ ਸੰਸਥਾ ਸਿੱਖ ਧਰਮ ਦੇ ਪ੍ਰਚਾਰ-ਪ੍ਰਸਾਰ ਅਤੇ ਪੰਥਕ ਚੇਤਨਾ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਯੋਗਦਾਨ ਪਾ ਰਹੀ ਹੈ। ਉਨ੍ਹਾਂ ਕਿਹਾ ਕਿ ਸੰਤ ਬਾਬਾ ਹਰਨਾਮ ਸਿੰਘ ਖ਼ਾਲਸਾ ਜੀ ਨੇ ਹਮੇਸ਼ਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸਹਿਯੋਗ ਦਿੱਤਾ ਹੈ ਅਤੇ ਪੰਥਕ ਮਸਲਿਆਂ 'ਤੇ ਅਹਿਮ ਭੂਮਿਕਾ ਨਿਭਾਈ ਹੈ। ਧਾਮੀ ਨੇ ਕੌਮ ਨੂੰ ਇੱਕਜੁੱਟ ਹੋਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਬੰਦੀ ਸਿੰਘਾਂ ਦੀ ਰਿਹਾਈ ਲਈ ਪੁਰਜ਼ੋਰ ਯਤਨਾਂ ਦੀ ਵਕਾਲਤ ਕੀਤੀ।

ਧਾਮੀ ਨੇ ਦਮਦਮੀ ਟਕਸਾਲ ਦੇ ਸ਼ਾਨਾਮੱਤੇ ਇਤਿਹਾਸ 'ਤੇ ਰੌਸ਼ਨੀ ਪਾਉਂਦਿਆਂ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਨੂੰ 'ਪਾਰਸ ਪੁਰਸ਼' ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਸੰਤ ਭਿੰਡਰਾਂਵਾਲਿਆਂ ਨੇ ਆਪਣੀ ਸੰਗਤ ਅਤੇ ਵਿਚਾਰਧਾਰਾ ਨਾਲ ਅਨੇਕਾਂ ਨੌਜਵਾਨਾਂ ਦੀ ਜ਼ਿੰਦਗੀ ਨੂੰ ਬਦਲ ਕੇ ਉਨ੍ਹਾਂ ਨੂੰ ਗੁਰਸਿੱਖੀ ਨਾਲ ਜੋੜਿਆ। ਧਾਮੀ ਨੇ ਕਿਹਾ ਕਿ ਜੂਨ 1984 ਵਿੱਚ ਸ੍ਰੀ ਦਰਬਾਰ ਸਾਹਿਬ ਤੇ ਅਕਾਲ ਤਖ਼ਤ ਸਾਹਿਬ 'ਤੇ ਚੜ੍ਹ ਕੇ ਆਈ ਫ਼ੌਜ ਦਾ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਅਤੇ ਉਨ੍ਹਾਂ ਦੇ ਸਾਥੀਆਂ ਨੇ ਅਦੁੱਤੀ ਦਲੇਰੀ ਅਤੇ ਦ੍ਰਿੜ੍ਹਤਾ ਨਾਲ ਟਾਕਰਾ ਕੀਤਾ ਤੇ ਸ਼ਹਾਦਤ ਪ੍ਰਾਪਤ ਕਰਦਿਆਂ ਬਾਬਾ ਦੀਪ ਸਿੰਘ ਜੀ ਦੀ ਮਹਾਨ ਵਿਰਾਸਤ ਅਤੇ ਰੂਹਾਨੀ ਪਰੰਪਰਾ ਨੂੰ ਕਾਇਮ ਰੱਖਿਆ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੇ ਆਪਣੇ ਸੰਬੋਧਨ ਦੌਰਾਨ ਬੰਦੀ ਸਿੱਖਾਂ ਦੀ ਰਿਹਾਈ ਦੀ ਜ਼ੋਰਦਾਰ ਵਕਾਲਤ ਕੀਤੀ। ਉਨ੍ਹਾਂ ਪੰਜਾਬ ਵਿੱਚ ਹੋ ਰਹੇ ਗੈਰ-ਕਾਨੂੰਨੀ ਧਰਮ ਪਰਿਵਰਤਨ 'ਤੇ ਗੰਭੀਰ ਚਿੰਤਾ ਪ੍ਰਗਟਾਈ। ਉਨ੍ਹਾਂ ਪੰਥਕ ਅਤੇ ਧਾਰਮਿਕ ਕਾਰਜਾਂ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੂੰ ਭਰੋਸਾ ਦਿਵਾਇਆ ਕਿ ਦਿੱਲੀ ਕਮੇਟੀ ਸਿੱਖ ਸਰੋਕਾਰਾਂ ਦੀ ਰੱਖਿਆ ਅਤੇ ਪ੍ਰਚਾਰ ਲਈ ਸ਼੍ਰੋਮਣੀ ਕਮੇਟੀ ਨੂੰ ਹਰ ਸੰਭਵ ਸਹਿਯੋਗ ਦੇਵੇਗੀ। ਇਸ ਦੇ ਨਾਲ ਹੀ ਉਨ੍ਹਾਂ ਧਰਮ ਪ੍ਰਚਾਰ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਇੱਕ ਸਾਂਝੀ ਕਮੇਟੀ ਦੇ ਗਠਨ ਦਾ ਸੁਝਾਅ ਵੀ ਦਿੱਤਾ।ਮਹਾਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਜੀ ਵੱਲੋਂ ਪਹੁੰਚੇ ਗਿਰੀਸ਼ ਮਹਾਜਨ, ਜਲ ਸਰੋਤ ਮੰਤਰੀ, ਮਹਾਰਾਸ਼ਟਰ ਸਰਕਾਰ ਨੇ 6 ਜੂਨ ਨੂੰ ਸਿੱਖ ਇਤਿਹਾਸ ਦਾ ਇੱਕ ਕਾਲਾ ਦਿਨ ਕਰਾਰ ਦਿੱਤਾ ਅਤੇ ਕਿਹਾ ਕਿ ਇਸ ਦਿਨ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਸ੍ਰੀ ਹਰਿਮੰਦਰ ਸਾਹਿਬ ਤੇ ਅਕਾਲ ਤਖ਼ਤ ਸਾਹਿਬ 'ਤੇ ਕੀਤੇ ਗਏ ਫ਼ੌਜੀ ਹਮਲੇ ਦੌਰਾਨ ਹਜ਼ਾਰਾਂ ਬੇਗੁਨਾਹ ਲੋਕਾਂ ਦੀ ਸ਼ਹਾਦਤ ਲਈ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਇਸ ਇਤਿਹਾਸਕ ਗ਼ਲਤੀ ਅਤੇ ਪਾਪ ਦਾ ਹੀ ਨਤੀਜਾ ਹੈ ਕਿ ਕਾਂਗਰਸ ਦਾ ਦੇਸ਼ ਭਰ ਵਿੱਚੋਂ ਲਗਾਤਾਰ ਸਫ਼ਾਇਆ ਹੋ ਰਿਹਾ ਹੈ। ਉਨ੍ਹਾਂ ਮਹਾਰਾਸ਼ਟਰ ਵਿੱਚ ਸਿੱਖ ਭਾਈਚਾਰੇ ਦੀ ਭਲਾਈ, ਧਾਰਮਿਕ ਅਧਿਕਾਰਾਂ ਦੀ ਰੱਖਿਆ ਅਤੇ ਸਮਾਜਿਕ ਵਿਕਾਸ ਲਈ ਰਾਜ ਸਰਕਾਰ ਵੱਲੋਂ ਕੀਤੇ ਜਾ ਰਹੇ ਯਤਨਾਂ ਬਾਰੇ ਵੀ ਚਾਨਣਾ ਪਾਇਆ।

## ਘੱਲੂਘਾਰਾ ਦਿਵਸ ਮੌਕੇ ਦਲ ਖ਼ਾਲਸਾ ਵੱਲੋਂ ਦਿੱਤੀ ਬੰਦ ਦੀ ਕਾਲ ਕਾਰਨ ਗੁਰੂ ਨਗਰੀ ਅੰਮ੍ਰਿਤਸਰ ਬੰਦ, ਚੱਪੇ-ਚੱਪੇ 'ਤੇ ਪੁਲਿਸ ਤਾਇਨਾਤ

ਅੰਮ੍ਰਿਤਸਰ, 6 ਜੂਨ (ਚ.ਨ.ਸ.): ਘੱਲੂਘਾਰਾ ਦਿਵਸ ਮੌਕੇ ਦਲ ਖਾਲਸਾ ਵੱਲੋਂ ਦਿੱਤੀ ਗਈ ਅੰਮ੍ਰਿਤਸਰ ਬੰਦ ਦੀ ਕਾਲ ਦਾ ਸ਼ਹਿਰ ਵਿਚ ਵਿਆਪਕ ਅਸਰ ਵੇਖਣ ਨੂੰ ਮਿਲਿਆ। ਦਲ ਖਾਲਸਾ ਦੇ ਆਗੂਆਂ ਨੇ ਹਾਲ ਗੇਟ ਬਾਜ਼ਾਰ 'ਚ ਮਾਰਚ ਕਰਦੇ ਹੋਏ ਦੁਕਾਨਦਾਰਾਂ ਨੂੰ ਦੁਕਾਨਾਂ ਬੰਦ ਰੱਖਣ ਦੀ ਅਪੀਲ ਕੀਤੀ। ਹਾਲਾਂਕਿ ਇਸ ਦੌਰਾਨ ਬਾਜ਼ਾਰ ਦੀਆਂ ਜ਼ਿਆਦਤਰ ਦੁਕਾਨਾਂ ਪਹਿਲਾਂ ਹੀ ਬੰਦ ਨਜ਼ਰ ਆਈਆਂ। ਮੀਡੀਆ ਨਾਲ ਗੱਲਬਾਤ ਕਰਦਿਆਂ ਦਲ ਖਾਲਸਾ ਦੇ ਆਗੂ ਪਰਮਜੀਤ ਸਿੰਘ ਨੇ ਕਿਹਾ ਕਿ 1984 ਦੇ ਘੱਲੂਘਾਰੇ ਦੇ ਜ਼ਖ਼ਮ ਅੱਜ ਵੀ ਸਿੱਖ ਕੌਮ ਦੇ ਦਿਲਾਂ 'ਚ ਤਾਜ਼ਾ ਹਨ। ਉਨ੍ਹਾਂ ਕਿਹਾ ਕਿ ਸਿੱਖ ਭਾਈਚਾਰੇ ਨੇ ਅਜੇ ਤੱਕ ਉਸ ਘਟਨਾ ਲਈ ਦੋਸ਼ੀਆਂ ਨੂੰ ਮਾਫ਼ ਨਹੀਂ ਕੀਤਾ ਤੇ ਹਰ ਸਾਲ ਦੁਨੀਆ ਭਰ ਵਿਚ ਇਸ ਘਟਨਾ ਨੂੰ ਯਾਦ ਕਰਕੇ ਆਪਣੀ ਪੀੜਾ ਪ੍ਰਗਟ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਦਲ ਖਾਲਸਾ ਹਰ ਸਾਲ 5 ਜੂਨ ਨੂੰ ਮਾਰਚ ਕਰਦਾ ਹੈ ਤੇ 6 ਜੂਨ ਨੂੰ ਬੰਦ ਦੀ ਕਾਲ ਦਿੰਦਾ ਹੈ ਤਾਂ ਜੋ 1984 ਦੇ



ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਜਾ ਸਕੇ। ਪਰਮਜੀਤ ਸਿੰਘ ਨੇ ਕਿਹਾ ਕਿ ਪਿਛਲੇ ਕਈ ਦਿਨਾਂ ਤੋਂ ਵਪਾਰੀਆਂ ਤੇ ਸ਼ਹਿਰ ਵਾਸੀਆਂ ਨਾਲ ਸੰਪਰਕ ਕਰਕੇ ਉਨ੍ਹਾਂ ਨੂੰ ਇਸ ਪੀੜਾ ਵਿਚ ਸਾਂਝੀਵਾਲ ਬਣਨ ਦੀ ਅਪੀਲ ਕੀਤੀ ਗਈ ਸੀ। ਉਨ੍ਹਾਂ ਦੱਸਿਆ ਕਿ ਸ਼ਹਿਰ ਦੇ ਲੋਕਾਂ ਤੇ ਕਾਰੋਬਾਰੀਆਂ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪੂਰਾ ਸਹਿਯੋਗ ਦਿੱਤਾ ਗਿਆ ਹੈ, ਜਿਸ ਲਈ ਉਹ ਉਨ੍ਹਾਂ ਦੇ ਧੰਨਵਾਦੀ ਹਨ। ਉਨ੍ਹਾਂ ਕਿਹਾ ਕਿ ਮੈਡੀਕਲ ਸਟੋਰਾਂ, ਹਸਪਤਾਲਾਂ ਤੇ ਐਮਰਜੈਂਸੀ ਸੇਵਾਵਾਂ ਨੂੰ ਬੰਦ ਤੋਂ ਬਾਹਰ ਰੱਖਿਆ ਗਿਆ ਹੈ ਤਾਂ ਜੋ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਸੰਦੇਸ਼ ਦਾ ਜ਼ਿਕਰ ਕਰਦਿਆਂ ਕਿਹਾ ਕਿ ਜਥੇਦਾਰ ਵੱਲੋਂ ਆਪਣੇ ਸੰਬੋਧਨ 'ਚ ਸ਼ਹੀਦਾਂ ਨੂੰ ਯਾਦ ਕਰਨ ਦੇ ਨਾਲ-ਨਾਲ ਪੰਥ ਸਾਹਮਣੇ ਖੜ੍ਹੀਆਂ ਚੁਣੌਤੀਆਂ ਨੂੰ ਵੀ ਉਜਾਗਰ ਕੀਤਾ ਗਿਆ ਅਤੇ ਸਿੱਖ ਕੌਮ ਨੂੰ ਇਕਜੁੱਟ ਹੋ ਕੇ ਉਨ੍ਹਾਂ ਦਾ ਸਾਹਮਣਾ ਕਰਨ ਦਾ ਸੱਦਾ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਸਮਾਗਮ ਦੌਰਾਨ ਸ਼ਾਂਤੀਪੂਰਨ ਮਾਹੌਲ ਬਣਿਆ ਰਿਹਾ ਤੇ ਕਿਸੇ ਵੀ ਤਰ੍ਹਾਂ ਦਾ ਸ਼ੋਰ-ਸ਼ਰਾਬਾ ਜਾਂ ਨਾਅਰੇਬਾਜ਼ੀ ਨਹੀਂ ਹੋਈ।

ਦੂਜੇ ਪਾਸੇ ਪੁਲਿਸ ਪ੍ਰਸ਼ਾਸਨ ਵੱਲੋਂ ਵੀ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਸਨ। ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿਚ ਵੱਡੀ ਗਿਣਤੀ ਵਿਚ ਪੁਲਸ ਮੁਲਾਜ਼ਮ ਤਾਇਨਾਤ ਕੀਤੇ ਗਏ ਸਨ ਤਾਂ ਜੋ ਕੋਈ ਵੀ ਸ਼ਰਾਰਤੀ ਅਨਸਰ ਮਾਹੌਲ ਨੂੰ ਖਰਾਬ ਨਾ ਕਰ ਸਕੇ। ਉਨ੍ਹਾਂ ਕਿਹਾ ਕਿ ਸ਼ਹਿਰ ਵਿਚ ਲਗਾਤਾਰ ਨਿਗਰਾਨੀ ਰੱਖੀ ਗਈ ਤੇ ਕਾਨੂੰਨ-ਵਿਵਸਥਾ ਨੂੰ ਪੂਰੀ ਤਰ੍ਹਾਂ ਬਣਾਈ ਰੱਖਿਆ ਗਿਆ। ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਦਲ ਖਾਲਸਾ ਵੱਲੋਂ ਦਿੱਤੀ ਗਈ ਬੰਦ ਦੀ ਕਾਲ ਨੂੰ ਧਿਆਨ ਵਿਚ ਰੱਖਦਿਆਂ ਸੁਰੱਖਿਆ ਪ੍ਰਬੰਧ ਪਹਿਲਾਂ ਹੀ ਮਜ਼ਬੂਤ ਕੀਤੇ ਗਏ ਸਨ।

## ਪੰਜਾਬ ਦੇ ਨੌਜਵਾਨਾਂ ਨੂੰ ਮਿਆਰੀ ਤਕਨੀਕੀ ਤੇ ਫਾਰਮਾਸਿਊਟੀਕਲ ਸਿੱਖਿਆ ਪ੍ਰਦਾਨ ਕਰਨ ਲਈ ਮਾਨ ਸਰਕਾਰ ਯੂਨੀਵਰਸਿਟੀਆਂ ਨੂੰ ਬਣਾ ਰਹੀ ਹੈ ਭਵਿੱਖਮੁਖੀ : ਬੈਂਸ

ਚੰਡੀਗੜ੍ਹ, 6 ਜੂਨ (ਚ.ਨ.ਸ.): ਸੂਬੇ ਵਿੱਚ ਤਕਨੀਕੀ ਤੇ ਪੇਸ਼ੇਵਰ ਸਿੱਖਿਆ ਨੂੰ ਹੁਲਾਰਾ ਦੇਣ ਦੇ ਵਿਆਪਕ ਯਤਨ ਤਹਿਤ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਐਲਾਨ ਕੀਤਾ ਕਿ ਸਰਦਾਰ ਬੇਅੰਤ ਸਿੰਘ ਸਟੇਟ ਯੂਨੀਵਰਸਿਟੀ, ਗੁਰਦਾਸਪੁਰ ਵਿੱਚ ਅਕਾਦਮਿਕ ਸੈਸ਼ਨ 2026-27 ਤੋਂ ਪੰਜ ਨਵੇਂ ਉਦਯੋਗ ਤੇ ਹੁਨਰ-ਅਧਾਰਤ ਕੋਰਸ ਸ਼ੁਰੂ ਕੀਤੇ ਜਾ ਰਹੇ ਹਨ। ਬੈਂਸ ਨੇ ਕਿਹਾ ਕਿ ਨਵੇਂ ਕੋਰਸਾਂ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਤੇ ਮਸ਼ੀਨ ਲਰਨਿੰਗ ਵਿੱਚ ਬੀ.ਟੈਕ, ਰੋਬੋਟਿਕਸ ਤੇ ਏਆਈ ਵਿੱਚ ਬੀ.ਟੈਕ, ਬੀ.ਫਾਰਮੇਸੀ, ਬੀ.ਐਸ.ਸੀ. ਐਗਰੀਕਲਚਰ ਤੇ ਐਮ.ਸੀ.ਏ., ਐਮ.ਬੀ.ਏ. ਤੇ ਐਮ.ਐਸ.ਸੀ. ਵਿੱਚ ਪੰਜ ਸਾਲਾ ਇੰਟੀਗ੍ਰੇਟਿਡ ਪ੍ਰੋਗਰਾਮ ਸ਼ਾਮਲ ਹਨ।



ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਹ ਕਦਮ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਉਚੇਰੀ ਸਿੱਖਿਆ ਨੂੰ ਰੋਜ਼ਗਾਰ-ਅਧਾਰਤ ਅਤੇ ਵਿਸ਼ਵ ਪੱਧਰ 'ਤੇ ਮੁਕਾਬਲੇ ਯੋਗ ਬਣਾਉਣ ਦੇ ਵਿਆਪਕ ਦ੍ਰਿਸ਼ਟੀਕੋਣ ਦਾ ਹਿੱਸਾ ਹੈ। ਉਨ੍ਹਾਂ ਅੱਗੇ ਕਿਹਾ "ਥਿਊਰੀ, ਪ੍ਰੀਖਿਆ-ਕੇਂਦ੍ਰਿਤ ਸਿੱਖਿਆ ਦਾ ਪੁਰਾਣਾ ਮਾਡਲ ਵੇਲਾ ਹੰਢਾ ਚੁੱਕਾ ਹੈ, ਜਿਸ ਕਰਕੇ ਅਸੀਂ ਇਸਨੂੰ ਵਿਹਾਰਕ ਸਿਖਲਾਈ, ਪ੍ਰਯੋਗਸ਼ਾਲਾ-ਅਧਾਰਤ ਤੇ ਅਸਲ-ਜ਼ਿੰਦਗੀ ਦੀਆਂ ਸਮੱਸਿਆਵਾਂ ਦੇ ਹੱਲ ਅਨੁਸਾਰ ਢਾਲ ਰਹੇ ਹਾਂ। ਸਰਦਾਰ ਬੇਅੰਤ ਸਿੰਘ ਯੂਨੀਵਰਸਿਟੀ ਹੁਣ ਸਿਰਫ ਡਿਗਰੀ ਧਾਰਕਾਂ ਲਈ ਹੀ ਨਹੀਂ, ਸਗੋਂ ਨਵੀਨ ਵਿਚਾਰਾਂ ਵਾਲੇ ਨੌਜਵਾਨਾਂ ਲਈ ਲਾਂਚਪੈਡ ਬਣੇਗੀ।"

ਸਿੱਖਿਆ ਮੰਤਰੀ ਨੇ ਕਿਹਾ ਕਿ ਹਰ ਵਿਦਿਆਰਥੀ ਨੂੰ ਇੱਕ ਸਮੈਸਟਰ ਦੀ ਮਿਆਦ ਜਿੰਨੀ ਲਾਜ਼ਮੀ ਇੰਟਰਨਸ਼ਿਪ ਅਤੇ ਲਾਈਵ ਪ੍ਰੋਜੈਕਟਾਂ ਵਿੱਚੋਂ ਗੁਜ਼ਰਨਾ ਹੋਵੇਗਾ। ਉਨ੍ਹਾਂ ਕਿਹਾ ਕਿ ਸਾਡਾ ਟੀਚਾ ਇਹ ਯਕੀਨੀ ਬਣਾਉਣਾ ਹੈ ਕਿ ਜਦੋਂ ਕੋਈ ਵਿਦਿਆਰਥੀ ਗ੍ਰੈਜੂਏਟ ਹੁੰਦਾ ਹੈ, ਤਾਂ ਉਹ ਪਹਿਲਾਂ ਹੀ ਉਦਯੋਗ ਲਈ ਤਿਆਰ ਹੋਵੇ। ਉਨ੍ਹਾਂ ਅੱਗੇ ਕਿਹਾ ਕਿ ਇਹ ਸਿਰਫ਼ ਪਾਠਕ੍ਰਮ ਵਿੱਚ ਤਬਦੀਲੀ ਨਹੀਂ, ਸਗੋਂ ਪੰਜਾਬ ਦੇ ਸਿੱਖਣ, ਕਮਾਉਣ ਤੇ ਅੱਗੇ ਵਧਣ ਦੇ ਸਫ਼ਰ ਵਿੱਚ ਇੱਕ ਕ੍ਰਾਂਤੀ ਹੈ।

ਹਰਜੋਤ ਸਿੰਘ ਬੈਂਸ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਪਹਿਲ ਸੂਬੇ 'ਚੋਂ ਹੁਨਰ ਦੀ ਹਿਜਰਤ ਦੇ ਰੁਝਾਨ ਨੂੰ ਉਲਟਾਉਣ ਦੇ ਉਦੇਸ਼ ਨਾਲ ਤਿਆਰ ਕੀਤੀ ਗਈ ਹੈ। ਪੰਜਾਬ ਵਿੱਚ ਮਾਪਿਆਂ ਨੂੰ ਹੁਣ ਗੁਣਵੱਤਾ ਅਧਾਰਤ ਤਕਨੀਕੀ ਜਾਂ ਫਾਰਮਾ ਸਿੱਖਿਆ ਲਈ ਮਜ਼ਬੂਰੀ ਵੱਸ ਆਪਣੇ ਬੱਚਿਆਂ ਨੂੰ ਬਾਹਰ ਭੇਜਣ ਦੀ ਲੋੜ ਨਹੀਂ ਕਿਉਂਕਿ ਮਾਨ ਸਰਕਾਰ ਇੱਥੇ ਹੀ ਭਵਿੱਖ ਲਈ ਤਿਆਰ ਯੂਨੀਵਰਸਿਟੀਆਂ ਬਣਾ ਰਹੀ ਹੈ।

# ਲੁਧਿਆਣਾ ਰੇਲਵੇ ਸਟੇਸ਼ਨ 'ਤੇ ਵੱਡੇ ਧਮਾਕੇ ਤੋਂ ਬਾਅਦ ਮਚੀ ਹਫ਼ੜਾ-ਦਫ਼ੜੀ

ਲੁਧਿਆਣਾ, 6 ਜੂਨ (ਵਿਸ਼ਾਲ ਸ਼ਰਮਾ) : ਸ਼ਨੀਵਾਰ ਸਵੇਰੇ 9 ਵਜੇ ਦੇ ਕਰੀਬ ਲੁਧਿਆਣਾ ਰੇਲਵੇ ਸਟੇਸ਼ਨ 'ਤੇ ਦਹਿਸ਼ਤ ਫੈਲ ਗਈ ਜਦੋਂ ਸਟੇਸ਼ਨ ਦੇ ਵਾਸ਼ਰੂਮ ਖੇਤਰ ਵਿੱਚ ਇੱਕ ਸ਼ਕਤੀਸ਼ਾਲੀ ਧਮਾਕਾ ਹੋਇਆ। ਧਮਾਕਾ ਇੰਨਾ ਜ਼ੋਰਦਾਰ ਸੀ ਕਿ ਸਟੇਸ਼ਨ ਪਰਿਸਰ ਵਿੱਚ ਮੌਜੂਦ ਯਾਤਰੀ ਡਰ ਗਏ ਅਤੇ ਆਪਣੀ ਸੁਰੱਖਿਆ ਲਈ ਚਿੰਤਾਵਾਂ ਪ੍ਰਗਟ ਕੀਤੀਆਂ। ਘਟਨਾ ਦੇ ਸਮੇਂ, ਕਟੜਾ ਸਪੈਸ਼ਲ ਟ੍ਰੇਨ ਸਟੇਸ਼ਨ 'ਤੇ ਖੜ੍ਹੀ ਸੀ, ਅਤੇ ਵੱਡੀ ਗਿਣਤੀ ਵਿੱਚ ਯਾਤਰੀ ਆਪਣੀ ਯਾਤਰਾ ਦੀ ਤਿਆਰੀ ਕਰ ਰਹੇ ਸਨ। ਅਚਾਨਕ ਹੋਏ ਧਮਾਕੇ ਨਾਲ ਸਟੇਸ਼ਨ 'ਤੇ ਭਗਦੜ ਮਚ ਗਈ। ਬਹੁਤ ਸਾਰੇ ਯਾਤਰੀ ਡਰ ਕੇ ਭੱਜ ਗਏ, ਜਦੋਂ ਕਿ ਆਸ-ਪਾਸ ਦੇ ਲੋਕਾਂ ਨੇ ਤੁਰੰਤ ਰੇਲਵੇ ਅਧਿਕਾਰੀਆਂ ਅਤੇ ਸੁਰੱਖਿਆ ਏਜੰਸੀਆਂ ਨੂੰ ਸੂਚਿਤ ਕੀਤਾ। ਦੱਸਿਆ ਜਾ ਰਿਹਾ ਹੈ ਕਿ ਕਟੜਾ ਸਪੈਸ਼ਲ ਟ੍ਰੇਨ ਲੁਧਿਆਣਾ ਰੇਲਵੇ ਸਟੇਸ਼ਨ 'ਤੇ ਹਾਦਸੇ ਦਾ ਸ਼ਿਕਾਰ ਹੋ ਗਈ। ਜਿਵੇਂ ਹੀ ਟ੍ਰੇਨ ਚੱਲਣ ਲੱਗੀ, ਦੋ ਡੱਬਿਆਂ ਨੂੰ ਜੋੜਨ ਵਾਲਾ ਕਪਲਿੰਗ ਟੁੱਟ ਗਿਆ, ਜਿਸ ਕਾਰਨ ਸਲੀਪਰ ਕੋਚ ਵਿੱਚ ਟਾਇਲਟ ਧਮਾਕੇ ਨਾਲ ਢਹਿ ਗਿਆ। ਦੋਵੇਂ ਡੱਬੇ ਵੀ ਵੱਖ ਹੋ ਗਏ। ਧਮਾਕੇ ਦੀ ਆਵਾਜ਼ ਸੁਣ ਕੇ ਯਾਤਰੀਆਂ ਵਿੱਚ



ਦਹਿਸ਼ਤ ਫੈਲ ਗਈ। ਹਾਦਸੇ ਦੇ ਸਮੇਂ, ਟ੍ਰੇਨ ਲੁਧਿਆਣਾ ਤੋਂ ਰਵਾਨਾ ਹੋਣ ਵਾਲੀ ਸੀ। ਨਵੀਂ ਦਿੱਲੀ-ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਸਪੈਸ਼ਲ (04081) ਅੱਜ ਸ਼ਨੀਵਾਰ ਸਵੇਰੇ ਨਵੀਂ ਦਿੱਲੀ ਤੋਂ ਵੈਸ਼ਨੋ ਦੇਵੀ ਜਾ ਰਹੀ ਸੀ।

ਚਸ਼ਮਦੀਦਾਂ ਦੇ ਅਨੁਸਾਰ, ਧਮਾਕੇ ਵਾਲੀ ਥਾਂ 'ਤੇ ਮੌਜੂਦ ਬਹੁਤ ਸਾਰੇ ਲੋਕ ਵਾਲ-ਵਾਲ ਬਚ ਗਏ। ਸ਼ੁਰੂਆਤੀ ਜਾਣਕਾਰੀ ਤੋਂ ਪਤਾ ਚੱਲਦਾ ਹੈ ਕਿ ਕੋਈ ਜ਼ਖਮੀ ਜਾਂ ਵੱਡਾ ਨੁਕਸਾਨ ਨਹੀਂ ਹੋਇਆ ਹੈ। ਹਾਲਾਂਕਿ, ਧਮਾਕੇ ਨੇ ਯਾਤਰੀਆਂ ਅਤੇ ਰੇਲਵੇ ਕਰਮਚਾਰੀਆਂ ਵਿੱਚ ਦਹਿਸ਼ਤ ਪੈਦਾ ਕਰ ਦਿੱਤੀ ਹੈ। ਘਟਨਾ ਦੀ ਜਾਣਕਾਰੀ ਮਿਲਣ 'ਤੇ, ਰੇਲਵੇ ਸੁਰੱਖਿਆ ਬਲ (RPF), ਸਰਕਾਰੀ ਰੇਲਵੇ ਪੁਲਿਸ (GRP) ਅਤੇ ਸਥਾਨਕ ਪੁਲਿਸ ਦੀਆਂ ਟੀਮਾਂ ਮੌਕੇ 'ਤੇ ਪਹੁੰਚੀਆਂ। ਸੁਰੱਖਿਆ ਏਜੰਸੀਆਂ ਨੇ ਪ੍ਰਭਾਵਿਤ ਖੇਤਰ ਨੂੰ ਘੇਰ ਲਿਆ ਹੈ ਅਤੇ ਜਾਂਚ ਸ਼ੁਰੂ ਕਰ ਦਿੱਤੀ ਹੈ। ਸਟੇਸ਼ਨ ਕੰਪਲੈਕਸ 'ਤੇ ਸੁਰੱਖਿਆ ਪ੍ਰਬੰਧ ਵੀ ਵਧਾ ਦਿੱਤੇ ਗਏ ਹਨ। ਜਾਂਚ ਏਜੰਸੀਆਂ ਮੌਕੇ 'ਤੇ ਪਹੁੰਚ ਗਈਆਂ ਸਨ ਫਿਲਹਾਲ, ਪੁਲਿਸ ਅਤੇ ਰੇਲਵੇ ਅਧਿਕਾਰੀ ਧਮਾਕੇ ਦੇ ਕਾਰਨਾਂ ਦੀ ਜਾਂਚ ਕਰ ਰਹੇ ਹਨ। ਉਹ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੇ ਹਨ ਕਿ ਧਮਾਕਾ ਤਕਨੀਕੀ ਨੁਕਸ ਕਾਰਨ ਹੋਇਆ ਸੀ ਜਾਂ ਕਿਸੇ ਹੋਰ ਕਾਰਨ ਕਰਕੇ। ਅਧਿਕਾਰੀਆਂ ਨੇ ਕਿਹਾ ਹੈ ਕਿ ਜਾਂਚ ਪੂਰੀ ਹੋਣ ਤੋਂ ਬਾਅਦ ਹੀ ਸਥਿਤੀ ਸਪੱਸ਼ਟ ਹੋਵੇਗੀ।

## ਅੰਡੇਮਾਨ ਟਾਪੂਆਂ ਨੇੜੇ ਸਮੁੰਦਰ ਵਿੱਚ ਕੁਦਰਤੀ ਗੈਸ ਦੇ ਮਿਲੇ ਨਵੇਂ ਭੰਡਾਰ

ਨਵੀਂ ਦਿੱਲੀ, 6 ਜੂਨ (ਚ.ਨ.ਸ.): ਜਨਤਕ ਖੇਤਰ ਦੀ ਤੇਲ ਖੋਜ ਕੰਪਨੀ ਆਇਲ ਇੰਡੀਆ ਨੇ ਅੰਡੇਮਾਨ ਟਾਪੂਆਂ ਦੇ ਨੇੜੇ ਸਮੁੰਦਰ ਵਿੱਚ ਨਵੇਂ ਕੁਦਰਤੀ ਗੈਸ ਭੰਡਾਰ ਲੱਭੇ ਹਨ। ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਇਹ ਜਾਣਕਾਰੀ ਸਾਂਝੀ ਕਰਦੇ ਹੋਏ, ਪੈਟਰੋਲੀਅਮ ਤੇ ਕੁਦਰਤੀ ਗੈਸ ਮੰਤਰੀ ਹਰਦੀਪ ਸਿੰਘ ਪੁਰੀ ਨੇ ਕਿਹਾ ਕਿ ਤੇਲ ਇੰਡੀਆ ਲਿਮਟਿਡ ਦੁਆਰਾ ਖੋਜ ਦੇ ਉਦੇਸ਼ਾਂ ਲਈ ਖੋਦੇ ਗਏ "ਸ਼੍ਰੀ ਵਿਜੇਪੁਰਮ-3" ਖੂਹ ਵਿੱਚ ਕੁਦਰਤੀ ਗੈਸ ਦੀ ਮੌਜੂਦਗੀ ਦਾ ਪਤਾ ਲੱਗਿਆ ਹੈ।

ਇਹ ਖੂਹ ਅੰਡੇਮਾਨ ਟਾਪੂਆਂ ਦੇ ਪੂਰਬੀ ਤੱਟ ਤੋਂ 15 ਕਿਲੋਮੀਟਰ ਦੂਰ 355 ਮੀਟਰ ਦੀ ਪਾਣੀ ਦੀ ਡੂੰਘਾਈ ਵਾਲੇ ਖੇਤਰ ਵਿੱਚ ਸਥਿਤ ਹੈ। ਉਨ੍ਹਾਂ ਨੇ ਕਿਹਾ ਕਿ ਕਿ ਈਓਸੀਨ ਗਠਨ ਦੇ ਅੰਦਰ 1,900 ਮੀਟਰ ਤੋਂ ਵੱਧ ਦੀ ਡੂੰਘਾਈ 'ਤੇ ਕੀਤੇ ਗਏ ਸ਼ੁਰੂਆਤੀ ਉਤਪਾਦਨ ਟੈਸਟਾਂ ਨੇ ਨਿਰੰਤਰ ਗੈਸ ਫਲੇਅਰਿੰਗ ਦੁਆਰਾ ਕੁਦਰਤੀ ਗੈਸ ਦੀ ਮੌਜੂਦਗੀ ਦੀ ਪੁਸ਼ਟੀ ਕੀਤੀ। ਇਹ ਦੇਸ਼ ਲਈ ਇੱਕ ਵੱਡੀ ਪ੍ਰਾਪਤੀ ਹੈ ਕਿਉਂਕਿ ਇਹ ਊਰਜਾ ਸਵੈ-ਨਿਰਭਰਤਾ ਲਈ ਯਤਨਸ਼ੀਲ ਹੈ। ਇਸ ਪ੍ਰਾਪਤੀ 'ਤੇ ਇੰਡੀਅਨ ਆਇਲ ਨੂੰ ਵਧਾਈ ਦਿੰਦੇ ਹੋਏ ਪੁਰੀ ਨੇ ਲਿਖਿਆ, "ਅੰਡੇਮਾਨ ਸਾਗਰ ਵਿੱਚ ਊਰਜਾ ਮੌਕਿਆਂ ਦਾ ਇੱਕ ਨਵਾਂ ਭੰਡਾਰ ਮਿਲਿਆ ਹੈ!"

ਕੇਂਦਰੀ ਮੰਤਰੀ ਨੇ ਕਿਹਾ ਕਿ ਕੰਪਨੀ ਗੈਸ ਦੇ ਨਮੂਨੇ ਇਕੱਠੇ ਕਰ ਰਹੀ ਹੈ ਤਾਂ ਜੋ ਇਸ ਦੀ ਰਚਨਾ ਤੇ ਕੈਲੋਰੀਫਿਕ ਮੁੱਲ ਦਾ ਮੁਲਾਂਕਣ ਕੀਤਾ ਜਾ ਸਕੇ, ਨਾਲ ਹੀ ਆਈਸੋਟੋਪਿਕ ਅਧਿਐਨਾਂ ਰਾਹੀਂ ਗੈਸ ਦੇ ਮੂਲ ਨੂੰ ਸਮਝਿਆ ਜਾ ਸਕੇ। ਉਨ੍ਹਾਂ ਸਪੱਸ਼ਟ ਕੀਤਾ ਕਿ "ਸਮੁੰਦਰ ਮੰਥਨ" ਮਿਸ਼ਨ ਦੇ ਤਹਿਤ, ਆਫਸ਼ੋਰ ਬੇਸਿਨਾਂ ਵਿੱਚ ਹਾਈਡਰੋਕਾਰਬਨ ਭੰਡਾਰਾਂ ਨੂੰ ਪੂਰੀ ਤਰ੍ਹਾਂ ਵਰਤਣ ਲਈ ਵੱਡੀ ਗਿਣਤੀ ਵਿੱਚ ਡੂੰਘੇ ਪਾਣੀ ਤੇ ਅਤਿ-ਡੂੰਘੇ ਪਾਣੀ ਦੇ ਖੋਜ ਖੂਹਾਂ ਨੂੰ ਡ੍ਰਿਲ ਕਰਨ ਦੀ ਯੋਜਨਾ ਬਣਾਈ ਗਈ ਹੈ। ਅੰਡੇਮਾਨ ਬੇਸਿਨ ਵਿੱਚ ਮੌਜੂਦਾ ਖੋਜ ਮੁਹਿੰਮ ਦੌਰਾਨ ਆਇਲ ਇੰਡੀਆ ਦੁਆਰਾ ਡ੍ਰਿਲ ਕੀਤੇ ਗਏ ਤਿੰਨ ਖੂਹਾਂ ਵਿੱਚੋਂ ਦੋ ਵਿੱਚ ਹੁਣ ਹਾਈਡ੍ਰੋਕਾਰਬਨ ਦੀ ਮੌਜੂਦਗੀ ਦਰਜ ਕੀਤੀ ਗਈ ਹੈ। ਪੁਰੀ ਨੇ ਇਸ ਪ੍ਰਾਪਤੀ ਨੂੰ "ਅੰਮ੍ਰਿਤ ਕਾਲ" ਦੌਰਾਨ ਦੇਸ਼ ਦੀ ਯਾਤਰਾ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਦੱਸਿਆ।

## ਹੁਣ ਅਖ਼ਬਾਰ 'ਚ ਖਾਣਾ ਪਰੋਸਿਆ ਤਾਂ ਹੋਵੇਗੀ ਸਖ਼ਤ ਕਾਰਵਾਈ, ਐਫ਼.ਐਸ.ਐਸ.ਏ.ਆਈ. ਨੇ ਲਾਈ ਪਾਬੰਦੀ

ਮੁੰਬਈ, 6 ਜੂਨ (ਚ.ਨ.ਸ.): ਜੇ ਤੁਸੀਂ ਵੀ ਸੜਕ ਕਿਨਾਰੇ ਗੱਡੀਆਂ ਤੋਂ ਅਖਬਾਰ ਵਿੱਚ ਲਪੇਟ ਕੇ ਗਰਮਾ-ਗਰਮ ਸਮੋਸੇ ਜਾਂ ਚਾਟ ਖਾਣ ਦਾ ਆਨੰਦ ਮਾਣਦੇ ਹੋ, ਤਾਂ ਸਾਵਧਾਨ ਰਹੋ। ਇਹ ਪਸੰਦ ਤੁਹਾਨੂੰ ਗੰਭੀਰ ਰੂਪ ਵਿੱਚ ਬਿਮਾਰ ਕਰ ਸਕਦੀ ਹੈ। ਫੂਡ ਸੇਫਟੀ ਐਂਡ ਸਟੈਂਡਰਡ ਅਥਾਰਟੀ ਆਫ ਇੰਡੀਆ (ਐਫ.ਐਸ.ਐਸ.ਏ.ਆਈ.) ਨੇ ਹੁਣ ਇਸ ਮਾਮਲੇ 'ਤੇ ਸਖ਼ਤ ਰੁਖ਼ ਅਪਣਾਇਆ ਹੈ। ਐਫ.ਐਸ.ਐਸ.ਏ.ਆਈ. ਨੇ ਦੇਸ਼ ਭਰ ਦੇ ਸਾਰੇ ਭੋਜਨ ਵਿਕਰੇਤਾਵਾਂ, ਰੈਸਟੋਰੈਂਟ ਮਾਲਕਾਂ, ਸਟ੍ਰੀਟ ਫੂਡ ਵੈਂਡਰਸ ਅਤੇ ਫੂਡ ਬਿਜਨੈੱਸ ਕਰਨ ਵਾਲਿਆਂ ਨੂੰ ਇੱਕ ਸਖ਼ਤ ਚੇਤਾਵਨੀ ਜਾਰੀ ਕੀਤੀ ਹੈ, ਜਿਸ ਵਿੱਚ ਤੁਰੰਤ ਪ੍ਰਭਾਵ ਨਾਲ ਅਖਬਾਰ ਵਿੱਚ ਭੋਜਨ ਪੈਕ ਕਰਨ ਜਾਂ ਪਰੋਸਣ 'ਤੇ ਪਾਬੰਦੀ ਲਗਾਈ ਗਈ ਹੈ। ਇਹ ਫੈਸਲਾ ਮੁੰਬਈ ਵਿੱਚ ਹਾਲ ਹੀ ਵਿੱਚ ਹੋਈ ਇੱਕ ਵੱਡੀ ਕਾਰਵਾਈ ਤੋਂ ਬਾਅਦ ਆਇਆ ਹੈ। ਮੁੰਬਈ ਵਿੱਚ ਇੱਕ ਬਹੁਤ ਮਸ਼ਹੂਰ ਵੜਾ-ਪਾਵ ਵਿਕਰੇਤਾ ਗਾਹਕਾਂ ਨੂੰ ਅਖਬਾਰ ਵਿੱਚ ਭੋਜਨ ਪਰੋਸਦਾ ਤੇ ਪੈਕ ਕਰਦਾ ਪਾਇਆ ਗਿਆ। ਇਸ ਘਟਨਾ ਤੋਂ ਬਾਅਦ, ਐਫ.ਐਸ.ਐਸ.ਏ.ਆਈ. ਦੇ ਪੱਛਮੀ ਜ਼ੋਨ ਅਤੇ ਬ੍ਰਿਹਨਮੁੰਬਈ ਨਗਰ ਨਿਗਮ ਨੇ ਸਾਂਝੇ ਤੌਰ 'ਤੇ ਦੁਕਾਨ ਵਿਰੁੱਧ ਕਾਰਵਾਈ ਕੀਤੀ। ਇਸ ਘਟਨਾ ਤੋਂ ਬਾਅਦ, ਅਥਾਰਟੀ ਨੇ ਸਪੱਸ਼ਟ ਕੀਤਾ ਹੈ ਕਿ ਇਸ ਹੁਕਮ ਦੀ ਉਲੰਘਣਾ ਕਰਨ ਵਾਲੇ ਕਿਸੇ ਵੀ ਦੁਕਾਨਦਾਰ ਜਾਂ ਵਿਕਰੇਤਾ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।



ਇਹ ਹੁਕਮ ਸਟ੍ਰੀਟ ਫੂਡ ਵੈਂਡਰਸ, ਰੈਸਟੋਰੈਂਟਾਂ, ਕਲਾਉਡ ਕਿਚਨ, ਕੇਟਰਰਾਂ, ਕੁਇਕ ਸਰਵਿਸ ਰੈਸਟੋਰੈਂਸਟ, ਫੂਡ ਸਟਾਲਾਂ, ਛੋਟੇ ਦੁਕਾਨਦਾਰਾਂ, ਮੋਬਾਈਲ ਫੂਡ ਵੈਂਡਰ, ਹਾਕਰ ਆਦਿ 'ਤੇ ਲਾਗੂ ਹੋਵੇਗਾ। ਐਫ.ਐਸ.ਐਸ.ਏ.ਆਈ. ਨੇ ਇਸ ਦੇ ਪਿੱਛੇ ਗੰਭੀਰ ਕਾਰਨ ਦੱਸੇ ਹਨ। ਅਥਾਰਟੀ ਮੁਤਾਬਕ ਅਖ਼ਬਾਰ ਦੀ ਛਪਾਈ ਵਿੱਚ ਵਰਤੀ ਜਾਣ ਵਾਲੀ ਸਿਆਹੀ ਵਿੱਚ ਕਈ ਤਰ੍ਹਾਂ ਦੇ ਨੁਕਸਾਨਦੇਹ ਕੈਮੀਕਲ, ਰੰਗ, ਪਿਗਮੈਂਟ ਅਤੇ ਸੀਸੇ ਵਰਗੀਆਂ ਭਾਰੀ ਧਾਤਾਂ ਹੁੰਦੀਆਂ ਹਨ। ਜਦੋਂ ਗਰਮ ਭੋਜਨ ਅਖ਼ਬਾਰ 'ਤੇ ਰੱਖਿਆ ਜਾਂਦਾ ਹੈ, ਤਾਂ ਇਹ ਸਿਆਹੀ ਪਿਘਲ ਜਾਂਦੀ ਹੈ ਅਤੇ ਭੋਜਨ ਨਾਲ ਰਲ ਜਾਂਦੀ ਹੈ। ਲੰਬੇ ਸਮੇਂ ਤੱਕ ਅਜਿਹਾ ਦੂਸ਼ਿਤ ਭੋਜਨ ਖਾਣ ਨਾਲ ਸਰੀਰ ਵਿੱਚ ਜ਼ਹਿਰੀਲੇ ਪਦਾਰਥਾਂ ਦਾ ਇਹ ਹੌਲੀ-ਹੌਲੀ ਇਕੱਠਾ ਹੁੰਦਾ ਹੈ, ਜਿਸ ਨਾਲ ਗੰਭੀਰ ਬਿਮਾਰੀ ਦਾ ਖ਼ਤਰਾ ਹੁੰਦਾ ਹੈ।

ਕਾਨੂੰਨੀ ਤੌਰ 'ਤੇ ਅਖ਼ਬਾਰ ਦੀ ਵਰਤੋਂ ਵੀ ਪੂਰੀ ਤਰ੍ਹਾਂ ਗੈਰ-ਕਾਨੂੰਨੀ ਹੈ। ਫੂਡ ਸੇਫਟੀ ਐਂਡ ਸਟੈਂਡਰਡਜ਼ (ਪੈਕੇਜਿੰਗ) ਰੈਗੂਲੇਸ਼ਨਜ਼ 2018 ਦੇ ਤਹਿਤ, ਭੋਜਨ ਨੂੰ ਸਟੋਰ ਕਰਨ, ਲਪੇਟਣ ਜਾਂ ਪੈਕ ਕਰਨ ਲਈ ਅਖ਼ਬਾਰ ਦੀ ਵਰਤੋਂ ਕਰਨ ਦੀ ਸਖ਼ਤ ਮਨਾਹੀ ਹੈ। ਐਫ.ਐਸ.ਐਸ.ਏ.ਆਈ. ਨੇ ਆਮ ਲੋਕਾਂ, ਭਾਵ ਗਾਹਕਾਂ ਨੂੰ ਇਸ ਮੁਹਿੰਮ ਪ੍ਰਤੀ ਸੁਚੇਤ ਰਹਿਣ ਦੀ ਅਪੀਲ ਕੀਤੀ ਹੈ। ਅਥਾਰਟੀ ਨੇ ਸਲਾਹ ਦਿੱਤੀ ਹੈ ਕਿ ਜੇ ਤੁਸੀਂ ਕਿਸੇ ਵੀ ਦੁਕਾਨ, ਰੈਸਟੋਰੈਂਟ ਜਾਂ ਰੇਹੜੀ 'ਤੇ ਅਖ਼ਬਾਰ ਵਿੱਚ ਲਪੇਟਦੇ ਵੇਖਦੇ ਹੋ ਤਾਂ ਸਾਵਧਾਨ ਰਹੋ। ਨਿਯਮਾਂ ਨੂੰ ਸਖ਼ਤੀ ਨਾਲ ਲਾਗੂ ਕਰਨ ਨੂੰ ਯਕੀਨੀ ਬਣਾਉਣ ਲਈ ਐਫ.ਐਸ.ਐਸ.ਏ.ਆਈ. ਅਤੇ ਰਾਜ ਖੁਰਾਕ ਸੁਰੱਖਿਆ ਵਿਭਾਗ ਨਿਰੰਤਰ ਨਿਗਰਾਨੀ ਅਤੇ ਅਚਾਨਕ ਨਿਰੀਖਣ ਕਰਨਗੇ। ਕੋਈ ਵੀ ਦੁਕਾਨਦਾਰ ਇਨ੍ਹਾਂ ਨਿਯਮਾਂ ਦੀ ਉਲੰਘਣਾ ਕਰਦਾ ਪਾਇਆ ਗਿਆ ਤਾਂ ਉਸ ਨੂੰ ਖੁਰਾਕ ਸੁਰੱਖਿਆ ਐਕਟ ਦੇ ਤਹਿਤ ਸਖ਼ਤ ਕਾਨੂੰਨੀ ਕਾਰਵਾਈ ਦਾ ਸਾਹਮਣਾ ਕਰਨਾ ਪਵੇਗਾ।

## ਵੱਧ ਤੋਂ ਵੱਧ ਵੋਟਰਾਂ ਦੀ ਮੈਪਿੰਗ ਲਈ ਸਾਰੇ ਪੋਲਿੰਗ ਬੂਥਾਂ 'ਤੇ ਅੱਜ ਲਗਾਇਆ ਜਾਵੇਗਾ ਵਿਸ਼ੇਸ਼ ਕੈਂਪ : ਸੀ.ਈ.ਓ.



ਚੰਡੀਗੜ੍ਹ, 6 ਜੂਨ (ਚ.ਨ.ਸ.): ਭਾਰਤੀ ਚੋਣ ਕਮਿਸ਼ਨ ਵੱਲੋਂ ਸੂਬੇ ਵਿੱਚ ਕੀਤੇ ਜਾ ਰਹੀ ਸਪੈਸ਼ਲ ਇੰਟੈਂਸਿਵ ਰੀਵਿਜ਼ਨ (ਐਸਆਈਆਰ) ਦੇ ਮੱਦੇਨਜ਼ਰ 7 ਜੂਨ ਨੂੰ ਸੂਬੇ ਦੇ ਸਾਰੇ 24453 ਪੋਲਿੰਗ ਬੂਥਾਂ 'ਤੇ ਇੱਕ ਵਿਸ਼ੇਸ਼ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਚੋਣ ਅਫ਼ਸਰ, ਪੰਜਾਬ ਅਨਿੰਦਿਤਾ ਮਿਤਰਾ ਨੇ ਦੱਸਿਆ ਕਿ ਇਹ ਇੱਕ- ਰੋਜ਼ਾ ਵਿਸ਼ੇਸ਼ ਕੈਂਪ ਪ੍ਰੀ-ਮੈਪਿੰਗ ਨੂੰ ਹੋਰ ਤੇਜ਼ੀ ਨਾਲ ਅੰਜਾਮ ਦੇਣ ਲਈ ਲਗਾਇਆ ਜਾ ਰਿਹਾ ਹੈ। ਵੋਟਰ ਮੈਪਿੰਗ ਨੂੰ ਸੁਚੱਜੇ ਢੰਗ ਨਾਲ ਨੇਪਰੇ ਚੜ੍ਹਾਉਣ ਲਈ ਬੀਐਲਓਜ਼ ਇਸ ਕੈਂਪ ਵਿੱਚ ਸਵੇਰੇ 10:00 ਵਜੇ ਤੋਂ ਸ਼ਾਮ 4:00 ਵਜੇ ਤੱਕ ਉਪਲਬਧ ਰਹਿਣਗੇ। ਮਿਤਰਾ ਨੇ ਸੂਬੇ ਦੇ ਸਾਰੇ ਵੋਟਰਾਂ ਨੂੰ ਇਸ ਕੈਂਪ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦੀ ਅਪੀਲ ਕੀਤੀ ਤਾਂ ਜੋ ਪ੍ਰੀ-ਐਸ.ਆਈ.ਆਰ. ਕਵਾਇਦ ਨੂੰ ਸੁਚਾਰੂ ਢੰਗ ਨਾਲ ਚਲਾਇਆ ਜਾ ਸਕੇ।

## ਸੰਪਾਦਕੀ

# ਕਾਗ਼ਜ਼ਾਂ ਵਿੱਚ ਸੁਰੱਖਿਆ

ਕੋਈ ਹਾਦਸਾ ਮਾਮੂਲੀ ਜਿਹੀ ਅਣਗਹਿਲੀ ਦਾ ਨਤੀਜਾ ਹੋ ਸਕਦਾ ਹੈ, ਪਰ ਜੇਕਰ ਉਹ ਗਲਤੀ ਜਾਰੀ ਰਹਿੰਦੀ ਹੈ ਜਾਂ ਜੇਕਰ ਸਬਕ ਨਹੀਂ ਸਿੱਖਿਆ ਜਾਂਦਾ ਅਤੇ ਭਵਿੱਖ ਵਿੱਚ ਜ਼ਰੂਰੀ ਸਾਵਧਾਨੀਆਂ ਅਤੇ ਸੁਰੱਖਿਆ ਉਪਾਅ ਨਹੀਂ ਕੀਤੇ ਜਾਂਦੇ ਹਨ ਤਾਂ ਇਸਨੂੰ ਅਪਰਾਧਿਕ ਲਾਪਰਵਾਹੀ ਤੋਂ ਘੱਟ ਨਹੀਂ ਮੰਨਿਆ ਜਾ ਸਕਦਾ। ਦੋ ਦਿਨ ਪਹਿਲਾਂ ਦਿੱਲੀ ਦੇ ਮਾਲਵੀਆ ਨਗਰ ਵਿੱਚ ਇੱਕ ਹੋਟਲ ਵਿੱਚ ਅੱਗ ਲੱਗਣ ਨਾਲ 21 ਲੋਕਾਂ ਦੀ ਜਾਨ ਚਲੀ ਗਈ। ਇਸ ਤੋਂ ਇਲਾਵਾ ਬਿਹਾਰ ਦੇ ਮੁਜ਼ੱਫਰਪੁਰ ਵਿੱਚ ਇੱਕ ਹਸਪਤਾਲ ਦੇ ਇੰਟੈਂਸਿਵ ਕੇਅਰ ਯੂਨਿਟ ਸਮੇਤ ਦੇਸ਼ ਭਰ ਦੀਆਂ ਰਿਹਾਇਸ਼ੀ ਇਮਾਰਤਾਂ ਵਿੱਚ ਅੱਗ ਲੱਗਣ ਦੀਆਂ ਖ਼ਬਰਾਂ ਆਈਆਂ ਹਨ। ਮਾਲਵੀਆ ਨਗਰ ਘਟਨਾ ਦੇ ਸਬੰਧ ਵਿੱਚ ਇਹ ਸੰਭਵ ਹੈ ਕਿ ਅਚਾਨਕ ਅੱਗ ਪੂਰੀ ਇਮਾਰਤ ਵਿੱਚ ਫੈਲ ਗਈ ਹੋਵੇ। ਹਾਲਾਂਕਿ, ਇੰਨੇ ਸਾਰੇ ਲੋਕਾਂ ਦੀ ਮੌਤ ਤੋਂ ਬਾਅਦ ਹੁਣ ਸਾਹਮਣੇ ਆ ਰਹੇ ਤੱਥ ਸਾਬਤ ਕਰਦੇ ਹਨ ਕਿ ਇਸ ਹਾਦਸੇ ਦਾ ਕਾਰਨ ਬਣਨ ਵਾਲਾ ਸਾਰਾ ਦ੍ਰਿਸ਼ ਪਹਿਲਾਂ ਤੋਂ ਸੋਚਿਆ ਸਮਝਿਆ ਗਿਆ ਸੀ ਅਤੇ ਇਮਾਰਤ ਦੇ ਮਾਲਕ ਤੋਂ ਲੈ ਕੇ ਸਬੰਧਤ ਸਰਕਾਰੀ ਅਧਿਕਾਰੀਆਂ ਤੱਕ ਹਰ ਕੋਈ ਜ਼ਿੰਮੇਵਾਰ ਸੀ। ਸਵਾਲ ਇਹ ਹੈ ਕਿ ਜੇਕਰ ਹੋਟਲ ਕੋਲ ਦਿੱਲੀ ਫਾਇਰ ਡਿਪਾਰਟਮੈਂਟ ਦੁਆਰਾ ਜਾਰੀ ਕੀਤੀ ਗਈ ਅੱਗ ਸੁਰੱਖਿਆ ਕਲੀਅਰੈਂਸ ਨਹੀਂ ਸੀ ਤਾਂ ਇਸਦਾ ਜ਼ਿੰਮੇਵਾਰ ਕੌਣ ਹੈ? ਫਿਰ, ਜੇਕਰ ਛੇ ਲਈ ਲਾਇਸੈਂਸ 'ਤੇ ਪੱਚੀ ਕਮਰੇ ਬਣਾ ਕੇ ਗੈਰ-ਕਾਨੂੰਨੀ ਢੰਗ ਨਾਲ ਕਾਰੋਬਾਰ ਚਲਾਇਆ ਜਾ ਰਿਹਾ ਸੀ, ਤਾਂ ਕਿਸ ਦੀ ਨਿਗਰਾਨੀ ਨੇ ਇਹ ਸੰਭਵ ਬਣਾਇਆ? ਕੀ ਇਮਾਰਤ ਦੀ ਜ਼ਮੀਨੀ ਮੰਜ਼ਿਲ 'ਤੇ ਇੱਕ ਪੂਰਾ ਰੈਸਟੋਰੈਂਟ ਧੋਖਾਧੜੀ ਨਾਲ ਚਲਾਇਆ ਜਾ ਰਿਹਾ ਸੀ? ਇੱਕ ਇਮਾਰਤ ਵਿੱਚ ਅੱਗ ਲੱਗਣ ਜਾਂ ਹੋਰ ਐਮਰਜੈਂਸੀ ਦੀ ਸਥਿਤੀ ਵਿੱਚ ਬਾਹਰ ਨਿਕਲਣ ਦਾ ਰਸਤਾ ਕਿਉਂ ਬੰਦ ਕਰ ਦਿੱਤਾ ਗਿਆ ਸੀ, ਜਿੱਥੇ ਹਰ ਸਮੇਂ ਵੱਡੀ ਗਿਣਤੀ ਵਿੱਚ ਲੋਕ ਵੱਖ-ਵੱਖ ਕਾਰਨਾਂ ਕਰਕੇ ਮੌਜੂਦ ਹੁੰਦੇ ਸਨ? ਇਲੈਕਟ੍ਰਾਨਿਕ ਲਾਕ ਸਿਸਟਮ ਦੇ ਸਮਝੇ ਜਾਂਦੇ ਜੋਖਮ ਦੇ ਬਾਵਜੂਦ ਮੁੱਖ ਦਰਵਾਜ਼ੇ ਨੂੰ ਡਿਜੀਟਲ ਤੌਰ 'ਤੇ ਖੋਲ੍ਹਣ ਅਤੇ ਬੰਦ ਕਰਨ ਦਾ ਅਧਿਕਾਰ ਕਿਸਨੇ ਦਿੱਤਾ? ਸੱਚਾਈ ਇਹ ਹੈ ਕਿ ਇਮਾਰਤ ਵਿੱਚ ਵਾਪਰੀ ਦੁਖਾਂਤ ਜ਼ਰੂਰੀ ਸੁਰੱਖਿਆ ਉਪਾਵਾਂ ਪ੍ਰਤੀ ਅਪਰਾਧਿਕ ਲਾਪਰਵਾਹੀ ਅਤੇ ਮੁਨਾਫ਼ੇ ਦੀ ਭੁੱਖ ਕਾਰਨ ਸਬੰਧਤ ਸਰਕਾਰੀ ਏਜੰਸੀਆਂ ਦੁਆਰਾ ਅਫਸੋਸਜਨਕ ਅਣਗਹਿਲੀ ਦਾ ਨਤੀਜਾ ਹੈ। ਦਰਅਸਲ, ਨਿਯਮਾਂ ਦੀ ਉਲੰਘਣਾ ਕਰਕੇ ਕੰਮ ਕਰਨ ਵਾਲੇ ਵਪਾਰਕ ਕੇਂਦਰਾਂ ਦੇ ਸੰਚਾਲਕ ਸਿਰਫ਼ ਉਦੋਂ ਹੀ ਅਜਿਹਾ ਕਰਨ ਦੇ ਯੋਗ ਹੁੰਦੇ ਹਨ ਜਦੋਂ ਪੁਲਿਸ ਜਾਂ ਸਮੇਂ-ਸਮੇਂ 'ਤੇ ਨਿਰੀਖਣ ਅਤੇ ਲਾਜ਼ਮੀ ਰੈਗੂਲੇਟਰੀ ਪ੍ਰਬੰਧਾਂ ਦੀ ਨਿਗਰਾਨੀ ਲਈ ਜ਼ਿੰਮੇਵਾਰ ਅਧਿਕਾਰੀ ਅਸਿੱਧੇ ਤੌਰ 'ਤੇ ਉਨ੍ਹਾਂ ਨੂੰ ਇਜਾਜ਼ਤ ਦਿੰਦੇ ਹਨ। ਇਹ ਗੈਰ-ਕਾਨੂੰਨੀ ਲੈਣ-ਦੇਣ ਦੇ ਅਧਾਰ 'ਤੇ ਮਿਲੀਭੁਗਤ ਕਾਰਨ ਹੋ ਸਕਦਾ ਹੈ। ਵਿਅੰਗਾਤਮਕ ਤੌਰ 'ਤੇ ਅਜਿਹੇ ਭ੍ਰਿਸ਼ਟਾਚਾਰ ਵਿੱਚ ਸ਼ਾਮਲ ਲੋਕਾਂ ਨੂੰ ਉਨ੍ਹਾਂ ਦੇ ਕੰਮਾਂ ਦੇ ਦੁਖਦਾਈ ਨਤੀਜਿਆਂ ਦੀ ਕੋਈ ਪਰਵਾਹ ਨਹੀਂ ਹੁੰਦੀ। ਜੇਕਰ ਕੋਈ ਮਾਮਲਾ ਵਧਦਾ ਹੈ ਤਾਂ ਸਰਕਾਰ ਅਤੇ ਪੁਲਿਸ ਤੁਰੰਤ ਕਾਨੂੰਨੀ ਕਾਰਵਾਈ ਕਰਨ ਲਈ ਤਿਆਰ ਰਹਿੰਦੀ ਹੈ। ਹਾਲਾਂਕਿ, ਅਜਿਹੀਆਂ ਘਟਨਾਵਾਂ ਵਿੱਚ ਜਾਂਚ, ਕਾਨੂੰਨੀ ਕਾਰਵਾਈਆਂ ਅਤੇ ਸਜ਼ਾਵਾਂ ਦੇ ਨਤੀਜੇ ਅਜਿਹੇ ਹੁੰਦੇ ਹਨ ਕਿ ਉਹ ਸ਼ਾਇਦ ਹੀ ਕੋਈ ਸਬਕ ਵਜੋਂ ਕੰਮ ਕਰਦੇ ਹਨ। ਜਿਸ ਚੀਜ਼ ਦੀ ਲੋੜ ਹੈ ਉਹ ਹੈ ਸੁਰੱਖਿਆ, ਉਪਾਵਾਂ ਨਾਲ ਕੋਈ ਸਮਝੌਤਾ ਨਾ ਕਰਨਾ, ਖਾਸ ਕਰਕੇ ਵੱਡੀ ਭੀੜ ਵਾਲੀਆਂ ਇਮਾਰਤਾਂ ਅਤੇ ਅੱਗ ਜਾਂ ਹੋਰ ਖਤਰਿਆਂ ਲਈ ਸੰਵੇਦਨਸ਼ੀਲ ਥਾਵਾਂ 'ਤੇ। ਨਿਯਮਾਂ ਦੀ ਅਣਦੇਖੀ ਕਰਨ ਜਾਂ ਉਲੰਘਣਾ ਕਰਨ ਵਾਲਿਆਂ ਵਿਰੁੱਧ ਢੁਕਵੀਂ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।

-ਜਗਜੀਤ ਸਿੰਘ ਦਰਦੀ

## ਪੰਜਾਬ ਸਿੱਖਾਂ ਦਾ ਹੋਮਲੈਂਡ ਹੈ

# ਇਸ ਧਰਤੀ ਦੇ ਹਰ ਪੰਜਾਬੀ ਨੂੰ ਆਪਣੀ ਜ਼ਮੀਨ ਨਾਲ ਜੁੜਨਾ ਚਾਹੀਦੈ



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

## ਆਪਣੀ ਮਿੱਟੀ ਨੂੰ ਪੰਜਾਬੀਆਂ ਦਾ ਨਵਾਂ ਨੈਰੇਟਿਵ
## ਸ੍ਰੀ ਅਕਾਲ ਤਖ਼ਤ ਸਾਹਿਬ ਦੀ ਆਵਾਜ਼ ਅਤੇ ਧਰਤੀ ਨਾਲ ਜੁੜਨ ਦੀ ਪੁਕਾਰ

ਕੱਲ੍ਹ ਸਾਕਾ ਨੀਲਾ ਤਾਰਾ (ਆਪ੍ਰੇਸ਼ਨ ਬਲੂ ਸਟਾਰ) ਦੀ 42ਵੀਂ ਬਰਸੀ 'ਤੇ ਸ੍ਰੀ ਅਕਾਲ ਤਖਤ ਸਾਹਿਬ ਤੋਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਦਿੱਤਾ ਗਿਆ ਸੰਦੇਸ਼ ਸਿੱਖ ਪੰਥ ਅਤੇ ਪੂਰੇ ਪੰਜਾਬ ਲਈ ਇੱਕ ਮਹੱਤਵਪੂਰਨ ਰਾਜਨੀਤਿਕ-ਸਮਾਜਿਕ ਘੰਟੀ ਵਜਾਉਂਦਾ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਉਨ੍ਹਾਂ ਨੇ ਸਿੱਧੇ ਲਫ਼ਜ਼ਾਂ ਵਿੱਚ ਐਲਾਨ ਕੀਤਾ ਕਿ ਪੰਜਾਬ ਸਿੱਖਾਂ ਦਾ ਹੋਮਲੈਂਡ ਹੈ। ਇਸ ਧਰਤੀ 'ਤੇ ਹਰ ਪੰਜਾਬੀ ਨੂੰ ਆਪਣੀਆਂ ਜ਼ਮੀਨਾਂ ਨਾਲ ਜੁੜਨਾ ਚਾਹੀਦਾ ਹੈ, ਆਪਣੀ ਮਿੱਟੀ ਨੂੰ ਨਹੀਂ ਵੇਚਣਾ ਚਾਹੀਦਾ ਹੈ ਅਤੇ ਇਸ ਨੂੰ ਬਾਹਰੀ ਤਾਕਤਾਂ ਤੋਂ ਬਚਾਉਣ ਲਈ ਮਾਨਸਿਕਤਾ ਬਦਲਣੀ ਪਵੇਗੀ। ਇਹ ਸੰਦੇਸ਼ ਸਿਰਫ਼ ਧਾਰਮਿਕ ਨਹੀਂ, ਬਲਕਿ ਪੰਜਾਬ ਦੀ ਆਗਾਮੀ ਰਾਜਨੀਤੀ, ਆਰਥਿਕਤਾ ਅਤੇ ਸਮਾਜਿਕ ਬਣਤਰ ਲਈ ਇੱਕ ਨਵੀਂ ਦਿਸ਼ਾ ਨਿਰਦੇਸ਼ ਕਰਦਾ ਹੈ।

ਅੱਜ ਇਸ ਨਵੀਂ ਅਵਾਜ਼ ਦੀ ਰੌਸ਼ਨੀ ਵਿੱਚ ਪੰਜਾਬ ਦੇ ਭਵਿੱਖੀ ਨੈਰੇਟਿਵ 'ਤੇ ਚਰਚਾ ਕਰਦਿਆਂ ਅੱਜ ਇੱਥੇ ਇਤਿਹਾਸਕ ਪਿਛੋਕੜ ਅਤੇ ਸੰਦੇਸ਼ ਦੀ ਮਹੱਤਤਾ1984 ਦਾ ਘੱਲੂਘਾਰਾ ਸਿੱਖ ਇਤਿਹਾਸ ਦਾ ਇੱਕ ਗਹਿਰਾ ਜ਼ਖਮ ਹੈ। ਅੱਜ ਇਸ ਨੇ ਸਿੱਖਾਂ ਨੂੰ ਆਪਣੀ ਪਛਾਣ, ਅਣਖ ਅਤੇ ਆਪਣੀ ਧਰਤੀ ਨਾਲ ਜੋੜਨ ਦੀ ਤਾਕਤ ਵੀ ਦਿੱਤੀ। ਜਥੇਦਾਰ ਗੜਗੱਜ ਦਾ ਸੰਦੇਸ਼ ਇਸ ਤਰ੍ਹਾਂ ਦੇ ਇਤਿਹਾਸਕ ਘਟਨਾਵਾਂ ਤੋਂ ਉਭਰਦੀਆਂ ਲੋੜਾਂ ਨੂੰ ਰੂਪ ਦਿੰਦਾ ਹੈ। ਉਨ੍ਹਾਂ ਨੇ ਡਾਇਸਪੋਰਾ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਜੜ੍ਹਾਂ ਤੋਂ ਵੱਖ ਨਾ ਹੋਣ, ਆਪਣੇ ਬੱਚਿਆਂ ਨੂੰ ਦਰਬਾਰ ਸਾਹਿਬ ਲੈ ਆਉਣ, ਇਤਿਹਾਸ ਸਿਖਾਉਣ ਅਤੇ ਖਾਸ ਤੌਰ 'ਤੇ ਆਪਣੀ ਪਿਉ-ਦਾਦੇ ਦੀ ਜ਼ਮੀਨ ਨਾ ਵੇਚਣ। ਇਹ ਸੰਦੇਸ਼ ਪੰਥਕ ਏਕਤਾ, ਬੰਦੀ ਸਿੰਘਾਂ ਦੀ ਰਿਹਾਈ ਅਤੇ ਪੰਜਾਬ ਨੂੰ ਇੱਕ ਲੜਾਈ ਦੇ ਮੈਦਾਨ ਬਣਨ ਤੋਂ ਬਚਾਉਣ 'ਤੇ ਵੀ ਜ਼ੋਰ ਦਿੰਦਾ ਹੈ।

ਅੱਜ ਇਹ ਸੱਚ ਹੈ ਕਿ ਪੰਜਾਬ ਇੱਕ ਖੇਤੀ ਪ੍ਰਧਾਨ ਰਾਜ ਹੈ, ਜਿੱਥੇ ਜ਼ਮੀਨ ਨਾ ਸਿਰਫ਼ ਆਰਥਿਕ ਸੰਪੱਤੀ ਹੈ ਬਲਕਿ ਇੱਕ ਅਧਿਆਤਮਿਕ ਅਤੇ ਸਭਿਆਚਾਰਕ ਵਿਰਾਸਤ ਵੀ ਹੈ। ਗੁਰੂ ਨਾਨਕ ਪਾਤਸ਼ਾਹ ਜੀ ਤੋਂ ਲੈ ਕੇ ਗੁਰੂ ਗੋਬਿੰਦ ਸਿੰਘ ਜੀ ਤੱਕ, ਸਿੱਖ ਧਰਮ ਇਸ ਧਰਤੀ ਨਾਲ ਡੂੰਘੀ ਤਰ੍ਹਾਂ ਜੁੜਿਆ ਹੋਇਆ ਹੈ। ਆਧੁਨਿਕ ਸਮੇਂ ਵਿੱਚ ਉਦਯੋਗੀਕਰਨ, ਸ਼ਹਿਰੀਕਰਨ ਅਤੇ ਡਾਇਸਪੋਰਾ ਦੀ ਲਹਿਰ ਨੇ ਇਸ ਜੁੜਾਅ ਨੂੰ ਤੋੜਿਆ ਹੈ। ਬਹੁਤ ਸਾਰੀਆਂ ਪਰਿਵਾਰਕ ਜ਼ਮੀਨਾਂ ਵਿਦੇਸ਼ੀਆਂ ਜਾਂ ਗੈਰ-ਪੰਜਾਬੀਆਂ ਵੱਲ ਚਲੀਆਂ ਗਈਆਂ ਹਨ। ਇਸ ਨਾਲ ਖੇਤੀ ਆਰਥਿਕਤਾ ਕਮਜ਼ੋਰ ਹੋ ਰਹੀ ਹੈ ਅਤੇ ਸਥਾਨਕ ਪਛਾਣ ਉੱਤੇ ਖਤਰਾ ਪੈਦਾ ਹੋ ਰਿਹਾ ਹੈ। ਜਥੇਦਾਰ ਜੀ ਦਾ ਸੁਝਾਅ ਇਸੇ ਖ਼ਤਰੇ ਵੱਲ ਇਸ਼ਾਰਾ ਕਰਦਾ ਹੈ।

ਅੱਜ ਮਾਨਸਿਕਤਾ ਬਦਲਾਅ ਦੀ ਲੋੜ ਹੈ। ਪੰਜਾਬ ਵਿੱਚ ਲੰਬੇ ਸਮੇਂ ਤੋਂ ਇੱਕ ਗਲਤ ਨੈਰੇਟਿਵ ਚੱਲ ਰਿਹਾ ਹੈ ਕਿ ਤਰੱਕੀ ਲਈ ਵਿਦੇਸ਼ ਜਾਣਾ ਜਾਂ ਜ਼ਮੀਨ ਵੇਚ ਕੇ ਸ਼ਹਿਰੀ ਜੀਵਨ ਅਪਣਾਉਣਾ ਇੱਕੋ ਰਾਹ ਹੈ। ਇਸ ਨਾਲ ਇੱਕ ਵੱਡੀ ਆਬਾਦੀ ਨੇ ਆਪਣੀਆਂ ਜੜ੍ਹਾਂ ਤੋਂ ਮੁਕਤੀ ਲੈ ਲਈ। ਇਸ ਦਾ ਨਤੀਜਾ ਇਹ ਹੋਇਆ ਕਿ ਪੇਂਡੂ ਖੇਤਰਾਂ ਵਿੱਚ ਉਜਾੜ ਵਧਿਆ, ਖੇਤੀ ਮਜ਼ਦੂਰਾਂ ਦੀ ਘਾਟ ਹੋਈ ਅਤੇ ਨਸ਼ਿਆਂ ਵਰਗੀਆਂ ਸਮੱਸਿਆਵਾਂ ਨੇ ਫੈਲਾਅ ਲਿਆ।ਜਥੇਦਾਰ ਗੜਗੱਜ ਦਾ ਸੰਦੇਸ਼ ਇਸ ਮਾਨਸਿਕਤਾ ਨੂੰ ਚੁਣੌਤੀ ਦਿੰਦਾ ਹੈ। ਉਨ੍ਹਾਂ ਅਨੁਸਾਰ ਪੰਜਾਬੀਆਂ ਨੂੰ ਆਪਣੀ ਧਰਤੀ ਵੱਲ ਵਾਪਸ ਮੁੜਨਾ ਚਾਹੀਦਾ ਹੈ।

ਅੱਜ ਇਸ ਲਈ ਲੋੜ ਹੈ ਕਿ ਖੇਤੀ ਨੂੰ ਆਧੁਨਿਕ ਬਣਾਉਣਾ - ਟੈਕਨਾਲੋਜੀ, ਆਰਗੈਨਿਕ ਖੇਤੀ ਅਤੇ ਵੈਲਿਊ ਐਡੀਸ਼ਨ ਰਾਹੀਂ ਲਾਭਦਾਇਕ ਬਣਾਉਣਾ ਚਾਹੀਦਾ ਹੈ ਅਤੇ ਡਾਇਸਪੋਰਾ ਨੂੰ ਨਿਵੇਸ਼ ਲਈ ਉਤਸ਼ਾਹਿਤ ਕਰਨਾ, ਪਰ ਜ਼ਮੀਨੀ ਮਾਲਕੀਅਤ ਨੂੰ ਸਥਾਨਕ ਪੰਜਾਬੀਆਂ ਵਿਚ ਹੀ ਰੱਖਣਾ। ਅੱਜ ਯੁਵਕਾਂ ਵਿੱਚ ਖੇਤੀ ਅਤੇ ਉਦਯੋਗ ਨੂੰ ਆਕਰਸ਼ਣ ਵਾਲਾ ਬਣਾਉਣਾ ਤਾਕਿ ਉਹ ਵਿਦੇਸ਼ ਭੱਜਣ ਦੀ ਬਜਾਏ ਇੱਥੇ ਰੁਜ਼ਗਾਰ ਪੈਦਾ ਕਰਨ। ਅੱਜ ਇਹ ਬਦਲਾਅ ਸਿਰਫ਼ ਆਰਥਿਕ ਨਹੀਂ ਬਲਕਿ ਸਭਿਆਚਾਰਕ ਵੀ ਹੈ। ਸਿੱਖ ਇਤਿਹਾਸ ਵਿੱਚ ਧਰਤੀ ਨਾਲ ਜੁੜਾਅ ਇੱਕ ਧਰਮੀ ਫਰਜ਼ ਵਜੋਂ ਵੇਖਿਆ ਗਿਆ ਹੈ। ਗੁਰੂ ਸਾਹਿਬਾਨ ਨੇ ਖੇਤੀ ਨੂੰ ਉਤਸ਼ਾਹਿਤ ਕੀਤਾ ਅਤੇ ਇਸ ਨੂੰ ਇੱਕ ਉੱਤਮ ਪੇਸ਼ਾ ਮੰਨਿਆ। ਰਾਜਨੀਤਿਕ ਪ੍ਰਭਾਵ ਅਤੇ ਆਗਾਮੀ ਚੋਣਾਂ ਪੰਜਾਬ ਵਿੱਚ ਆਗਾਮੀ ਵਿਧਾਨ ਸਭਾ ਚੋਣਾਂ ਵਿੱਚ ਇਸ ਨਵੀਂ ਅਵਾਜ਼ ਦਾ ਡੂੰਘਾ ਅਸਰ ਪਵੇਗਾ । ਲੰਬੇ ਸਮੇਂ ਤੋਂ ਰਾਜਨੀਤੀ ਜਾਤੀਵਾਦ, ਨਸ਼ਿਆਂ, ਬੇਰੁਜ਼ਗਾਰੀ ਅਤੇ ਖੇਤੀ ਕਾਨੂੰਨਾਂ ਵਰਗੇ ਮੁੱਦਿਆਂ 'ਤੇ ਘੁੰਮੀ ਰਹੀ ਹੈ।

ਅੱਜ ਸ੍ਰੀ ਅਕਾਲ ਤਖ਼ਤ ਵਰਗੀ ਉੱਚ ਅਧਿਕਾਰਤਾ ਤੋਂ ਆਈ ਇਸ ਅਪੀਲ ਨੇ ਇੱਕ ਨਵਾਂ ਨੈਰੇਟਿਵ ਖੋਲ੍ਹਿਆ ਹੈ - 'ਪੰਜਾਬ ਪੰਜਾਬੀਆਂ ਦਾ, ਸਿੱਖਾਂ ਦਾ ਹੋਮਲੈਂਡ'।ਇਸ ਨੈਰੇਟਿਵ ਵਿੱਚ ਸ਼ਾਮਲ ਹੋਣਗੇ। ਅੱਜ ਜ਼ਮੀਨੀ ਸੁਰੱਖਿਆ ਗੈਰ-ਪੰਜਾਬੀਆਂ ਵੱਲੋਂ ਜ਼ਮੀਨ ਖਰੀਦਣ 'ਤੇ ਪਾਬੰਦੀਆਂ ਜਾਂ ਨਿਯਮਾਂ 'ਤੇ ਚਰਚਾ ਅਤੇ ਖੇਤੀ ਸੁਧਾਰ ਐਮਐਸਪੀ, ਬੀਜ ਤੇ ਖਾਦ ਦੀ ਉਪਲਬਧਤਾ, ਸਿੰਚਾਈ ਅਤੇ ਬਾਜ਼ਾਰ ਵਿਵਸਥਾ ਨੂੰ ਸੁਚਾਰੂ ਢੰਗ ਬਦਲ ਕੇ ਲੋਕਾਂ ਨੂੰ ਜਾਗਰੂਕ ਕਰਨਾ ਸਮੇਂ ਦੀ ਲੋੜ ਹੈ।

ਅੱਜ ਪੰਥਕ ਏਕਤਾ ਭਾਈਚਾਰਕ ਏਕਤਾ ਰਾਹੀਂ ਰਾਜਨੀਤਿਕ ਤਾਕਤ ਵਧਾਉਣਾ ਅਤੇ ਡਾਇਸਪੋਰਾ ਨਾਲ ਲਿੰਕ ਐਨਆਰਆਈਆਂ ਲਈ ਵਿਸ਼ੇਸ਼ ਨਿਵੇਸ਼ ਨੀਤੀਆਂ ਪਰ ਸਥਾਨਕ ਹਿੱਤਾਂ ਦੀ ਰਾਖੀ ਲਈ ਵੱਖ-ਵੱਖ ਰਾਜਨੀਤਿਕ ਧਿਰਾਂ ਇਸ ਨੈਰੇਟਿਵ ਨੂੰ ਆਪਣੇ ਲਾਭ ਲਈ ਵਰਤਣ ਦੀ ਕੋਸ਼ਿਸ਼ ਕਰਨਗੀਆਂ। ਅਕਾਲੀਆਂ ਲਈ ਇਹ ਆਪਣੀਆਂ ਜੜ੍ਹਾਂ ਵੱਲ ਵਾਪਸੀ ਦਾ ਮੌਕਾ ਹੋ ਸਕਦਾ ਹੈ। ਆਮ ਆਦਮੀ ਪਾਰਟੀ ਲਈ ਇਹ ਆਪਣੀਆਂ ਨੀਤੀਆਂ ਨੂੰ ਪੰਥਕ ਰੰਗ ਦੇਣ ਦਾ ਰਾਹ ਖੋਲ੍ਹ ਸਕਦਾ ਹੈ। ਕਾਂਗਰਸ ਅਤੇ ਭਾਜਪਾ ਵੀ ਇਸ ਤੋਂ ਪ੍ਰਭਾਵਿਤ ਹੋਣਗੀਆਂ। ਅੱਜ ਅਸਲ ਚੁਣੌਤੀ ਇਹ ਹੈ ਕਿ ਇਸ ਨੂੰ ਰਾਜਨੀਤਿਕ ਲਾਭ ਤੋਂ ਉਪਰ ਉਠਾ ਕੇ ਲਾਗੂ ਕਿਵੇਂ ਕੀਤਾ ਜਾਵੇ। ਆਰਥਿਕ ਅਤੇ ਸਮਾਜਿਕ ਪਹਿਲੂ ਪੰਜਾਬ ਦੀ ਆਰਥਿਕਤਾ ਖੇਤੀ 'ਤੇ ਆਧਾਰਿਤ ਹੈ ਪਰ ਇਹ ਸੰਕਟ ਵਿੱਚ ਹੈ। ਛੋਟੀਆਂ ਜ਼ਮੀਨਾਂ, ਵਧਦੀ ਲਾਗਤ ਅਤੇ ਵਾਤਾਵਰਣੀ ਚੁਣੌਤੀਆਂ ਨੇ ਇਸ ਨੂੰ ਅਣਉਪਜਾਊ ਬਣਾਇਆ ਹੈ । ਨਵੀਂ ਮਾਨਸਿਕਤਾ ਰਾਹੀਂ ਕੋਆਪਰੇਟਿਵ ਖੇਤੀ ਅਤੇ ਫਾਰਮਿੰਗ ਕਲੱਬ ਬਣਾਉਣਾ ਅਤੇ ਯੂਥ ਨੂੰ ਐਗ੍ਰੀ-ਟੈਕ, ਫੂਡ ਪ੍ਰੋਸੈਸਿੰਗ ਅਤੇ ਐਗ੍ਰੀ-ਟੂਰਿਜ਼ਮ ਵੱਲ ਲਿਆਉਣਾ । ਡਾਇਸਪੋਰਾ ਤੋਂ ਟੈਕਨਾਲੋਜੀ ਤੇ ਫੰਡਿੰਗ ਲਿਆਉਣਾ। ਜ਼ਮੀਨੀ ਰਿਕਾਰਡਾਂ ਨੂੰ ਡਿਜੀਟਲ ਅਤੇ ਪਾਰਦਰਸ਼ੀ ਬਣਾਉਣਾ ਤਾਕਿ ਵੇਚਣ ਵਿੱਚ ਧੋਖਾਧੜੀ ਰੋਕੀ ਜਾ ਸਕੇ। ਅੱਜ ਸਮਾਜਿਕ ਤੌਰ 'ਤੇ ਇਸ ਨੈਰੇਟਿਵ ਨੂੰ ਜਾਤ-ਪਾਤ ਤੋਂ ਉਪਰ ਉਠ ਕੇ ਏਕਤਾ 'ਤੇ ਆਧਾਰਿਤ ਬਣਾਉਣਾ ਪਵੇਗਾ। ਸਿੱਖੀ ਦਾ ਸਿਧਾਂਤ ਸਭ ਨੂੰ ਬਰਾਬਰ ਮੰਨਦਾ ਹੈ। ਇਸ ਲਈ ਗੁਰਦੁਆਰਿਆਂ, ਸੰਸਥਾਵਾਂ ਅਤੇ ਵਿਦਵਾਨਾਂ ਨੂੰ ਇਸ ਨਵੀਂ ਸੋਚ ਨੂੰ ਫੈਲਾਉਣ ਵਿੱਚ ਭੂਮਿਕਾ ਨਿਭਾਉਣੀ ਚਾਹੀਦੀ ਹੈ । ਚੁਣੌਤੀਆਂ ਅਤੇ ਰਾਹ ਇਸ ਨਵੀਂ ਅਵਾਜ਼ ਨੂੰ ਲਾਗੂ ਕਰਨ ਵਿੱਚ ਬਹੁਤੀਆਂ ਚੁਣੌਤੀਆਂ ਹਨ। ਪਹਿਲੀ, ਰਾਜਨੀਤਿਕ ਇੱਛਾ-ਸ਼ਕਤੀ ਦੀ ਘਾਟ। ਦੂਜੀ, ਆਰਥਿਕ ਹਿੱਤਾਂ ਵਾਲੀਆਂ ਤਾਕਤਾਂ ਜੋ ਜ਼ਮੀਨੀ ਲੈਣ-ਦੇਣ ਵਿੱਚ ਲਾਭ ਲੈਂਦੀਆਂ ਹਨ। ਤੀਜੀ, ਯੁਵਕਾਂ ਵਿੱਚ ਖੇਤੀ ਪ੍ਰਤੀ ਆਕਰਸ਼ਣ ਘੱਟ ਹੋਣਾ । ਚੌਥੀ, ਕੇਂਦਰ ਅਤੇ ਰਾਜ ਵਿਚਾਲੇ ਤਾਲਮੇਲ ਦੀ ਲੋੜ ਹੈ।

ਅੱਜ ਇਹਨਾਂ ਚੁਣੌਤੀਆਂ ਨੂੰ ਪਾਰ ਕਰਨ ਲਈ ਲੋੜ ਹੈ ਇੱਕ ਵਿਆਪਕ ਲੋਕ ਲਹਿਰ ਦੀ। ਅੱਜ ਸ੍ਰੀ ਅਕਾਲ ਤਖ਼ਤ ਵਰਗੀਆਂ ਧਾਰਮਿਕ ਅਧਿਕਾਰਤਾਵਾਂ ਇਸ ਲਹਿਰ ਨੂੰ ਨੈਤਿਕ ਬਲ ਦੇ ਸਕਦੀਆਂ ਹਨ। ਸਰਕਾਰਾਂ ਨੂੰ ਨੀਤੀਆਂ ਬਣਾਉਣੀਆਂ ਚਾਹੀਦੀਆਂ ਹਨ ਜੋ ਇਸ ਨੈਰੇਟਿਵ ਨੂੰ ਸਮਰਥਨ ਦੇਣ। ਵਿਦਵਾਨ ਅਤੇ ਮੀਡੀਆ ਨੂੰ ਇਸ ਬਾਰੇ ਚਰਚਾ ਚਲਾਉਣੀ ਚਾਹੀਦੀ ਹੈ। ਅੱਜ ਭਵਿੱਖ ਵੱਲ ਇੱਕ ਨਜ਼ਰ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦਾ ਸੰਦੇਸ਼ ਪੰਜਾਬ ਲਈ ਇੱਕ ਵੇਕ ਅੱਪ ਕਾਲ ਹੈ। ਇਹ ਸਾਨੂੰ ਯਾਦ ਦਿਵਾਉਂਦਾ ਹੈ ਕਿ ਧਰਤੀ ਬਿਨਾਂ ਪਛਾਣ ਅਧੂਰੀ ਹੈ। ਪੰਜਾਬ ਨੂੰ ਇੱਕ ਖੁਸ਼ਹਾਲ, ਸਵੈ-ਨਿਰਭਰ ਅਤੇ ਸਭਿਆਚਾਰਕ ਤੌਰ 'ਤੇ ਅਮੀਰ ਰਾਜ ਬਣਾਉਣ ਲਈ ਇਸ ਨਵੀਂ ਮਾਨਸਿਕਤਾ ਨੂੰ ਅਪਣਾਉਣਾ ਪਵੇਗਾ। ਅੱਜ ਇਸ ਵਿੱਚ ਸਾਰੇ ਪੰਜਾਬੀਆਂ-ਸਿੱਖ, ਹਿੰਦੂ, ਮੁਸਲਿਮ ਤੇ ਹੋਰ ਭਾਈਚਾਰਿਆਂ- ਦੀ ਭਾਗੀਦਾਰੀ ਲੋੜੀਂਦੀ ਹੈ। ਪੰਜਾਬ ਸਭ ਦਾ ਹੈ ਪਰ ਇਸ ਦੀ ਰੂਹ ਸਿੱਖੀ ਦੀਆਂ ਬਾਣੀਆਂ ਅਤੇ ਇਸ ਧਰਤੀ ਨਾਲ ਜੁੜੀ ਹੋਈ ਹੈ। ਆਓ ਇਸ ਸੰਦੇਸ਼ ਨੂੰ ਇੱਕ ਲਹਿਰ ਵਿੱਚ ਤਬਦੀਲ ਕਰੀਏ ਤਾਕਿ ਆਉਣ ਵਾਲੀਆਂ ਪੀੜ੍ਹੀਆਂ ਆਪਣੀ ਧਰਤੀ 'ਤੇ ਗਰਵ ਨਾਲ ਜੀ ਸਕਣ।

ਅੱਜ ਪੰਜਾਬ ਵਾਪਸ ਆਪਣੀਆਂ ਜੜ੍ਹਾਂ ਵੱਲ ਮੁੜ ਰਿਹਾ ਹੈ। ਇਹ ਨਵਾਂ ਨੈਰੇਟਿਵ ਇੱਕ ਉਮੀਦ ਦੀ ਨਵੀਂ ਕਿਰਨ ਹੈ। ਇਸ ਨੂੰ ਸਾਕਾਰ ਕਰਨ ਲਈ ਸਾਡਾ ਯਤਨ ਲਗਾਤਾਰ ਰਹਿਣਾ ਚਾਹੀਦਾ ਹੈ। ਅਕਾਲ ਤਖਤ ਦੀ ਇਸ ਅਵਾਜ਼ ਨੂੰ ਸੁਣਨ ਅਤੇ ਅਮਲ ਵਿੱਚ ਲਿਆਉਣ ਦਾ ਸਮਾਂ ਆ ਗਿਆ ਹੈ।

# ਕੈਪਟਨ ਅਮਰਿੰਦਰ ਸਿੰਘ ਦੇਣਗੇ ਕਾਂਗਰਸ ਨੂੰ ਆਕਸੀਜਨ !

ਕਮਲਜੀਤ ਸਿੰਘ ਬਨਵੈਤ
98147 34035



ਪੰਜਾਬ ਦੀ ਸਿਆਸਤ ਬੜੀ ਤੇਜ਼ੀ ਨਾਲ ਉਸਲਵੱਟੇ ਲੈ ਰਹੀ ਹੈ। ਪੰਜਾਬ ਦੀ ਸਿਆਸਤ ਜੋ ਬਾਹਰੋਂ ਦੇਖਣ ਨੂੰ ਲੱਗ ਰਹੀ ਹੈ, ਅੰਦਰੋਂ ਉਹ ਨਹੀਂ ਹੈ। ਹਾਲਾਤ ਇਥੋਂ ਤੱਕ ਕਰਵਟ ਲੈ ਗਏ ਹਨ ਕਿ ਪੱਤਰਕਾਰਾਂ ਤੇ ਲੇਖਕਾਂ ਕੋਲੋ ਅੰਦਰਲੀ ਸੂਹ ਹੁੰਦਿਆਂ ਹੋਇਆਂ ਵੀ ਬੜਾ ਕੁਝ ਲਿਖਣ ਤੋਂ ਬਚਣਾ ਪੈ ਰਿਹਾ ਹੈ। ਟਕਸਾਲੀ ਕਾਂਗਰਸੀ ਰਹੇ ਕੇਵਲ ਸਿੰਘ ਢਿੱਲੋਂ ਨੂੰ ਪੰਜਾਬ ਭਰਤੀ ਜਨਤਾ ਪਾਰਟੀ ਦਾ ਪ੍ਰਧਾਨ ਕਿਉਂ ਬਣਾਇਆ, ਰਵਨੀਤ ਸਿੰਘ ਬਿੱਟੂ ਦੀ ਪੰਜਾਬ ਵਾਪਸੀ ਕਿਉਂ ਹੋਈ, ਸੁਨੀਲ ਜਾਖੜ ਦਾ ਪੱਤਾ ਸਾਫ਼ ਕਿਉਂ ਹੋਇਆ, ਤਰੁਣ ਚੁੱਘ ਬਾਜ਼ੀ ਕਿਉਂ ਮਾਰ ਗਏ, ਨੂੰ ਲੈ ਕੇ ਬੜੇ ਸਾਰੇ ਜਵਾਬ ਕੰਨੀ ਪੈ ਰਹੇ ਹਨ। ਜੋ ਕੁਝ ਅੰਦਾਜ਼ੇ ਲੱਗ ਰਹੇ ਹਨ, ਅਸਲੀਅਤ ਉਸ ਤੋਂ ਉਲਟ ਹੈ। ਅਸਲ ਵਿੱਚ ਸਿਆਸਤ ਬਾਰੇ ਕਿਹਾ ਹੀ ਇਹ ਜਾਂਦਾ ਹੈ ਕਿ ਜੋ ਕੁਝ ਬਾਹਰੋਂ ਦਿਸਦਾ ਹੈ ਉਹ ਅੰਦਰੋਂ ਨਹੀਂ ਹੁੰਦੀ ਅਤੇ ਜੋ ਕੁਝ ਅੰਦਰ ਚੱਲ ਰਿਹਾ ਹੈ ਉਹ ਬਾਹਰੋਂ ਦਿਸਦਾ ਨਹੀਂ ਹੈ। ਪੰਜਾਬ ਦੀ ਸਿਆਸਤ ਨੂੰ ਇਸੇ ਐਨਕ ਰਾਹੀਂ ਦੇਖਿਆ ਜਾਣਾ ਬਣਦਾ ਹੈ।

ਯਕੀਨ ਕਰਨਾ ਤਾਂ ਇਹ ਵੀ ਔਖਾ ਲੱਗਦਾ ਹੈ ਕਿ ਜਿਸ ਕੈਪਟਨ ਅਮਰਿੰਦਰ ਸਿੰਘ ਨੂੰ ਮੁੱਖ ਮੰਤਰੀ ਦੀ ਕੁਰਸੀ ਤੋਂ ਲਾਹਿਆ ਗਿਆ ਸੀ, ਉਹੋ ਸਾਬਕਾ ਮੁੱਖ ਮੰਤਰੀ ਹੁਣ ਕਾਂਗਰਸ ਲਈ ਆਕਸੀਜਨ ਬਣਨ ਲੱਗਾ ਹੈ। ਕੈਪਟਨ ਅਮਰਿੰਦਰ ਸਿੰਘ ਜਦੋਂ ਮੁੱਖ ਮੰਤਰੀ ਦੀ ਕੁਰਸੀ ਤੋਂ ਲਾਂਭੇ ਹੋਏ ਤਾਂ ਉਹਨਾਂ ਨੇ ਭਾਜਪਾ ਦਾ ਪੱਲਾ ਫੜ ਲਿਆ ਸੀ। ਹੁਣ ਭਾਰਤੀ ਜਨਤਾ ਪਾਰਟੀ ਦੀ ਉਹ ਆਲੋਚਨਾ ਕਰਨ ਲੱਗੇ ਹਨ। ਮਕਸਦ ਉਹਨਾਂ ਦਾ ਆਪਣੀ ਚੌਧਰ ਚਮਕਾਉਣਾ ਹੋ ਸਕਦਾ ਹੈ ਅਤੇ ਪਰਿਵਾਰ ਵੀ ਉਹਨਾਂ ਦੀ ਕਮਜ਼ੋਰੀ ਬਣ ਗਈ ਹੋ ਸਕਦੀ ਹੈ। ਇੱਕ ਗੱਲ ਸੁਣਨ ਤੇ ਪੜ੍ਹਨ ਨੂੰ ਸ਼ਾਇਦ ਔਖੀ ਲੱਗੇ ਕਿ ਕੈਪਟਨ ਅਮਰਿੰਦਰ ਸਿੰਘ ਦੀ ਕਾਂਗਰਸ ਵਿੱਚ ਵਾਪਸੀ ਭਾਜਪਾ ਤੇ ਕਾਂਗਰਸ ਦੋਹਾਂ ਨੂੰ ਵਾਰਾ ਖਾ ਰਹੀ ਹੈ। ਕੈਪਟਨ ਅਮਰਿੰਦਰ ਸਿੰਘ ਉਮਰ ਦੇ ਜਿਸ ਪੜਾਅ ਵਿੱਚ ਪੁੱਜ ਚੁੱਕੇ ਹਨ ਅਤੇ ਜਿਵੇਂ ਉਹਨਾਂ ਦੀ ਸਿਹਤ ਚੱਲ ਰਹੀ ਹੈ, ਸ਼ਾਇਦ ਉਹ ਪੰਜਾਬ ਦੀ ਸਿਆਸਤ ਵਿੱਚ ਕੋਈ ਨਵੀਂ ਇਬਾਰਤ ਨਾ ਲਿਖ ਸਕਣ ਪਰ ਇੱਕ ਗੱਲ ਪੱਕੀ ਹੈ ਕਿ ਉਹ ਡੁੱਬਦੀ ਕਾਂਗਰਸ ਦਾ ਪਾਰ ਉਤਾਰਾ ਕਰਨ ਦੀ ਹਾਲੇ ਵੀ ਸਮਰੱਥਾ ਰੱਖਦੇ ਹਨ। ਜੇ ਉਹ ਕਾਂਗਰਸ ਦੀ ਵਾਗ ਡੋਰ ਸੰਭਾਲ ਲੈਂਦੇ ਹਨ ਤਦ ਗੱਲ ਸਰਕਾਰ ਬਣਾਉਣ ਵੱਲ ਨੂੰ ਵੱਧ ਸਕਦੀ ਹੈ, ਇਹ ਵੱਖਰੀ ਗੱਲ ਹੈ ਕਿ ਕਾਂਗਰਸ ਜਿੱਤ ਜਾਂਦੀ ਹੈ ਤਾਂ ਉਹ ਆਪਣੀ ਸਰਕਾਰ ਆਪਣੇ ਖ਼ਾਸਮ ਖ਼ਾਸਾਂ ਨੂੰ ਲੀਜ਼ 'ਤੇ ਦੇ ਦੇਣ। ਇਸ ਵਾਰ ਉਹਨਾਂ ਦੀ ਬੇਟੀ ਜੈ ਇੰਦਰ ਕੌਰ ਅਤੇ ਪਤਨੀ ਪ੍ਰਨੀਤ ਕੌਰ ਦੇ ਰੋਲ ਨੂੰ ਮਨਫੀ ਕਰਕੇ ਨਹੀਂ ਦੇਖਿਆ ਜਾਵੇਗਾ।

ਕੈਪਟਨ ਅਮਰਿੰਦਰ ਸਿੰਘ ਉੱਤੇ ਪਿਛਲੀ ਸਰਕਾਰ ਵਿੱਚ ਮੁੱਖ ਮੰਤਰੀ ਹੁੰਦਿਆਂ ਭਾਜਪਾ ਦੇ ਇਸ਼ਾਰੇ 'ਤੇ ਕੰਮ ਕਰਨ ਦੇ ਦੋਸ਼ ਲੱਗਦੇ ਰਹੇ ਹਨ। ਅਗਲੀਆਂ ਚੋਣਾਂ ਵਿੱਚ ਵੀ ਉਹਨਾਂ ਨੂੰ ਮੁੱਖ ਮੰਤਰੀ ਦੀ ਕੁਰਸੀ 'ਤੇ ਬੈਠਣ ਦਾ ਮੌਕਾ ਮਿਲਦਾ ਹੈ ਤਦ ਵੀ ਉਹ ਆਪਣੀ ਚਾਲ ਬਦਲਣ ਹੀ ਲੱਗੇ। ਕਾਂਗਰਸ ਨੂੰ ਸੱਤਾ ਦਿਸ ਰਹੀ ਹੈ ਅਤੇ ਭਾਜਪਾ ਨੂੰ ਉਂਗਲੀਆਂ 'ਤੇ ਨੱਚਣ ਵਾਲਾ ਮੰਤਰੀ ਲੋੜੀਂਦਾ ਹੈ।

ਸੁਨੀਲ ਜਾਖੜ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਰਹੇ ਹਨ। ਉਹਨਾਂ ਨੂੰ ਸਿਆਸਤ ਹੀ ਵਿਰਾਸਤ ਵਿੱਚੋਂ ਨਹੀਂ ਮਿਲੀ ਸਗੋਂ ਉਹਨਾਂ ਦੇ ਵਡੇਰੇ ਕੇਂਦਰ ਵਿੱਚ ਵੀ ਵੱਡੇ ਅਹੁਦਿਆਂ 'ਤੇ ਰਹੇ ਹਨ। ਜਦੋਂ ਉਹ ਸਮਝਣ ਲੱਗੇ ਕਿ ਕਾਂਗਰਸ ਪਾਰਟੀ ਨੇ ਉਹਨਾਂ ਨਾਲ ਦਗ਼ਾ ਕੀਤਾ ਹੈ ਤਦ ਉਹਨਾਂ ਨੇ ਭਾਰਤੀ ਜਨਤਾ ਪਾਰਟੀ ਦਾ ਪੱਲਾ ਫੜ ਲਿਆ। ਸ਼ਾਇਦ ਉਹਨਾਂ ਦਾ ਨਵੀਂ ਥਾਂ ਦਿਲ ਨਹੀਂ ਲੱਗਾ ਜਾਂ ਉਹ ਕੁਝ ਕਰਕੇ ਨਹੀਂ ਦਿਖਾ ਸਕੇ, ਜਿਸ ਕਰਕੇ ਉਹਨਾਂ ਨੇ ਕਾਹਲ ਵਿੱਚ ਪ੍ਰਧਾਨਗੀ ਤੋਂ ਅਸਤੀਫ਼ਾ ਦੇ ਦਿੱਤਾ ਸੀ। ਭਾਜਪਾ ਨੇ ਉਹਨਾਂ ਦਾ ਅਸਤੀਫ਼ਾ ਪ੍ਰਵਾਨ ਨਾ ਕੀਤਾ ਪਰ ਅੰਦਰੋਂ ਧੋਖਾ ਦੇਣ ਲਈ ਮੁਆਫ਼ੀ ਵੀ ਨਾ ਦਿੱਤੀ। ਹੁਣ ਸਮਾਂ ਆਉਣ 'ਤੇ ਪ੍ਰਧਾਨਗੀ ਦਾ ਤਾਜ ਕੇਵਲ ਸਿੰਘ ਢਿੱਲੋ ਦੇ ਸਿਰ 'ਤੇ ਸੱਜ ਗਿਆ ਅਤੇ ਸੁਨੀਲ ਜਾਖੜ ਤਿੰਨਾਂ ਵਿੱਚ ਰਹੇ ਨਾ ਤੇਰਾਂ ਵਿੱਚ। ਪੰਜਾਬ ਵਿੱਚ ਹੋਰ ਵੀ ਕਈ ਜੱਟ ਸਿੱਖ ਚਿਹਰੇ ਭਾਰਤੀ ਜਨਤਾ ਪਾਰਟੀ ਵਿੱਚ ਆਪਣੇ ਨੰਬਰ ਬਣਾਉਣ ਲਈ ਤੀਂਘੜ ਰਹੇ ਹਨ ਪਰ ਗੁਣਾਂ ਕੇਵਲ ਸਿੰਘ ਢਿੱਲੋਂ 'ਤੇ ਪੈ ਗਿਆ। ਇੱਕ ਗੱਲ ਦਾ ਇਸ਼ਾਰਾ ਕਰਨਾ ਕਾਫ਼ੀ ਹੋਵੇਗਾ ਕਿ ਕੇਵਲ ਸਿੰਘ ਢਿੱਲੋਂ ਨੂੰ ਪ੍ਰਧਾਨਗੀ ਸੌਂਪਣ ਦਾ ਫ਼ੈਸਲਾ ਭਾਰਤੀ ਜਨਤਾ ਪਾਰਟੀ ਦੀ 2027 ਦੀਆਂ ਵਿਧਾਨ ਸਭਾ ਚੋਣਾਂ ਪ੍ਰਤੀ ਦਿਆਨਤਦਾਰੀ ਵੱਲ ਵੱਡਾ ਸੰਕੇਤ ਕਰਦਾ ਹੈ। ਕੇਵਲ ਸਿੰਘ ਢਿੱਲੋਂ ਜਿਹੜੇ ਪ੍ਰਧਾਨਗੀ ਦੀ ਦੌੜ ਵਿੱਚ ਵੀ ਨਹੀਂ ਸਨ, ਉਹ ਮਾਸ ਲੀਡਰ ਵੀ ਨਹੀਂ ਹਨ, ਪ੍ਰਧਾਨਗੀ ਨੂੰ ਹੱਥ ਵੱਡੇ ਵਪਾਰੀ ਹੋਣ ਕਰਕੇ ਮਾਰ ਗਏ ਦੱਸੇ ਜਾ ਰਹੇ ਹਨ। ਢਿੱਲੋਂ ਦੇ ਪ੍ਰਧਾਨ ਬਣਨ ਨਾਲ ਪੰਜਾਬ ਵਿੱਚ ਵਿਚਰ ਰਹੇ ਜੱਟ ਸਿੱਖ ਲੀਡਰਾਂ ਦੇ ਦਿਲਾਂ ਨੂੰ ਸੱਟ ਤਾਂ ਲੱਗੀ ਹੈ ਪਰ ਭਾਰਤੀ ਜਨਤਾ ਪਾਰਟੀ ਦੇ ਅਨੁਸ਼ਾਸਨ ਦਾ ਡੰਡਾ ਉਹਨਾਂ ਨੂੰ ਜੀਭ ਦੰਦਾਂ ਹੇਠ ਦੇਣ ਲਈ ਮਜਬੂਰ ਕਰ ਰਿਹਾ ਹੈ।

ਦੂਜੇ ਪਾਸੇ ਪੰਜਾਬ ਪ੍ਰਦੇਸ਼ ਕਾਂਗਰਸ ਦਾ ਅਗਲੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਕਰਵਾਇਆ ਸਰਵੇ ਪੁੱਠਾ ਪੈ ਗਿਆ ਹੈ। ਪਹਿਲੇ ਸਰਵੇ ਵਿੱਚ ਕਾਂਗਰਸ ਨੂੰ 30 ਅਤੇ ਦੂਜੇ ਸਰਵੇ ਵਿੱਚ 35 ਸੀਟਾਂ ਮਿਲੀਆਂ ਹਨ। ਸਰਵੇ ਵਿੱਚ ਸ਼ਾਮਿਲ ਲੋਕਾਂ ਨੇ ਪੰਜਾਬ ਲੀਡਰਸ਼ਿਪ ਵਿੱਚ ਬਦਲਾਅ ਦੀ ਮੰਗ ਕੀਤੀ ਹੈ। ਕਾਂਗਰਸ ਹਾਈ ਕਮਾਂਡ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਵੜਿੰਗ ਅਤੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੂੰ ਬਦਲਣ ਦੇ ਰੌਂਅ ਵਿੱਚ ਲੱਗਦੀ ਹੈ। ਕੈਪਟਨ ਅਮਰਿੰਦਰ ਸਿੰਘ ਕਾਂਗਰਸ ਵਿੱਚ ਸ਼ਾਮਿਲ ਹੋ ਜਾਂਦੇ ਹਨ ਤਾਂ ਮੁੱਖ ਮੰਤਰੀ ਦੀ ਕੁਰਸੀ ਲਈ ਭਿੜ ਰਹੇ ਚਾਰ ਨੇਤਾਵਾਂ ਦੀ ਖੁੰਭ ਉਂਝ ਹੀ ਠੱਪੀ ਜਾਣੀ ਹੈ। ਕਾਂਗਰਸ ਕੈਪਟਨ ਅਮਰਿੰਦਰ ਸਿੰਘ ਰਾਹੀਂ ਪੰਜਾਬ ਦੀ ਸੱਤਾ ਦੀ ਪ੍ਰਾਪਤੀ ਦੇਖ ਰਹੀ ਹੈ।

ਉਂਝ ਭਾਜਪਾ ਨੇ ਪਿਛਲੇ ਦਿਨੀਂ ਕੈਪਟਨ ਅਮਰਿੰਦਰ ਸਿੰਘ ਨੂੰ ਈਡੀ ਦਾ ਡੰਡਾ ਵਿਖਾ ਕੇ ਸੁਚੇਤ ਕਰ ਦਿੱਤਾ ਸੀ ਕਿ ਵਿੰਗੇ ਟੇਢੇ ਚੱਲਣ ਦੀ ਥਾਂ ਲੀਹ ਉੱਤੇ ਤੁਰਨ ਵਿੱਚ ਹੀ ਭਲਾਈ ਹੋਵੇਗੀ। ਕੈਪਟਨ ਅਮਰਿੰਦਰ ਸਿੰਘ ਜਦੋਂ ਪਿਛਲੀ ਵਾਰ ਮੁੱਖ ਮੰਤਰੀ ਸਨ ਤਦ ਵੀ ਉਹਨਾਂ ਦੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਨੇੜਤਾ ਸੀ ਅਤੇ ਅੱਜ ਵੀ ਦੋਹਾਂ ਦੇ ਰਿਸ਼ਤਿਆਂ ਵਿੱਚ ਅੰਦਰੋਂ ਕੋਈ ਖਟਾਸ ਨਹੀਂ ਆਇਆ ਹੈ। ਇੱਕ ਗੱਲ ਪੱਕੀ ਹੈ ਕਿ ਕੈਪਟਨ ਅਮਰਿੰਦਰ ਸਿੰਘ ਭਾਜਪਾ ਛੱਡ ਕੇ ਕਾਂਗਰਸ ਵਿੱਚ ਸ਼ਾਮਿਲ ਹੁੰਦੇ ਹਨ ਤਾਂ ਇਸ ਨਾਲ ਰਿਸ਼ਤਿਆਂ ਵਿੱਚ ਪਹਿਲਾਂ ਵਾਲਾ ਰੰਗ ਫਿੱਕਾ ਪੈਣ ਵਾਲਾ ਨਹੀਂ ਹੈ। ਇਸੇ ਕਰਕੇ ਲੇਖ ਦੇ ਸ਼ੁਰੂ ਵਿੱਚ ਮੈਂ ਕਿਹਾ ਸੀ ਕਿ ਸਿਆਸਤ ਜੋ ਬਾਹਰੋਂ ਦਿਸਦੀ ਹੈ ਉਹ ਅੰਦਰੋਂ ਨਹੀਂ ਹੁੰਦੀ ਅਤੇ ਜੋ ਅੰਦਰ ਚੱਲ ਰਿਹਾ ਹੈ ਉਹ ਬਾਹਰ ਨਹੀਂ ਦਿਸਦਾ।

ਕੈਪਟਨ ਅਮਰਿੰਦਰ ਸਿੰਘ ਦੀ ਕਾਂਗਰਸ ਵਿੱਚ ਵਾਪਸੀ ਹੁੰਦੀ ਹੈ ਤਾਂ ਪਾਰਟੀ ਅਤੇ ਮਹਾਰਾਜਾ ਦੋਹਾਂ ਨੂੰ ਮੁਬਾਰਕ !



ਗੁਰਮੀਤ ਸਿੰਘ ਪਲਾਹੀ
9815802070

# ਕੀ ਭਾਰਤ ਨੂੰ ਇੱਕ ਹੋਰ 'ਆਜ਼ਾਦੀ ਅੰਦੋਲਨ' ਦੀ ਲੋੜ ਹੈ?

ਅਜੋਕੇ ਦੌਰ ਵਿੱਚ ਭਾਰਤ ਦਾ ਆਮ ਨਾਗਰਿਕ ਇੱਕ ਅਜਿਹੇ ਦੌਰ ਵਿੱਚੋਂ ਲੰਘ ਰਿਹਾ ਹੈ, ਜਿੱਥੇ ਉਸ ਦੀ ਆਰਥਿਕ ਆਜ਼ਾਦੀ ਅਤੇ ਰੋਜ਼ਾਨਾ ਦੀ ਹੋਂਦ ਸਭ ਤੋਂ ਵੱਡੇ ਸੰਕਟ ਵਿੱਚ ਹੈ। ਦੇਸ਼ ਵਿੱਚ ਪਿਛਲੇ ਕੁਝ ਦਿਨਾਂ ਤੋਂ ਮਹਿੰਗਾਈ ਆਮ ਲੋਕਾਂ ਲਈ ਇੱਕ ਨਾ-ਸਹਿਣਯੋਗ ਕਹਿਰ ਬਣ ਕੇ ਟੁੱਟ ਰਹੀ ਹੈ। ਜੇਕਰ ਮਹਿਜ਼ ਪਿਛਲੇ 30 ਦਿਨਾਂ ਦੇ ਅੰਕੜਿਆਂ 'ਤੇ ਨਜ਼ਰ ਮਾਰੀਏ, ਤਾਂ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਲਗਭਗ 7.50 ਰੁਪਏ ਪ੍ਰਤੀ ਲੀਟਰ ਦਾ ਭਾਰੀ ਅਤੇ ਬੇਰਹਿਮ ਵਾਧਾ ਕੀਤਾ ਜਾ ਚੁੱਕਾ ਹੈ। ਇਹ ਵਾਧਾ ਸਿਰਫ਼ ਤੇਲ ਦੀਆਂ ਕੀਮਤਾਂ ਤੱਕ ਸੀਮਤ ਨਹੀਂ ਹੈ, ਬਲਕਿ ਇਸ ਦਾ ਸਿੱਧਾ ਅਤੇ ਘਾਤਕ ਅਸਰ ਦੇਸ਼ ਦੇ ਕਰੋੜਾਂ ਪਰਿਵਾਰਾਂ ਦੀ ਰਸੋਈ ਅਤੇ ਬਜਟ 'ਤੇ ਪਿਆ ਹੈ। ਇਸ ਅਚਾਨਕ ਹੋਏ ਵਾਧੇ ਨੇ ਇੱਕ ਸਧਾਰਨ ਮੱਧਵਰਗੀ ਜਾਂ ਹੇਠਲੇ ਮੱਧਵਰਗੀ ਪਰਿਵਾਰ ਦਾ ਮਹੀਨਾਵਾਰ ਬਜਟ 2000 ਰੁਪਏ ਤੋਂ ਲੈ ਕੇ 3000 ਰੁਪਏ ਤੱਕ ਵਧਾ ਦਿੱਤਾ ਹੈ। ਜਦੋਂ ਦੇਸ਼ ਵਿੱਚ ਤੇਲ ਦੀਆਂ ਕੀਮਤਾਂ ਵਧਦੀਆਂ ਹਨ, ਤਾਂ ਕਾਰ, ਸਕੂਟਰ, ਟਰੈਕਟਰ ਅਤੇ ਪਬਲਿਕ ਟ੍ਰਾਂਸਪੋਰਟ ਦੇ ਖਰਚੇ ਵਧਣੇ ਲਾਜ਼ਮੀ ਹਨ। ਇਸ ਟ੍ਰਾਂਸਪੋਰਟੇਸ਼ਨ ਖਰਚੇ (ਭਾੜੇ) ਦੇ ਵਾਧੇ ਦਾ ਸਿੱਧਾ ਅਸਰ ਬਾਜ਼ਾਰ ਵਿੱਚ ਮਿਲਣ ਵਾਲੀਆਂ ਸਬਜ਼ੀਆਂ, ਫਲਾਂ, ਦੁੱਧ ਅਤੇ ਰੋਜ਼ਾਨਾ ਦੇ ਕਰਿਆਨੇ ਦੇ ਭਾਅ 'ਤੇ ਪੈਂਦਾ ਹੈ। ਨਤੀਜਾ ਇਹ ਨਿਕਲਦਾ ਹੈ ਕਿ ਆਮ ਆਦਮੀ ਦੀ ਕਮਾਈ ਦਾ ਇੱਕ ਬਹੁਤ ਵੱਡਾ ਹਿੱਸਾ ਸਿਰਫ਼ ਜ਼ਿੰਦਾ ਰਹਿਣ ਲਈ ਲੋੜੀਂਦੀਆਂ ਵਸਤੂਆਂ ਖਰੀਦਣ ਵਿੱਚ ਹੀ ਖ਼ਤਮ ਹੋ ਜਾਂਦਾ ਹੈ। ਇਹ ਵਧ ਰਹੀ ਮਹਿੰਗਾਈ ਦੇਸ਼ ਦੇ ਆਮ ਨਾਗਰਿਕਾਂ ਦੀ ਜੇਬ 'ਤੇ ਇੱਕ ਅਜਿਹਾ ਚੁੱਪ-ਚਾਪ ਡਾਕਾ ਹੈ, ਜਿਸ ਦੀ ਗੂੰਜ ਭਾਵੇਂ ਸੜਕਾਂ 'ਤੇ ਸੁਣਾਈ ਨਾ ਦੇਵੇ, ਪਰ ਇਸ ਦਾ ਦਰਦ ਹਰ ਘਰ ਵਿੱਚ ਮਹਿਸੂਸ ਕੀਤਾ ਜਾ ਰਿਹਾ ਹੈ। ਲੋਕ ਇਸ ਨੂੰ ਆਪਣੀ ਕਿਸਮਤ ਮੰਨ ਕੇ, ਇੱਕ 'ਸਾੜਸਤੀ' ਵਾਂਗ ਚੁੱਪਚਾਪ ਸਹਿਣ ਕਰਨ ਲਈ ਮਜਬੂਰ ਹੋ ਗਏ ਹਨ। ਜੇਕਰ ਅਸੀਂ ਭਾਰਤ ਦੇ ਰਾਜਨੀਤਿਕ ਅਤੀਤ ਵੱਲ ਝਾਤ ਮਾਰੀਏ, ਤਾਂ ਜਨਤਾ ਦੇ ਹੱਕਾਂ ਲਈ ਲੜਨ ਅਤੇ ਸਰਕਾਰਾਂ ਦੀਆਂ ਲੋਕ-ਵਿਰੋਧੀ ਨੀਤੀਆਂ ਦਾ ਵਿਰੋਧ ਕਰਨ ਦਾ ਇੱਕ ਸ਼ਾਨਦਾਰ ਇਤਿਹਾਸ ਮਿਲਦਾ ਹੈ। ਇੱਕ ਦੌਰ ਉਹ ਸੀ ਜਦੋਂ ਦੇਸ਼ ਵਿੱਚ ਡਬਲਰੋਟੀ ਜਾਂ ਕਿਸੇ ਆਮ ਵਸਤੂ ਦੀ ਕੀਮਤ ਵਿੱਚ ਮਹਿਜ਼ ਇੱਕ ਪੈਸੇ ਦਾ ਵਾਧਾ ਹੋਣ 'ਤੇ ਵੀ ਦੇਸ਼ ਦੀਆਂ ਕਮਿਊਨਿਸਟ ਅਤੇ ਖੱਬੀਆਂ ਪਾਰਟੀਆਂ ਸੜਕਾਂ 'ਤੇ ਉਤਰ ਆਉਂਦੀਆਂ ਸਨ। ਪੂਰੇ ਦੇਸ਼ ਵਿੱਚ ਤੁਰੰਤ ਦੇਸ਼ ਵਿਆਪੀ ਅੰਦੋਲਨ ਛੇੜ ਦਿੱਤੇ ਜਾਂਦੇ ਸਨ, ਜਿਸ ਨਾਲ ਹਾਕਮ ਧਿਰ ਨੂੰ ਆਪਣੇ ਫੈਸਲੇ ਬਦਲਣੇ ਪੈਂਦੇ ਸਨ। ਸਿਆਸਤ ਵਿੱਚ ਜਨਤਾ ਪ੍ਰਤੀ ਇੱਕ ਜਵਾਬਦੇਹੀ ਅਤੇ ਡਰ ਹੁੰਦਾ ਸੀ। ਪਰ ਅੱਜ ਦੇ ਵਰਤਮਾਨ ਦੌਰ ਵਿੱਚ ਸਥਿਤੀ ਬਿਲਕੁਲ ਉਲਟ ਚੁੱਕੀ ਹੈ। ਅੱਜ ਜਦੋਂ ਮਹਿੰਗਾਈ ਅਸਮਾਨ ਛੂਹ ਰਹੀ ਹੈ ਅਤੇ ਤੇਲ ਦੀਆਂ ਕੀਮਤਾਂ ਰੋਜ਼ਾਨਾ ਨਵੇਂ ਰਿਕਾਰਡ ਬਣਾ ਰਹੀਆਂ ਹਨ ਤਾਂ ਦੇਸ਼ ਦੀਆਂ ਖੱਬੀਆਂ ਧਿਰਾਂ ਅਤੇ ਰਵਾਇਤੀ ਅੰਦੋਲਨਕਾਰੀ ਪਾਰਟੀਆਂ ਗੂੜ੍ਹੀ ਨੀਂਦ ਸੌਂ ਰਹੀਆਂ ਹਨ। ਦੂਜੇ ਪਾਸੇ, ਦੇਸ਼ ਦੀ ਮੁੱਖ ਵਿਰੋਧੀ ਧਿਰ ਦੇ ਆਗੂਆਂ ਨੇ ਜਨਤਾ ਦੀ ਲੜਾਈ ਸੜਕਾਂ 'ਤੇ ਲੜਨ ਦੀ ਬਜਾਏ, ਸੋਸ਼ਲ ਮੀਡੀਆ ਦੇ ਪਲੇਟਫਾਰਮਾਂ ਤੱਕ ਸੀਮਤ ਕਰ ਦਿੱਤੀ ਹੈ। ਵਿਰੋਧੀ ਧਿਰ ਦੇ ਨੇਤਾ ਸੋਸ਼ਲ ਮੀਡੀਆ 'ਤੇ ਬਿਆਨਬਾਜ਼ੀ ਕਰਕੇ ਆਪਣੀ ਜ਼ਿੰਮੇਵਾਰੀ ਤੋਂ ਸੁਰਖ਼ਰੂ ਹੋ ਰਹੇ ਹਨ।

ਜਨਤਾ ਦੇ ਹੱਕਾਂ ਲਈ ਇੱਕ ਮਜ਼ਬੂਤ ਵਿਰੋਧ ਪ੍ਰਦਰਸ਼ਨ ਖੜ੍ਹਾ ਕਰਨ ਦੀ ਬਜਾਏ, ਸਿਆਸੀ ਆਗੂ ਅਜੀਬੋ-ਗਰੀਬ ਦਲੀਲਾਂ ਦੇ ਰਹੇ ਹਨ। ਅੱਜ ਇਹ ਕਿਹਾ ਜਾ ਰਿਹਾ ਹੈ ਕਿ ਮੋਦੀ ਸਰਕਾਰ ਵੱਲੋਂ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਕਿਸ਼ਤਾਂ ਵਿੱਚ ਇਸ ਲਈ ਵਧਾਈਆਂ ਜਾ ਰਹੀਆਂ ਹਨ ਤਾਂ ਜੋ ਜਨਤਾ ਨੂੰ ਇਕਦਮ ਵੱਡਾ ਝਟਕਾ ਨਾ ਲੱਗੇ ਅਤੇ ਉਨ੍ਹਾਂ ਦੀ ਜੇਬ ਆਸਾਨੀ ਨਾਲ ਅਤੇ ਚੁੱਪਚਾਪ ਕੱਟੀ ਜਾ ਸਕੇ। ਇਹ ਸਥਿਤੀ ਵਿਰੋਧੀ ਧਿਰ ਦੀ ਨਾਕਾਮੀ ਨੂੰ ਦਰਸਾਉਂਦੀ ਹੈ। ਸਵਾਲ ਇਹ ਪੈਦਾ ਹੁੰਦਾ ਹੈ ਕਿ ਅੱਜ ਦੀ ਵਿਰੋਧੀ ਧਿਰ ਇਸ ਮਹਿੰਗਾਈ, ਵਧ ਰਹੀ ਬੇਰੁਜ਼ਗਾਰੀ, ਬੇਲਗਾਮ ਭ੍ਰਿਸ਼ਟਾਚਾਰ, ਕੁਸ਼ਾਸਨ ਅਤੇ ਕਾਰਪੋਰੇਟ ਜਗਤ ਵੱਲੋਂ ਕੀਤੀ ਜਾ ਰਹੀ ਅੰਨ੍ਹੀ ਲੁੱਟ ਵਿਰੁੱਧ ਇੱਕ ਦੇਸ਼ ਵਿਆਪੀ ਅਤੇ ਪ੍ਰਭਾਵਸ਼ਾਲੀ ਜਨ-ਅੰਦੋਲਨ ਖੜ੍ਹਾ ਕਰਨ ਵਿੱਚ ਇੰਨਾ ਅਸਫ਼ਲ ਅਤੇ ਬੇਵੱਸ ਕਿਉਂ ਸਾਬਤ ਹੋ ਰਿਹਾ ਹੈ? ਜੇਕਰ ਅਸੀਂ ਅੰਕੜਿਆਂ 'ਤੇ ਨਜ਼ਰ ਮਾਰੀਏ, ਤਾਂ ਦੇਸ਼ ਦੀਆਂ ਤਿੰਨ ਪ੍ਰਮੁੱਖ ਸਰਕਾਰੀ ਤੇਲ ਕੰਪਨੀਆਂ ਨੇ ਵਿੱਤੀ ਵਰ੍ਹੇ 2025-26 ਦੀ ਚੌਥੀ ਤਿਮਾਹੀ ਵਿੱਚ 28% ਤੋਂ ਲੈ ਕੇ 81% ਤੱਕ ਦਾ ਰਿਕਾਰਡ ਮੁਨਾਫ਼ਾ ਕਮਾਇਆ ਹੈ। ਜੇਕਰ ਪੂਰੇ ਸਾਲ ਦੇ ਵਿੱਤੀ ਨਤੀਜਿਆਂ ਨੂੰ ਦੇਖਿਆ ਜਾਵੇ, ਤਾਂ ਇਨ੍ਹਾਂ ਤਿੰਨੇ ਕੰਪਨੀਆਂ ਦਾ ਸ਼ੁੱਧ ਮੁਨਾਫ਼ਾ 94% ਤੋਂ 224% ਤੱਕ ਰਿਹਾ ਹੈ। ਹੁਣ ਸਵਾਲ ਇਹ ਉੱਠਦਾ ਹੈ ਕਿ ਪਿਛਲੇ ਸਾਲਾਂ ਵਿੱਚ ਇੰਨਾ ਅੰਨ੍ਹਾ ਮੁਨਾਫ਼ਾ ਕਮਾਉਣ ਦੇ ਬਾਵਜੂਦ, ਜਦੋਂ ਵੀ ਕੰਪਨੀਆਂ ਨੂੰ ਅੰਤਰਰਾਸ਼ਟਰੀ ਹਾਲਾਤਾਂ ਕਾਰਨ ਥੋੜ੍ਹੇ ਸਮੇਂ ਲਈ ਮਾਮੂਲੀ ਘਾਟਾ ਪੈਂਦਾ ਹੈ, ਤਾਂ ਉਸ ਦਾ ਸਾਰਾ ਭਾਰ ਤੁਰੰਤ ਆਮ ਜਨਤਾ ਦੇ ਸਿਰ ਕਿਉਂ ਮੜ ਦਿੱਤਾ ਜਾਂਦਾ ਹੈ? ਕੰਪਨੀਆਂ ਆਪਣੇ ਮੁਨਾਫੇ ਵਿੱਚੋਂ ਉਸ ਘਾਟੇ ਨੂੰ ਕਿਉਂ ਨਹੀਂ ਭਰਦੀਆਂ? ਦੇਸ਼ ਦਾ ਪੈਟਰੋਲੀਅਮ ਅਤੇ ਪ੍ਰਾਕਿਰਤਕ ਗੈਸ ਮੰਤਰਾਲਾ ਅੱਜ ਜਨਤਾ ਦੇ ਸਾਹਮਣੇ ਕਬੂਲ ਕਰ ਰਿਹਾ ਹੈ ਕਿ ਤੇਲ ਕੀਮਤਾਂ 'ਚ ਵਾਧੇ ਬਾਅਦ ਸਰਕਾਰੀ ਕੰਪਨੀਆਂ ਦਾ ਘਾਟਾ ਹੁਣ 600 ਕਰੋੜ ਰੁਪਏ ਰਹਿ ਗਿਆ ਹੈ। ਇਸ ਤੋਂ ਵੀ ਗੰਭੀਰ ਗੱਲ ਇਹ ਹੈ ਕਿ ਜੀਓ-ਬੀਪੀ ਜਾਂ ਨਾਇਰਾ ਐਨਰਜੀ ਵਰਗੀਆਂ ਨਿੱਜੀ ਕੰਪਨੀਆਂ, ਜਿਨ੍ਹਾਂ ਦਾ ਦੇਸ਼ ਦੇ ਤੇਲ ਕਾਰੋਬਾਰ ਵਿੱਚ ਸਿਰਫ਼ 10% ਹਿੱਸਾ ਹੈ, ਨੂੰ ਫਾਇਦਾ ਪਹੁੰਚਾਉਣ ਲਈ ਸਰਕਾਰੀ ਨੀਤੀਆਂ ਅਤੇ ਕੀਮਤਾਂ ਦੇ ਢਾਂਚੇ ਨੂੰ ਮਰੋੜਿਆ ਜਾ ਰਿਹਾ ਹੈ। ਕਾਰਪੋਰੇਟ ਘਰਾਣਿਆਂ ਦੇ ਹਿੱਤਾਂ ਦੀ ਰਾਖੀ ਲਈ ਸਰਕਾਰੀ ਕੰਪਨੀਆਂ ਵੀ ਕੀਮਤਾਂ ਵਧਾ ਰਹੀਆਂ ਹਨ। ਮੌਜੂਦਾ ਸੰਕੇਤ ਦੱਸਦੇ ਹਨ ਕਿ ਆਉਣ ਵਾਲੇ ਦਿਨਾਂ ਵਿੱਚ ਪੈਟਰੋਲ, ਡੀਜ਼ਲ, ਸੀ.ਐਨ.ਜੀ. ਅਤੇ ਘਰੇਲੂ ਰਸੋਈ ਗੈਸ ਦੀਆਂ ਕੀਮਤਾਂ ਵਿੱਚ ਹੋਰ ਭਾਰੀ ਵਾਧਾ ਦੇਖਣ ਨੂੰ ਮਿਲੇਗਾ, ਜਿਸ ਨਾਲ ਆਮ ਆਦਮੀ ਦਾ ਜਿਊਣਾ ਹੋਰ ਦੁਭਰ ਹੋ ਜਾਵੇਗਾ। ਸਿਆਸੀ ਪਾਰਟੀਆਂ ਅਤੇ ਤੇਲ ਕੰਪਨੀਆਂ ਦਾ ਆਪਸੀ ਗੱਠਜੋੜ ਦੇਸ਼ ਦੇ ਪੰਜ ਰਾਜਾਂ ਦੀਆਂ ਚੋਣਾਂ ਦੌਰਾਨ ਪੂਰੀ ਤਰ੍ਹਾਂ ਨੰਗਾ ਹੋ ਗਿਆ ਸੀ। ਜਦੋਂ ਤੱਕ ਚੋਣਾਂ ਦਾ ਦੌਰ ਚੱਲਦਾ ਰਿਹਾ, ਉਦੋਂ ਤੱਕ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਤੇਲ ਦੀਆਂ ਕੀਮਤਾਂ ਵਧਣ ਦੇ ਬਾਵਜੂਦ ਭਾਰਤ ਵਿੱਚ ਪੈਟਰੋਲ-ਡੀਜ਼ਲ ਦੇ ਭਾਅ 'ਤੇ ਪੂਰੀ ਤਰ੍ਹਾਂ ਚੁੱਪੀ ਵੱਟੀ ਗਈ ਅਤੇ ਇੱਕ ਪੈਸਾ ਵੀ ਨਹੀਂ ਵਧਾਇਆ ਗਿਆ। ਪਰ ਜਿਵੇਂ ਹੀ ਚੋਣਾਂ ਦਾ ਆਖਰੀ ਦੌਰ ਖ਼ਤਮ ਹੋਇਆ ਅਤੇ ਵੋਟਾਂ ਪੈ ਗਈਆਂ, ਤੁਰੰਤ ਤੇਲ ਦੀਆਂ ਕੀਮਤਾਂ ਵਿੱਚ ਰਿਕਾਰਡ ਵਾਧਾ ਕਰਕੇ ਜਨਤਾ ਦੇ ਸਿਰ 'ਤੇ ਭਾਰੀ ਪੰਡ ਲੱਦ ਦਿੱਤੀ ਗਈ।

ਇੱਥੇ ਇਹ ਦੇਖਣ ਵਾਲੀ ਮਹੱਤਵਪੂਰਨ ਗੱਲ ਹੈ ਕਿ ਤੇਲ ਕੰਪਨੀਆਂ ਅੰਤਰਰਾਸ਼ਟਰੀ ਬਾਜ਼ਾਰ ਦੀਆਂ ਕੀਮਤਾਂ ਦਾ ਬਹਾਨਾ ਸਿਰਫ਼ ਆਪਣਾ ਫਾਇਦਾ ਦੇਖ ਕੇ ਬਣਾਉਂਦੀਆਂ ਹਨ। ਜਦੋਂ ਵੀ ਕੱਚੇ ਤੇਲ ਦੀਆਂ ਅੰਤਰਰਾਸ਼ਟਰੀ ਕੀਮਤਾਂ ਵਧਦੀਆਂ ਹਨ, ਤਾਂ ਕੰਪਨੀਆਂ ਤੁਰੰਤ ਭਾਅ ਵਧਾਉਣ ਲਈ ਤਰਲੋਮੱਛੀ ਹੁੰਦੀਆਂ ਹਨ ਅਤੇ ਜਨਤਾ ਦੀ ਜੇਬ ਕੱਟ ਕੇ ਆਪਣਾ ਖਜ਼ਾਨਾ ਭਰ ਲੈਂਦੀਆਂ ਹਨ। ਪਰ ਇਸ ਦੇ ਉਲਟ, ਜਦੋਂ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਕੀਮਤਾਂ ਬਹੁਤ ਜ਼ਿਆਦਾ ਘੱਟ ਜਾਂਦੀਆਂ ਹਨ, ਤਾਂ ਉਸ ਦਾ ਕੋਈ ਵੀ ਲਾਭ ਆਮ ਲੋਕਾਂ ਤੱਕ ਨਹੀਂ ਪਹੁੰਚਾਇਆ ਜਾਂਦਾ। ਉਦਾਹਰਨ ਵਜੋਂ, ਤਾਂ ਦਸੰਬਰ 2023 ਤੱਕ ਦੇ ਲਗਾਤਾਰ 19 ਮਹੀਨਿਆਂ ਵਿੱਚ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੱਚਾ ਤੇਲ ਘੱਟ ਕੇ ਲਗਭਗ 77 ਡਾਲਰ ਪ੍ਰਤੀ ਬੈਰਲ 'ਤੇ ਆ ਗਿਆ ਸੀ। ਇਸ ਦੌਰਾਨ ਤੇਲ ਕੰਪਨੀਆਂ ਨੇ ਲਗਭਗ 1.32 ਲੱਖ ਕਰੋੜ ਰੁਪਏ ਦਾ ਰਿਕਾਰਡ ਮੁਨਾਫ਼ਾ ਕਮਾਇਆ, ਪਰ ਜਨਤਾ ਨੂੰ ਪੈਟਰੋਲ-ਡੀਜ਼ਲ ਸਸਤਾ ਕਰਕੇ ਕੋਈ ਰਾਹਤ ਨਹੀਂ ਦਿੱਤੀ ਗਈ। ਇਸ ਦੇ ਉਲਟ ਜਦੋਂ ਅਗਸਤ-ਸਤੰਬਰ 2021 ਵਿੱਚ ਕੱਚਾ ਤੇਲ 85 ਡਾਲਰ ਪ੍ਰਤੀ ਬੈਰਲ ਸੀ ਤਾਂ ਤੇਲ ਕੰਪਨੀਆਂ ਨੇ ਮਹਿਜ਼ 33 ਦਿਨਾਂ ਦੇ ਅੰਦਰ 25 ਵਾਰ ਕੀਮਤਾਂ ਵਧਾਈਆਂ। ਉਸ ਵੇਲੇ ਭੋਪਾਲ ਵਰਗੇ ਸ਼ਹਿਰਾਂ ਵਿੱਚ ਪੈਟਰੋਲ ਦੀ ਕੀਮਤ 114.54 ਰੁਪਏ ਅਤੇ ਡੀਜ਼ਲ ਦੀ ਕੀਮਤ 105.97 ਰੁਪਏ ਪ੍ਰਤੀ ਲੀਟਰ ਤੱਕ ਪਹੁੰਚਾ ਦਿੱਤੀ ਗਈ ਸੀ।

ਸੁਭਾਵਿਕ ਅਤੇ ਨੈਤਿਕ ਤੌਰ 'ਤੇ ਤਾਂ ਇਹ ਚਾਹੀਦਾ ਸੀ ਕਿ ਜੇਕਰ ਰੂਸ-ਯੂਕਰੇਨ ਜੰਗ ਜਾਂ ਕਿਸੇ ਹੋਰ ਕਾਰਨ ਕੰਪਨੀਆਂ ਦੇ ਮੁਨਾਫੇ ਵਿੱਚ ਥੋੜ੍ਹੀ ਕਮੀ ਆ ਰਹੀ ਸੀ, ਤਾਂ ਉਹ ਖੁਦ ਉਸ ਦਾ ਭਾਰ ਚੁੱਕਦੀਆਂ ਅਤੇ ਸਰਕਾਰ ਆਪਣੇ ਟੈਕਸਾਂ ਵਿੱਚ ਕਟੌਤੀ ਕਰਦੀ। ਪਰ ਸਰਕਾਰ ਦੀ ਸਰਪ੍ਰਸਤੀ ਅਤੇ ਕਾਰਪੋਰੇਟ-ਪੱਖੀ ਨੀਤੀਆਂ ਕਾਰਨ ਹਮੇਸ਼ਾ ਜਨਤਾ ਨੂੰ ਹੀ ਬਲੀ ਦਾ ਬੱਕਰਾ ਬਣਾਇਆ ਜਾਂਦਾ ਹੈ, ਜੋ ਕਿ ਕਿਸੇ ਵੀ ਤਰ੍ਹਾਂ ਤਰਕਸੰਗਤ ਨਹੀਂ ਹੈ। ਅੱਜ ਦੇਸ਼ ਦੀ ਰਾਜਨੀਤੀ ਵਿੱਚ ਇੱਕ ਬਹੁਤ ਹੀ ਖ਼ਤਰਨਾਕ ਰੁਝਾਨ ਦੇਖਣ ਨੂੰ ਮਿਲ ਰਿਹਾ ਹੈ। ਚਾਹੇ ਭਾਜਪਾ ਹੋਵੇ, ਕਾਂਗਰਸ ਹੋਵੇ, ਟੀ.ਐਮ.ਸੀ. ਹੋਵੇ ਜਾਂ ਆਮ ਆਦਮੀ ਪਾਰਟੀ - ਸਾਰੀਆਂ ਸਿਆਸੀ ਧਿਰਾਂ ਜਨਤਾ ਦੇ ਨਾਂ 'ਤੇ ਸਿਰਫ਼ ਆਪਣੀ ਸਿਆਸੀ ਰੋਟੀ ਸੇਕ ਰਹੀਆਂ ਹਨ। ਚੋਣਾਂ ਜਿੱਤਣ ਅਤੇ ਸੱਤਾ ਹਾਸਲ ਕਰਨ ਲਈ 'ਸਾਮ, ਦਾਮ, ਦੰਡ, ਭੇਦ' ਦੀ ਖੁੱਲ੍ਹ ਕੇ ਵਰਤੋਂ ਕੀਤੀ ਜਾ ਰਹੀ ਹੈ। ਇੱਕ ਪਾਸੇ ਵਿਰੋਧੀ ਸੁਰਾਂ ਨੂੰ ਦਬਾਉਣ ਲਈ ਈ.ਡੀ., ਇਨਕਮ ਟੈਕਸ ਅਤੇ ਹੋਰ ਸਰਕਾਰੀ ਜਾਂਚ ਏਜੰਸੀਆਂ ਦੀ ਮਦਦ ਲਈ ਜਾ ਰਹੀ ਹੈ ਅਤੇ ਦੂਜੇ ਪਾਸੇ ਵੋਟਰਾਂ ਨੂੰ ਭਰਮਾਉਣ ਲਈ 'ਮੁਫ਼ਤ ਦੀਆਂ ਰੇਵੜੀਆਂ' ਯਾਨੀ ਲੋਕ-ਲੁਭਾਊ ਯੋਜਨਾਵਾਂ ਦਾ ਸਹਾਰਾ ਲਿਆ ਜਾ ਰਿਹਾ ਹੈ। ਦੇਸ਼ ਦੀ ਅੱਧੀ ਆਬਾਦੀ ਯਾਨੀ ਔਰਤਾਂ ਨੂੰ ਆਪਣੇ ਵੱਲ ਆਕਰਸ਼ਿਤ ਕਰਨ ਲਈ ਵੱਖ-ਵੱਖ ਰਾਜਾਂ ਵਿੱਚ 1500 ਰੁਪਏ ਤੋਂ ਲੈ ਕੇ 2500 ਰੁਪਏ ਮਹੀਨਾਵਾਰ ਆਰਥਿਕ ਸਹਾਇਤਾ ਦੇਣ ਦੀਆਂ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ। ਚੋਣਾਂ ਤੋਂ ਐਨ ਪਹਿਲਾਂ ਔਰਤਾਂ ਦੇ ਖ਼ਾਤਿਆਂ ਵਿੱਚ ਨਕਦੀ ਪਾ ਕੇ ਉਨ੍ਹਾਂ ਨੂੰ ਖੁਸ਼ ਕਰਨਾ ਅਤੇ ਵੋਟਾਂ ਬਟੋਰਨਾ ਅੱਜ ਦੀ ਰਾਜਨੀਤੀ ਦਾ ਮੁੱਖ ਹਥਿਆਰ ਬਣ ਚੁੱਕਾ ਹੈ। ਪਰ ਕੋਈ ਵੀ ਸਰਕਾਰ ਇਸ ਬੁਨਿਆਦੀ ਸਵਾਲ ਦਾ ਜਵਾਬ ਨਹੀਂ ਦਿੰਦੀ ਕਿ ਦੇਸ਼ ਦੇ ਨਾਗਰਿਕਾਂ ਨੂੰ ਮੁਫ਼ਤਖ਼ੋਰੀ ਦੀ ਦਲਦਲ ਵਿੱਚ ਧੱਕਣ ਦੀ ਬਜਾਏ, ਉਨ੍ਹਾਂ ਨੂੰ ਸਵੈ-ਨਿਰਭਰ ਕਿਉਂ ਨਹੀਂ ਬਣਾਇਆ ਜਾਂਦਾ? ਜਨਤਾ ਨੂੰ ਮਿਆਰੀ ਅਤੇ ਮੁਫ਼ਤ ਸਿੱਖਿਆ, ਆਧੁਨਿਕ ਸਿਹਤ ਸਹੂਲਤਾਂ ਅਤੇ ਰੁਜ਼ਗਾਰ ਦੇ ਬਰਾਬਰ ਅਵਸਰ ਦੇਣਾ ਅੱਜ ਕਿਸੇ ਵੀ ਸਿਆਸੀ ਪਾਰਟੀ ਦੀ ਨੀਤੀ ਜਾਂ ਤਰਜੀਹ ਦਾ ਹਿੱਸਾ ਨਹੀਂ ਹੈ।

ਆਰਥਿਕ ਮਾਹਰਾਂ ਦਾ ਮੰਨਣਾ ਹੈ ਕਿ ਕਲਿਆਣਕਾਰੀ ਯੋਜਨਾਵਾਂ ਦੇ ਨਾਂ 'ਤੇ ਸ਼ੁਰੂ ਕੀਤੀਆਂ ਗਈਆਂ ਇਹ ਅੰਨ੍ਹੇਵਾਹ ਮੁਫ਼ਤ ਦੀਆਂ ਸਕੀਮਾਂ ਦੇਸ਼ ਅਤੇ ਸੂਬਿਆਂ ਦੀ ਆਰਥਿਕਤਾ ਨੂੰ ਖੋਖਲਾ ਕਰ ਰਹੀਆਂ ਹਨ। ਭਾਰਤ ਦੇ ਕਈ ਸੂਬੇ ਅੱਜ ਲੱਖਾਂ ਕਰੋੜਾਂ ਰੁਪਏ ਦੇ ਕਰਜ਼ੇ ਦੀ ਦਲਦਲ ਵਿੱਚ ਡੁੱਬ ਚੁੱਕੇ ਹਨ। ਵਿੱਤੀ ਅਨੁਸ਼ਾਸਨ, ਜੋ ਕਿ ਕਿਸੇ ਵੀ ਦੇਸ਼ ਜਾਂ ਸੂਬੇ ਦੀ ਆਰਥਿਕਤਾ ਦੇ ਵਿਕਾਸ ਲਈ 'ਰੀੜ ਦੀ ਹੱਡੀ' ਵਾਂਗ ਹੁੰਦਾ ਹੈ, ਉਹ ਅੱਜ ਪੂਰੀ ਤਰ੍ਹਾਂ ਚਰਮਰਾ ਚੁੱਕਾ ਹੈ। ਇਸ ਸਿਆਸੀ ਲਾਹੇ ਅਤੇ ਵੋਟ ਬੈਂਕ ਦੀ ਖੇਡ ਅੱਗੇ ਦੇਸ਼ ਦੇ ਸਿਆਣੇ ਅਤੇ ਅਰਥਸ਼ਾਸਤਰੀਆਂ ਦੀਆਂ ਚਿੰਤਾਵਾਂ ਪੂਰੀ ਤਰ੍ਹਾਂ ਬੇਅਸਰ ਦਿਖਾਈ ਦੇ ਰਹੀਆਂ ਹਨ। ਸਿਆਸਤਦਾਨਾਂ ਨੇ ਬਹੁਤ ਹੀ ਚਲਾਕੀ ਨਾਲ ਆਮ ਸਧਾਰਨ ਲੋਕਾਂ ਨੂੰ ਦੇਸ਼ ਦੀ ਮੁੱਖ ਰਾਜਨੀਤੀ, ਨੀਤੀ-ਨਿਰਧਾਰਨ ਅਤੇ ਵਿਕਾਸ ਦੀ ਪ੍ਰਕਿਰਿਆ ਤੋਂ ਦੂਰ ਕਰ ਦਿੱਤਾ ਹੈ। ਜਨਤਾ ਨੂੰ ਸਿਰਫ਼ ਇੱਕ 'ਲਾਭਪਾਤਰੀ ਵਰਗ' ਜਾਂ ਕੈਟੇਗਰੀ ਵਿੱਚ ਉਲਝਾ ਕੇ ਰੱਖ ਦਿੱਤਾ ਗਿਆ ਹੈ, ਤਾਂ ਜੋ ਉਹ ਕਦੇ ਵੀ ਰੁਜ਼ਗਾਰ, ਸਿੱਖਿਆ ਅਤੇ ਸਿਹਤ ਵਰਗੇ ਬੁਨਿਆਦੀ ਹੱਕਾਂ 'ਤੇ ਸਰਕਾਰਾਂ ਨੂੰ ਸਵਾਲ ਨਾ ਕਰ ਸਕਣ। ਇਹ ਦੇਸ਼ ਦੇ ਲੋਕਤੰਤਰ ਲਈ ਇੱਕ ਬਹੁਤ ਹੀ ਕੋਝੀ ਅਤੇ ਖ਼ਤਰਨਾਕ ਚਾਲ ਹੈ।

ਅੱਜ ਦੇਸ਼ ਜਿਸ ਨਾਜ਼ੁਕ ਅਤੇ ਚਿੰਤਾਜਨਕ ਦੌਰ ਵਿੱਚੋਂ ਲੰਘ ਰਿਹਾ ਹੈ, ਉੱਥੇ ਮਹਿੰਗਾਈ, ਬੇਰੁਜ਼ਗਾਰੀ ਅਤੇ ਭ੍ਰਿਸ਼ਟਾਚਾਰ ਵਰਗੇ ਮੁੱਦੇ ਹਾਕਮ ਧਿਰ ਦੇ ਸਰੋਕਾਰ (ਏਜੰਡੇ) ਵਿੱਚੋਂ ਪੂਰੀ ਤਰ੍ਹਾਂ ਗਾਇਬ ਹੋ ਚੁੱਕੇ ਹਨ। ਅੱਜ ਸੱਤਾ ਦਾ ਇੱਕੋ-ਇੱਕ ਸਰੋਕਾਰ ਸਿਰਫ਼ ਦੇਸ਼ ਦੇ ਵੱਡੇ ਕਾਰਪੋਰੇਟ ਘਰਾਣਿਆਂ ਦੇ ਹਿੱਤਾਂ ਦੀ ਰਾਖੀ ਕਰਨਾ ਅਤੇ ਉਨ੍ਹਾਂ ਨੂੰ ਖੁਸ਼ ਰੱਖਣਾ ਰਹਿ ਗਿਆ ਹੈ। ਇਨ੍ਹਾਂ ਕਾਰਪੋਰੇਟਾਂ ਰਾਹੀਂ ਮਿਲਣ ਵਾਲੇ ਅੰਨ੍ਹੇ ਪੈਸੇ ਅਤੇ ਮੀਡੀਆ ਦੀ ਤਾਕਤ ਦੇ ਬਲ 'ਤੇ ਆਪਣੀ ਸਿਆਸੀ ਕੁਰਸੀ ਨੂੰ ਸੁਰੱਖਿਅਤ ਰੱਖਣਾ ਹੀ ਅੱਜ ਦੀ ਲੀਡਰਸ਼ਿਪ ਦਾ ਮੁੱਖ ਮਕਸਦ ਬਣ ਚੁੱਕਾ ਹੈ।

ਪਰ ਇਸ ਹਨੇਰੇ ਦੇ ਵਿੱਚ ਇੱਕ ਉਮੀਦ ਦੀ ਕਿਰਨ ਵੀ ਦਿਖਾਈ ਦੇ ਰਹੀ ਹੈ। ਬਿਨਾਂ ਸ਼ੱਕ, ਦੇਸ਼ ਦਾ ਜਾਗਰੂਕ ਨੌਜਵਾਨ ਵਰਗ ਅਤੇ ਸੂਝਵਾਨ ਨਾਗਰਿਕ ਹੁਣ ਸਿਆਸਤਦਾਨਾਂ ਦੀ ਇਸ ਗੰਦੀ ਖੇਡ ਨੂੰ ਸਮਝਣ ਲੱਗ ਪਏ ਹਨ। ਸੋਸ਼ਲ ਮੀਡੀਆ, ਆਜ਼ਾਦ ਪੱਤਰਕਾਰੀ ਅਤੇ ਪ੍ਰੈੱਸ ਰਾਹੀਂ ਹਾਕਮਾਂ ਵੱਲੋਂ ਕੀਤੀ ਜਾ ਰਹੀ ਇਸ ਆਰਥਿਕ ਲੁੱਟ, ਫਿਰਕੂ ਨੀਤੀਆਂ ਅਤੇ ਭ੍ਰਿਸ਼ਟਾਚਾਰ ਦੇ ਖਿਲਾਫ ਲਗਾਤਾਰ ਆਵਾਜ਼ਾਂ ਉੱਠ ਰਹੀਆਂ ਹਨ। ਦੇਸ਼ ਦੇ ਚਿੰਤਕ ਅਤੇ ਸਿਆਣੇ ਲੋਕ ਆਪਣੀਆਂ ਲਿਖਤਾਂ ਰਾਹੀਂ ਜਨਤਾ ਨੂੰ ਜਗਾਉਣ ਦਾ ਯਤਨ ਕਰ ਰਹੇ ਹਨ।

ਪਰ ਜਿਸ ਬੇਰਹਿਮੀ ਅਤੇ ਤੇਜ਼ੀ ਨਾਲ ਦੇਸ਼ ਦੇ ਹਾਕਮ ਪੂਰੇ ਤੰਤਰ ਨੂੰ ਆਰਥਿਕ ਅਤੇ ਸਮਾਜਿਕ ਤਬਾਹੀ ਵੱਲ ਲੈ ਕੇ ਜਾ ਰਹੇ ਹਨ, ਉਸ ਨੂੰ ਰੋਕਣ ਲਈ ਸਿਰਫ਼ ਲਿਖਤਾਂ ਜਾਂ ਬਿਆਨ ਕਾਫ਼ੀ ਨਹੀਂ ਹੋਣਗੇ। ਦੇਸ਼ ਦੇ ਆਮ ਨਾਗਰਿਕਾਂ ਨੂੰ, ਆਪਣੀ ਹੋਂਦ, ਆਪਣੇ ਬੱਚਿਆਂ ਦੇ ਭਵਿੱਖ ਅਤੇ ਲੋਕਤੰਤਰ ਦੀ ਰੱਖਿਆ ਲਈ ਆਉਣ ਵਾਲੇ ਸਮੇਂ ਵਿੱਚ ਇੱਕਜੁੱਟ ਹੋਣਾ ਪਵੇਗਾ। ਜੇਕਰ ਮੌਜੂਦਾ ਹਾਲਾਤ ਨਾ ਬਦਲੇ ਤਾਂ ਸ਼ਾਇਦ ਭਾਰਤ ਦੇ ਆਮ ਲੋਕਾਂ ਨੂੰ ਕਾਰਪੋਰੇਟ-ਸਿਆਸੀ ਗੱਠਜੋੜ ਦੇ ਇਸ ਜਾਲ ਵਿੱਚੋਂ ਨਿਕਲਣ ਲਈ ਇੱਕ ਹੋਰ ਵੱਡਾ ਅਤੇ ਇਤਿਹਾਸਕ 'ਆਜ਼ਾਦੀ ਅੰਦੋਲਨ' ਲੜਨਾ ਪਵੇਗਾ।

# ਵਿੱਤ ਮੰਤਰਾਲੇ ਦੀਆਂ ਪ੍ਰਿੰਟਿੰਗ ਪ੍ਰੈਸਾਂ 'ਚ ਛਾਪਿਆ ਜਾਵੇਗਾ ਨੀਟ-ਯੂਜੀ ਦਾ ਪ੍ਰਸ਼ਨ ਪੱਤਰ

ਨਵੀਂ ਦਿੱਲੀ, 6 ਜੂਨ (ਚ.ਨ.ਸ): ਪੇਪਰ ਲੀਕ ਦੀ ਘਟਨਾ ਤੋਂ ਬਾਅਦ ਮੈਡੀਕਲ ਕੋਰਸਾਂ ਵਿੱਚ ਦਾਖਲੇ ਲਈ 21 ਜੂਨ ਨੂੰ ਦੁਬਾਰਾ ਹੋਣ ਵਾਲੀ ਨੀਟ-ਯੂਜੀ ਪ੍ਰੀਖਿਆ ਦੀ ਪਾਰਦਰਸ਼ਤਾ ਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸਰਕਾਰ ਵੱਲੋਂ ਵਿੱਤ ਮੰਤਰਾਲੇ ਦੀਆਂ ਉਚ-ਸੁਰੱਖਿਆ ਵਾਲੀਆਂ ਪ੍ਰਿੰਟਿੰਗ ਪ੍ਰੈਸਾਂ ਵਿੱਚ ਪ੍ਰਸ਼ਨ ਪੱਤਰ ਛਾਪਣ ਦੀ ਸੰਭਾਵਨਾ 'ਤੇ ਵਿਚਾਰ ਕੀਤਾ ਜਾ ਰਿਹਾ ਹੈ। ਨੀਟ ਪ੍ਰੀਖਿਆ ਦੇ ਪੇਪਰ ਲੀਕ ਹੋਣ ਦੇ ਵਿਵਾਦ ਤੋਂ ਬਾਅਦ, ਕੇਂਦਰ ਸਰਕਾਰ ਤੇ ਨੈਸ਼ਨਲ ਟੈਸਟਿੰਗ ਏਜੰਸੀ ਪ੍ਰੀਖਿਆ ਪ੍ਰਣਾਲੀ ਵਿੱਚ ਵੱਡੇ ਸੁਧਾਰ ਕਰ ਰਹੇ ਹਨ। ਮੁੱਖ ਸੁਰੱਖਿਆ ਉਪਾਅ ਤੇ ਬਦਲਅਪ੍ਰਸ਼ਨ ਪੱਤਰਾਂ ਦੀ ਗੁਪਤਤਾ ਬਣਾਈ ਰੱਖਣ ਲਈ ਹੇਠ ਲਿਖੇ ਸਖ਼ਤ ਕਦਮ ਚੁੱਕੇ ਜਾ ਰਹੇ ਹਨ: **ਸੁਰੱਖਿਅਤ ਪ੍ਰਿੰਟਿੰਗ ਪ੍ਰੈਸ**: ਪ੍ਰਸ਼ਨ ਪੱਤਰਾਂ ਨੂੰ ਸਰਕਾਰੀ ਤੇ ਉਚ-ਸੁਰੱਖਿਆ ਵਾਲੀਆਂ ਪ੍ਰੈਸਾਂ (ਜਿਵੇਂ ਵਿੱਤ ਮੰਤਰਾਲੇ ਦੇ ਅਧੀਨ ਆਉਣ ਵਾਲੀਆਂ ਪ੍ਰੈਸਾਂ) ਵਿੱਚ ਛਾਪਣ ਦੀ ਯੋਜਨਾ ਹੈ ਤਾਂ ਜੋ ਪ੍ਰਿੰਟਿੰਗ ਦੇ ਪੱਧਰ 'ਤੇ ਕੋਈ ਲੀਕ ਨਾ ਹੋ ਸਕੇ। **ਭਾਰਤੀ ਹਵਾਈ ਸੈਨਾ ਦੀ ਮਦਦ**: ਪੇਪਰਾਂ ਨੂੰ ਸੁਰੱਖਿਅਤ ਤਰੀਕੇ ਨਾਲ ਪਹੁੰਚਾਉਣ ਲਈ ਇਨ੍ਹਾਂ ਨੂੰ ਸਿੱਧਾ ਪ੍ਰਿੰਟਿੰਗ ਪ੍ਰੈਸ ਤੋਂ ਭਾਰਤੀ ਹਵਾਈ ਸੈਨਾ ਦੇ ਜਹਾਜ਼ਾਂ ਰਾਹੀਂ ਮੁੱਖ ਕੇਂਦਰਾਂ ਤੱਕ ਏਅਰਲਿਫਟ ਕੀਤਾ ਜਾ ਸਕਦਾ ਹੈ। **ਕਮਾਂਡੋ ਤੇ ਪੁਲਿਸ ਸੁਰੱਖਿਆ**: ਪ੍ਰੈਸ ਤੋਂ ਲੈ ਕੇ ਨੋਡਲ ਹੱਬ ਤੱਕ ਪੇਪਰਾਂ ਦੀ ਨਿਗਰਾਨੀ ਸੈਂਟਰਲ ਆਰਮਡ ਪੁਲਿਸ ਫੋਰਸ ਕਰੇਗੀ ਤੇ ਉੱਥੋਂ ਪ੍ਰੀਖਿਆ ਕੇਂਦਰਾਂ ਤੱਕ ਸਥਾਨਕ ਪੁਲਿਸ ਸੁਰੱਖਿਆ ਦੇਵੇਗੀ। **ਡਿਜੀਟਲ ਲੌਕ ਤੇ GPS ਟ੍ਰੈਕਿੰਗ**: ਪ੍ਰਸ਼ਨ ਪੱਤਰਾਂ ਦੇ ਬਕਸਿਆਂ ਵਿੱਚ ਡਿਜੀਟਲ ਲੌਕ ਤੇ GPS ਟ੍ਰੈਕਿੰਗ ਸਿਸਟਮ ਲਗਾਇਆ ਜਾਵੇਗਾ, ਜੋ ਨਿਸ਼ਚਿਤ ਸਮੇਂ 'ਤੇ ਹੀ ਖੁੱਲ੍ਹਣਗੇ। **ਸੀਸੀਟੀਵੀ ਤੇ ਜੈਮਰ**: ਛਪਾਈ ਵਾਲੀ ਥਾਂ ਤੇ ਪ੍ਰੀਖਿਆ ਕੇਂਦਰਾਂ ਵਿੱਚ 24 ਘੰਟੇ ਸੀਸੀਟੀਵੀ ਨਿਗਰਾਨੀ ਰਹੇਗੀ ਤੇ ਮੋਬਾਈਲ/ਇੰਟਰਨੈਟ ਨੈਟਵਰਕ ਨੂੰ ਬਲਾਕ ਕਰਨ ਲਈ ਜੈਮਰ ਵਰਤੇ ਜਾਣਗੇ। ਇਹ ਸਾਰੇ ਕਦਮ ਆਉਣ ਵਾਲੀਆਂ ਪ੍ਰੀਖਿਆਵਾਂ ਨੂੰ ਪੂਰੀ ਤਰ੍ਹਾਂ ਨਿਰਪੱਖ ਤੇ ਲੀਕ-ਮੁਕਤ ਬਣਾਉਣ ਲਈ ਚੁੱਕੇ ਜਾ ਰਹੇ ਹਨ।




# ਅਮਰੀਕਾ-ਈਰਾਨ ਟਕਰਾਅ 100ਵੇਂ ਦਿਨ 'ਚ ਦਾਖ਼ਲ, ਗੱਲਬਾਤ ਦੇ ਬਾਵਜੂਦ ਜੰਗੀ ਤਣਾਅ ਬਰਕਰਾਰ

ਵਾਸ਼ਿੰਗਟਨ/ਤਹਿਰਾਨ, 6 ਜੂਨ (ਚ.ਨ.ਸ): ਅਮਰੀਕਾ ਤੇ ਈਰਾਨ ਵਿਚਾਲੇ ਚੱਲ ਰਹੀ ਜੰਗ ਤੇ ਸਿਆਸੀ ਗਤੀਰੋਧ ਲਗਾਤਾਰ ਗੰਭੀਰ ਹੁੰਦਾ ਜਾ ਰਿਹਾ ਹੈ ਤੇ ਇਹ ਹੁਣ 100ਵੇਂ ਦਿਨ ਦੇ ਬੇਹੱਦ ਨਾਜ਼ੁਕ ਮੋੜ 'ਤੇ ਪਹੁੰਚ ਚੁੱਕਾ ਹੈ। ਬਲੂਮਬਰਗ ਦੀ ਤਾਜ਼ਾ ਰਿਪੋਰਟ ਮੁਤਾਬਿਕ ਦੋਵਾਂ ਦੇਸ਼ਾਂ ਦਰਮਿਆਨ ਸੰਭਾਵੀ ਜੰਗਬੰਦੀ ਨੂੰ ਲੈ ਕੇ ਚੱਲ ਰਹੀਆਂ ਕੋਸ਼ਿਸ਼ਾਂ ਪੂਰੀ ਤਰ੍ਹਾਂ ਅਸਫਲ ਸਾਬਤ ਹੋ ਰਹੀਆਂ ਹਨ ਤੇ ਦੋਵੇਂ ਧਿਰਾਂ ਆਪਣੀਆਂ ਜ਼ਿੱਦਾਂ 'ਤੇ ਅੜੀਆਂ ਹੋਈਆਂ ਹਨ। ਇਸ ਦੌਰਾਨ ਤਹਿਰਾਨ ਨੇ ਇੱਕ ਵੱਡਾ ਬਿਆਨ ਜਾਰੀ ਕਰਦਿਆਂ ਦਾਅਵਾ ਕੀਤਾ ਹੈ ਕਿ ਸਟ੍ਰੇਟ ਆਫ ਹੋਰਮੁਜ਼ 'ਤੇ ਸਿਰਫ਼ ਈਰਾਨ ਤੇ ਓਮਾਨ ਦੀ ਹੀ ਸੰਪੂਰਨ ਪ੍ਰਭੂਸੱਤਾ ਹੈ। ਸ਼ਿਪ-ਟਰੈਕਿੰਗ ਡੇਟਾ ਦੇ ਮੁਤਾਬਿਕ ਇਸ ਮਹੱਤਵਪੂਰਨ ਸਮੁੰਦਰੀ ਰਸਤੇ ਰਾਹੀਂ ਹੋਣ ਵਾਲੀ ਵਪਾਰਕ ਆਵਾਜਾਈ ਪੂਰੀ ਤਰ੍ਹਾਂ ਠੱਪ ਪਈ ਹੈ, ਜਿਸ ਕਾਰਨ ਸੰਸਾਰ ਪੱਧਰ 'ਤੇ ਤੇਲ ਦੀ ਸਪਲਾਈ ਤੇ ਆਰਥਿਕਤਾ 'ਤੇ ਗੰਭੀਰ ਪ੍ਰਭਾਵ ਪੈ ਰਿਹਾ ਹੈ। ਇਸ ਜੰਗੀ ਸਥਿਤੀ ਦੌਰਾਨ ਦੱਖਣੀ ਲੇਬਨਾਨ ਵਿੱਚ ਈਰਾਨ ਸਮਰਥਿਤ ਹਿਜ਼ਬੁੱਲਾ ਤੇ ਇਜ਼ਰਾਈਲ ਦੇ ਸੁਰੱਖਿਆ ਬਲਾਂ ਵਿਚਕਾਰ ਬੀਤੀ ਰਾਤ ਵੀ ਭਾਰੀ ਝੜਪਾਂ ਤੇ ਗੋਲੀਬਾਰੀ ਹੋਣ ਦੀਆਂ ਖ਼ਬਰਾਂ ਸਾਹਮਣੇ ਆਈਆਂ ਹਨ। ਈਰਾਨ ਨੇ ਸਾਫ਼ ਸ਼ਬਦਾਂ ਵਿੱਚ ਕਿਹਾ ਹੈ ਕਿ ਜਦੋਂ ਤੱਕ ਲੇਬਨਾਨ ਵਿੱਚ ਮੁਕੰਮਲ ਜੰਗਬੰਦੀ ਲਾਗੂ ਨਹੀਂ ਹੁੰਦੀ, ਉਦੋਂ ਤੱਕ ਉਹ ਅਮਰੀਕਾ ਨਾਲ ਕੋਈ ਵੀ ਸਮਝੌਤਾ ਨਹੀਂ ਕਰੇਗਾ। ਦੂਜੇ ਪਾਸੇ, ਈਰਾਨ ਦੇ ਸੁਪਰੀਮ ਲੀਡਰ ਆਇਤੁੱਲਾ ਮੁਜਤਬਾ ਖ਼ਾਮੇਨਈ ਦੇ ਫ਼ੌਜੀ ਸਲਾਹਕਾਰ ਨੇ ਅਮਰੀਕੀ ਨਿਊਜ਼ ਚੈਨਲ ਸੀ.ਐਨ.ਐਨ. ਨਾਲ ਗੱਲਬਾਤ ਕਰਦਿਆਂ ਕਿਹਾ ਕਿ ਹੁਣ ਗੇਂਦ ਪੂਰੀ ਤਰ੍ਹਾਂ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਪਾਲੇ ਵਿੱਚ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਜੇਕਰ ਅਮਰੀਕਾ ਕੋਈ ਸਮਝੌਤਾ ਚਾਹੁੰਦਾ ਹੈ ਤਾਂ ਉਸ ਨੂੰ ਈਰਾਨ ਦੇ ਜ਼ਬਤ ਕੀਤੇ ਗਏ 24 ਅਰਬ ਡਾਲਰ ਦੇ ਫੰਡਾਂ ਨੂੰ ਤੁਰੰਤ ਬਹਾਲ ਕਰਨਾ ਪਵੇਗਾ। ਈਰਾਨੀ ਵਿਦੇਸ਼ ਮੰਤਰੀ ਅੱਬਾਸ ਅਰਾਗਚੀ ਨੇ ਵੀ ਮੀਡੀਆ ਨੂੰ ਦੱਸਿਆ ਕਿ ਵਿਚੋਲਿਆਂ ਰਾਹੀਂ ਸੁਨੇਹਿਆਂ ਦਾ ਆਦਾਨ-ਪ੍ਰਦਾਨ ਜ਼ਰੂਰ ਹੋ ਰਿਹਾ ਹੈ, ਪਰ ਗੱਲਬਾਤ ਵਿੱਚ ਹਾਲੇ ਤੱਕ ਕੋਈ ਵੀ ਸਕਾਰਾਤਮਕ ਜਾਂ ਠੋਸ ਪ੍ਰਗਤੀ ਦੇਖਣ ਨੂੰ ਨਹੀਂ ਮਿਲੀ।



# ਗੱਡੀ ਕਰਾਸ ਕਰਨ ਨੂੰ ਲੈ ਕੇ ਖ਼ੂਨੀ ਭੇੜ, ਨਿਹੰਗ ਸਿੰਘ ਦਾ ਗੋਲ਼ੀਆਂ ਮਾਰ ਕੇ ਕਤਲ

ਬਟਾਲਾ, 6 ਜੂਨ (ਚ.ਨ.ਸ): ਬਟਾਲਾ ਦੇ ਭੀੜ-ਭਾੜ ਵਾਲੇ ਇਲਾਕੇ ਸਿੰਬਲ ਚੌਂਕ ਨੇੜੇ ਦੋ ਗੱਡੀ ਚਾਲਕਾਂ 'ਚ ਗੱਡੀ ਕਰਾਸ ਕਰਨ ਨੂੰ ਲੈ ਕੇ ਹੋਈ ਤਕਰਾਰ ਖ਼ੂਨੀ ਰੂਪ ਧਾਰਨ ਕਰ ਗਈ। ਦੋਵਾਂ ਧਿਰਾਂ ਦੀ ਪਹਿਲਾਂ ਬਹਿਸਬਾਜ਼ੀ ਹੋਈ ਤੇ ਦੇਖਦੇ-ਦੇਖਦੇ ਦੋਵਾਂ ਵੱਲੋਂ ਆਪਣੇ ਲਾਇਸੈਂਸੀ ਪਿਸਤੌਲਾਂ ਨਾਲ ਇੱਕ-ਦੂਜੇ ਉਪਰ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਇਸ ਵਾਰਦਾਤ ਵਿੱਚ ਇੱਕ ਨਿਹੰਗ ਸਿੰਘ ਨੌਜਵਾਨ ਦੀ ਮੌਤ ਹੋ ਗਈ। ਪ੍ਰਤੱਖਦਰਸ਼ੀਆਂ ਮੁਤਾਬਿਕ ਪਹਿਲਾਂ ਗੱਡੀ ਕਰਾਸ ਕਰਨ ਤੋਂ ਦੋਵਾਂ ਧਿਰਾਂ ਵਿਚਾਲੇ ਬਹਿਸ ਹੋ ਰਹੀ ਸੀ ਤੇ ਉਥੇ ਖੜ੍ਹੇ ਕੁੱਝ ਲੋਕਾਂ ਵੱਲੋਂ ਉਨ੍ਹਾਂ ਨੂੰ ਸ਼ਾਂਤ ਕਰਵਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਸੀ ਕਿ ਅਚਾਨਕ ਇੱਕ ਧਿਰ ਦੇ ਨੌਜਵਾਨ ਜੋ ਫਾਰਚੂਨਰ 'ਚ ਸਨ ਨੇ ਆਪਣੀ ਪਿਸਟਲ ਨਾਲ ਫਾਇਰ ਸ਼ੁਰੂ ਕਰ ਦਿੱਤੇ। ਦੇਖਦੇ ਹੀ ਦੇਖਦੇ ਦੂਜੀ ਧਿਰ ਦੇ ਤਿੰਨ ਨੌਜਵਾਨਾਂ ਵੱਲੋਂ ਫਾਇਰ ਸ਼ੁਰੂ ਕਰ ਦਿੱਤੇ ਗਏ। ਇਸ ਗੋਲੀਬਾਰੀ ਵਿੱਚ ਗੱਡੀ 'ਚ ਸਵਾਰ ਇੱਕ ਨਿਹੰਗ ਸਿੰਘ ਨੌਜਵਾਨ ਜਿਸ ਦੀ ਪਹਿਚਾਣ ਦੀਪਇੰਦਰ ਸਿੰਘ ਵਜੋਂ ਹੋਈ ਹੈ, ਦੇ ਗੋਲੀ ਜਾ ਲੱਗੀ। ਗੋਲੀ ਲੱਗਣ ਕਾਰਨ ਨਿਹੰਗ ਦੀਪਇੰਦਰ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਦੋ ਹੋਰ ਨੌਜਵਾਨ ਗੋਲੀਆਂ ਲੱਗਣ ਕਾਰਨ ਜ਼ਖ਼ਮੀ ਹੋ ਗਏ, ਜਿਨ੍ਹਾਂ ਵਿੱਚੋਂ ਇੱਕ ਦੀ ਹਾਲਤ ਨਾਜ਼ੁਕ ਦੱਸੀ ਜਾ ਰਹੀ ਹੈ। ਉਧਰ ਇਸ ਘਟਨਾ ਤੋਂ ਬਾਅਦ ਮੌਕੇ 'ਤੇ ਪਹੁੰਚੇ ਐਸ.ਐਸ.ਪੀ. ਡਾ. ਮਹਿਤਾਬ ਸਿੰਘ ਨੇ ਦੱਸਿਆ ਕਿ ਮੁੱਢਲੀ ਜਾਂਚ 'ਚ ਸਾਹਮਣੇ ਆਇਆ ਹੈ ਕਿ ਰੋਡ ਰੇਜ ਦਾ ਮਾਮਲਾ ਹੈ ਤੇ ਦੋਵਾਂ ਧਿਰਾਂ ਵੱਲੋਂ ਆਪਣੇ ਲਾਇਸੈਂਸੀ ਰਿਵਾਲਵਰ ਨਾਲ ਇੱਕ-ਦੂਸਰੇ 'ਤੇ ਹਮਲਾ ਕੀਤਾ ਗਿਆ ਹੈ। ਐਸਐਸਪੀ ਮੁਤਾਬਿਕ ਇੱਕ ਨੌਜਵਾਨ ਦੀਪਇੰਦਰ ਸਿੰਘ ਦੀ ਮੌਤ ਹੋਈ ਹੈ ਤੇ ਦੋ ਨੌਜਵਾਨ ਗੋਲੀ ਲੱਗਣ ਨਾਲ ਜ਼ਖ਼ਮੀ ਹਨ। ਉਨ੍ਹਾਂ ਕਿਹਾ ਕਿ ਕੇਸ ਦਰਜ ਕਰਕੇ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਛਬੀਲ ਤੇ ਬੂਟੇ ਲਗਾਏ

ਧਾਰੀਵਾਲ, 6 ਜੂਨ (ਅਸ਼ੋਕ ਕੁਮਾਰ): ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਦਸਮੇਸ਼ ਨਗਰ ਧਾਰੀਵਾਲ ਵਿਖੇ ਸਮੂਹ ਸੰਗਤ ਦੇ ਸਹਿਯੋਗ ਨਾਲ ਠੰਡੇ ਮਿੱਠੇ ਪਾਣੀ ਦੀ ਛਬੀਲ ਲਗਾਈ ਗਈ ਤੇ ਵਾਤਾਵਰਨ ਦੀ ਸੰਭਾਲ ਲਈ ਬੂਟੇ ਵੀ ਲਗਾਏ ਗਏ। ਸਮੂਹ ਸੰਗਤਾਂ ਨੇ ਵਾਹਿਗੁਰੂ ਜੀ ਦਾ ਜਾਪ ਕਰਦੇ ਹੋਏ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤ ਤੇ ਮੁਹੱਲਾ ਨਿਵਾਸੀਆਂ ਨੇ ਹਾਜ਼ਰੀ ਭਰੀ। ਸੇਵਾਦਾਰਾਂ ਵੱਲੋਂ ਰਾਹਗੀਰਾਂ ਤੇ ਸੰਗਤ ਨੂੰ ਠੰਡੇ-ਮਿੱਠੇ ਜਲ ਜੀਰਾ ਤੇ ਸ਼ਰਬਤ ਵਰਤਾਇਆ ਗਿਆ। ਸਮੂਹ ਸੰਗਤ ਨੇ ਗੁਰੂ ਸਾਹਿਬ ਜੀ ਦੀ ਲਾਸਾਨੀ ਸ਼ਹਾਦਤ ਨੂੰ ਨਮਨ ਕਰਦਿਆਂ ਉਨ੍ਹਾਂ ਦੇ ਦਰਸਾਏ ਸੇਵਾ, ਸਿਮਰਨ ਤੇ ਮਨੁੱਖਤਾ ਦੇ ਮਾਰਗ 'ਤੇ ਚੱਲਣ ਦਾ ਸੰਕਲਪ ਲਿਆ। ਸਮਾਗਮ ਦੌਰਾਨ ਵਾਤਾਵਰਨ ਨੂੰ ਪ੍ਰਦੂਸ਼ਣ ਤੋਂ ਬਚਾਉਣ ਦੇ ਉਦੇਸ਼ ਨਾਲ ਵੱਖ-ਵੱਖ ਕਿਸਮਾਂ ਦੇ ਬੂਟੇ ਵੀ ਲਗਾਏ ਗਏ। ਇਸ ਮੌਕੇ ਅਸ਼ਵਨੀ ਕੁਮਾਰ ਦੁੱਗਲ, ਗੁਰਤੇਜ ਸਿੰਘ, ਦਵਿੰਦਰ ਸਿੰਘ, ਮਠਾਰੂ ਲੈਬ, ਬਲਬੀਰ ਸਿੰਘ ਬਿੱਟੂ, ਵਿਪੁਲ ਖੋਸਲਾ, ਡਾ.ਗੁਰਬਚਨ ਸਿੰਘ, ਨਰਿੰਦਰ ਪ੍ਰਿੰਜਾ, ਮਨਮੋਹਨਜੀਤ ਸਿੰਘ ਗਿੱਲ, ਜਤਿਨ ਦੁੱਗਲ ਤੋਂ ਇਲਾਵਾ ਹੋਰ ਮੌਜੂਦ ਸਨ।



# ਮਾਂ ਦੇ ਪ੍ਰੇਮੀ ਵੱਲੋਂ ਨਾਬਾਲਿਗ ਲੜਕੀ ਦਾ ਕਤਲ

## ਲਾਸ਼ ਨੂੰ ਅਟੈਚੀ 'ਚ ਬੰਦ ਕਰਕੇ ਜੰਗਲ 'ਚ ਅੱਗ ਲਗਾ ਕੇ ਸਾੜਿਆ, ਦੋਸ਼ੀ ਕਾਬੂ

ਨਵਾਂਸ਼ਹਿਰ, 6 ਜੂਨ (ਸੁਖਦੇਵ ਸਿੰਘ ਉਗਰਾਪੁਰ): ਨਵਾਂਸ਼ਹਿਰ 'ਚ 16 ਸਾਲਾ ਲੜਕੀ ਦਾ ਕਤਲ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਦੇ ਅਨੁਸਾਰ ਮੁਲਜ਼ਮ ਨੇ ਪਹਿਲਾਂ ਲੜਕੀ ਦਾ ਬੇਰਹਿਮੀ ਦੇ ਨਾਲ ਕਤਲ ਕੀਤਾ ਤੇ ਫਿਰ ਲਾਸ਼ ਨੂੰ ਅਟੈਚੀ 'ਚ ਬੰਦ ਕਰਕੇ ਗੜ੍ਹਸ਼ੰਕਰ ਲੈ ਕੇ ਗਿਆ, ਜਿੱਥੇ ਉਸਨੇ ਮਾਨਸੋਵਾਲ ਦੇ ਜੰਗਲ ਵਿੱਚ ਲਾਸ਼ ਨੂੰ ਅੱਗ ਲਗਾ ਦਿੱਤੀ। ਇਸ ਵਾਰੇ ਵਿਸਥਾਰ ਨਾਲ ਪ੍ਰੈਸ ਵਾਰਤਾ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜ਼ਿਲ੍ਹਾ ਪੁਲਿਸ ਮੁਖੀ ਤੁਸ਼ਾਰ ਗੁਪਤਾ ਨੇ ਦੱਸਿਆ ਕਿ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਲੜਕੀ ਦੀ ਮਾਂ ਵੱਲੋਂ ਇੱਕ ਦਰਖ਼ਾਸਤ ਪੁਲਿਸ ਕੋਲ ਦਿੱਤੀ ਗਈ ਸੀ ਕਿ ਉਸਦੀ ਨਾਬਾਲਿਗ ਲੜਕੀ ਨੂੰ ਇੱਕ ਵਿਅਕਤੀ ਫੁਸਲਾ ਕੇ ਵਿਆਹ ਦਾ ਝਾਂਸਾ ਦੇ ਕੇ ਕਿਧਰੇ ਲੈ ਗਿਆ ਹੈ। ਇਸ 'ਤੇ ਪੁਲਿਸ ਵੱਲੋਂ ਕਾਰਵਾਈ ਕਰਦਿਆਂ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ, ਜਿਸ ਤੋਂ ਪੁੱਛਗਿੱਛ ਕਰਦਿਆਂ ਉਸ ਨੇ ਮੰਨਿਆ ਕਿ ਉਸ ਨੇ ਹੀ ਉਸ ਲੜਕੀ ਦਾ ਕਤਲ ਕੀਤਾ ਹੈ। ਉਸ ਨੇ ਲੜਕੀ ਦਾ ਕਤਲ ਕਰਕੇ ਉਸ ਨੂੰ ਅਟੈਚੀ ਵਿੱਚ ਬੰਦ ਕਰਕੇ ਉਸ ਨੂੰ ਗੜ੍ਹਸ਼ੰਕਰ ਲੱਗੇ ਖੁਰਾਲਗੜ੍ਹ ਕੋਲ ਜੰਗਲ ਵਿੱਚ ਅੱਗ ਲਗਾ ਕੇ ਸਾੜ ਦਿੱਤਾ। ਜ਼ਿਲ੍ਹਾ ਪੁਲਿਸ ਮੁਖੀ ਨੇ ਕਿਹਾ ਕਿ ਦੋਸ਼ੀ ਗੁਰਵਿੰਦਰ ਸਿੰਘ ਉਰਫ ਗੋਪ ਪੁੱਤਰ ਗੁਰਨਾਮ ਸਿੰਘ ਵਾਸੀ ਪਿੰਡ ਜਡਲੀ ਥਾਣਾ ਬਲਾਚੌਰ ਨੇ ਮੰਨਿਆ ਕਿ ਉਸ ਨੇ ਮਿਤੀ 29 ਮਈ ਨੂੰ ਊਸ਼ਾ ਰਾਣੀ ਦੀ ਨਾਬਾਲਿਗ ਲੜਕੀ ਨੂੰ ਗੜ੍ਹਸ਼ੰਕਰ ਰੋਡ ਨਵਾਂਸ਼ਹਿਰ ਵਿਖੇ ਉਸ ਦੇ ਕਿਰਾਏ ਦੇ ਘਰ ਵਿੱਚ ਇਕੱਲੀ ਦੇਖ ਕੇ ਉਸ ਦਾ ਗਲਾ ਘੁੱਟ ਕੇ ਕਤਲ ਕਰ ਦਿੱਤਾ ਸੀ। ਪੁੱਛਗਿੱਛ ਦੌਰਾਨ ਪਾਇਆ ਗਿਆ ਕਿ ਦੋਸ਼ੀ ਗੁਰਵਿੰਦਰ ਸਿੰਘ ਦੇ ਮ੍ਰਿਤਕ ਲੜਕੀ ਦੀ ਮਾਤਾ ਊਸ਼ਾ ਰਾਣੀ ਨਾਲ ਪ੍ਰੇਮ ਸੰਬੰਧ ਸਨ, ਜਿਸ ਕਰਕੇ ਗੁਰਵਿੰਦਰ ਸਿੰਘ ਊਸ਼ਾ ਰਾਣੀ ਦੇ ਘਰ ਆਉਂਦਾ-ਜਾਂਦਾ ਸੀ, ਜਿਸ ਨੂੰ ਮ੍ਰਿਤਕ ਲੜਕੀ ਚੰਗਾ ਨਹੀਂ ਸਮਝਦੀ ਸੀ। ਪੁਲਿਸ ਵੱਲੋਂ ਦੋਸ਼ੀ ਨੂੰ ਗ੍ਰਿਫਤਾਰ ਕਰਕੇ ਚਾਰ ਦਿਨਾਂ ਦਾ ਰਿਮਾਂਡ ਹਾਸਲ ਕੀਤਾ ਗਿਆ ਹੈ ਤੇ ਪੁਲਿਸ ਵੱਲੋਂ ਮ੍ਰਿਤਕ ਲੜਕੀ ਦੇ ਜਲੇ ਹੋਏ ਪਿੰਜਰ ਦਾ ਪੋਸਟਮਾਰਟਮ ਕਰਵਾਇਆ ਜਾ ਰਿਹਾ ਤੇ ਮੁਕੱਦਮੇ ਦੀ ਤਫਤੀਸ਼ ਜਾਰੀ ਹੈ।






# ਫੁੱਟਬਾਲ ਕੋਚਿੰਗ ਦੀ ਸਿਖਲਾਈ ਸਬੰਧੀ ਖ਼ਾਲਸਾ ਕਾਲਜ 'ਚ ਚਾਰ ਰੋਜ਼ਾ ਸਿਖਲਾਈ ਕੈਂਪ ਦਾ ਉਦਘਾਟਨ

ਮਾਹਿਲਪੁਰ, 6 ਜੂਨ (ਰਵੀ ਬੱਗਾ): ਫੁੱਟਬਾਲ ਪਲੇਅਰਜ਼ ਐਸੋਸੀਏਸ਼ਨ ਪੰਜਾਬ ਵੱਲੋਂ ਖ਼ਾਲਸਾ ਕਾਲਜ ਮਾਹਿਲਪੁਰ ਦੇ ਸਹਿਯੋਗ ਨਾਲ ਕਾਲਜ ਵਿੱਚ ਫੁੱਟਬਾਲ ਖੇਡ ਦੇ ਕੋਚਾਂ ਲਈ 8 ਜੂਨ ਤੱਕ ਲਗਾਇਆ ਜਾ ਰਿਹਾ ਚਾਰ ਰੋਜ਼ਾ ਮੁਫ਼ਤ ਸਿਖਲਾਈ ਕੈਂਪ ਅੱਜ ਬਹੁਤ ਉਤਸ਼ਾਹ ਨਾਲ ਆਰੰਭ ਹੋ ਗਿਆ। ਇਸ ਕੈਂਪ ਦਾ ਉਦਘਾਟਨ ਕਾਲਜ ਦੀ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸੰਤ ਸਾਧੂ ਸਿੰਘ ਕਹਾਰਪੁਰ ਵੱਲੋਂ ਕੌਂਸਲ ਦੇ ਮੈਨੇਜਰ ਇੰਦਰਜੀਤ ਸਿੰਘ ਭਾਰਟਾ, ਅਰਜੁਨ ਐਵਾਰਡੀ ਫੁੱਟਬਾਲਰ ਗੁਰਦੇਵ ਸਿੰਘ ਗਿੱਲ, ਖਜ਼ਾਨਚੀ ਵੀਰਇੰਦਰ ਸ਼ਰਮਾ, ਪ੍ਰਿੰਸੀਪਲ ਪਰਵਿੰਦਰ ਸਿੰਘ ਤੇ ਖੇਡ ਖੇਤਰ ਦੀਆਂ ਹੋਰ ਸ਼ਖ਼ਸੀਅਤਾਂ ਦੀ ਹਾਜ਼ਰੀ ਵਿੱਚ ਕੀਤਾ ਗਿਆ। ਇਸ ਮੌਕੇ ਸਵਾਗਤੀ ਸ਼ਬਦਾਂ ਵਿੱਚ ਕਾਲਜ ਦੇ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਨੇ ਕਿਹਾ ਕਿ ਇਹ ਕੈਂਪ ਫੁੱਟਬਾਲ ਕੋਚਿੰਗ ਦੀ ਸਿਖਲਾਈ ਲਈ ਖਿਡਾਰੀਆਂ ਤੇ ਕੋਚਾਂ ਨੂੰ ਹੁਨਰਮੰਦ ਬਣਾਉਣ ਵਿੱਚ ਅਹਿਮ ਸਹਾਇਕ ਹੋਵੇਗਾ। ਇਸ ਮੌਕੇ ਕੋਚ ਹਰਪ੍ਰੀਤ ਸਿੰਘ ਤੇ ਕੋਚ ਹਰਮਨਜੋਤ ਸਿੰਘ ਖਾਬੜਾ ਨੇ ਕਿਹਾ ਕਿ ਕੈਂਪ ਵਿੱਚ ਪਿੰਡਾਂ, ਅਕੈਡਮੀਆਂ, ਕਾਲਜਾਂ ਆਦਿ ਦੀਆਂ ਫੁੱਟਬਾਲ ਟੀਮਾਂ ਨੂੰ ਸਿਖਲਾਈ ਦੇਣ ਵਾਲੇ ਕੋਚਾਂ ਨੂੰ ਕੋਚਿੰਗ ਸਬੰਧੀ ਹੋਰ ਹੁਨਰਮੰਦ ਬਣਾਉਣ, ਕੋਚਿੰਗ ਵਿੱਚ ਕਰੀਅਰ ਦੇ ਵੱਧ ਤੋਂ ਵੱਧ ਮੌਕੇ ਪ੍ਰਫੁੱਲਿਤ ਕਰਨ ਤੇ ਖੇਡ ਦੇ ਬਾਰੀਕੀ ਨਾਲ ਨਿਰੀਖਣ ਸਬੰਧੀ ਪ੍ਰੈਕਟੀਕਲ, ਥਿਊਰੀ, ਵਿਚਾਰ ਚਰਚਾ ਤੇ ਕਲਾਸ ਰੂਮ ਲੈਕਚਰ ਸ਼ਾਮਲ ਹਨ। ਅਰਜੁਨ ਐਵਾਰਡੀ ਫੁੱਟਬਾਲਰ ਗੁਰਦੇਵ ਸਿੰਘ ਗਿੱਲ ਨੇ ਇਸ ਕੋਚਿੰਗ ਕੈਂਪ ਲਈ ਪ੍ਰਬੰਧਕਾਂ ਨੂੰ ਸ਼ੁਭ ਕਾਮਨਾਵਾਂ ਦਿੱਤੀਆਂ। ਇਸ ਮੌਕੇ ਭਾਰਤੀ ਫੁੱਟਬਾਲ ਟੀਮ ਦੇ ਗੋਲਕੀਪਰ ਅਮਰਿੰਦਰ ਸਿੰਘ, ਖੇਡ ਪ੍ਰਮੋਟਰ ਪ੍ਰਿੰਸੀਪਲ ਜਗਮੋਹਨ ਸਿੰਘ, ਨੈਸ਼ਨਲ ਖਿਡਾਰੀ ਕਰਨਵੀਰ ਪਰਮਾਰ, ਕੋਚ ਸੁਖਵਿੰਦਰ ਸਿੰਘ, ਗੁਰਦਿਆਲ ਸਿੰਘ ਕਹਾਰਪੁਰ, ਇੰਜੀਨੀਅਰ ਤਰਲੋਚਨ ਸਿੰਘ ਸੰਧੂ, ਕੋਚ ਬੰਦਨਾ ਸਿੰਘ, ਸਮਾਜ ਸੇਵੀ ਤਲਵਿੰਦਰ ਸਿੰਘ ਹੀਰ, ਡਾ. ਰਾਜ ਕੁਮਾਰ, ਡਾ. ਜਤਿੰਦਰ, ਕੋਚ ਹਰਿੰਦਰ ਸਨੀ, ਕੋਚ ਚਰਨਜੀਤ ਸਿੰਘ, ਪ੍ਰੋ. ਰਿਸ਼ਭ ਆਦਿ ਸਮੇਤ ਫੁੱਟਬਾਲ ਖਿਡਾਰੀ ਹਾਜ਼ਰ ਸਨ।



# ਯੂਰੀਆ ਖਾਦ ਦੀ ਅਣ-ਅਧਿਕਾਰਿਤ ਵਰਤੋਂ ਰੋਕਣ ਲਈ ਜ਼ਿਲ੍ਹਾ ਪੱਧਰੀ ਟਾਸਕਫੋਰਸ ਵੱਲੋਂ ਅਚਨਚੇਤ ਚੈਕਿੰਗ

ਹੁਸ਼ਿਆਰਪੁਰ, 6 ਜੂਨ (ਦੀਪਕ ਅਗਨੀਹੋਤਰੀ): ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਸਬਸਿਡੀਸ਼ੁਦਾ ਯੂਰੀਆ ਖਾਦ ਦੀ ਅਣ-ਅਧਿਕਾਰਿਤ ਵਰਤੋਂ ਤੇ ਡਾਇਵਰਜਨ ਨੂੰ ਰੋਕਣ ਲਈ ਜ਼ਿਲ੍ਹਾ ਪੱਧਰੀ ਟਾਸਕਫੋਰਸ ਵੱਲੋਂ ਵੱਖ-ਵੱਖ ਇੰਡਸਟਰੀਆਂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਇਸ ਟਾਸਕਫੋਰਸ ਵਿੱਚ ਖੇਤੀਬਾੜੀ ਵਿਭਾਗ, ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ, ਸਹਿਕਾਰੀ ਸਭਾਵਾਂ, ਜ਼ਿਲ੍ਹਾ ਉਦਯੋਗ ਕੇਂਦਰ ਤੇ ਆਬਕਾਰੀ ਤੇ ਕਰ ਵਿਭਾਗ ਦੇ ਨੁਮਾਇੰਦਿਆਂ ਵੱਲੋਂ ਅਚਨਚੇਤ ਚੈਕਿੰਗਾਂ ਕੀਤੀਆਂ ਗਈਆਂ। ਇਸ ਟਾਸਕਫੋਰਸ ਦਾ ਮੁੱਖ ਉਦੇਸ਼ ਖੇਤੀਬਾੜੀ ਲਈ ਦਿੱਤੀ ਜਾਣ ਵਾਲੀ ਸਬਸਿਡੀਸ਼ੁਦਾ ਯੂਰੀਆ ਖਾਦ ਦੀ ਗੈਰ-ਖੇਤੀਬਾੜੀ ਕੰਮਾਂ ਵਿੱਚ ਹੋ ਰਹੀ ਵਰਤੋਂ 'ਤੇ ਨਿਗਰਾਨੀ ਰੱਖਣਾ ਤੇ ਇਸ ਨੂੰ ਪੂਰੀ ਤਰ੍ਹਾਂ ਰੋਕਣਾ ਹੈ। ਮੁੱਖ ਖੇਤੀਬਾੜੀ ਅਫ਼ਸਰ ਡਾ. ਦਪਿੰਦਰ ਸਿੰਘ ਸੰਧੂ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਭਾਰਤ ਸਰਕਾਰ ਵੱਲੋਂ ਕਿਸਾਨਾਂ ਨੂੰ ਵਾਜਿਬ ਕੀਮਤ 'ਤੇ ਯੂਰੀਆ ਉਪਲਬੱਧ ਕਰਵਾਉਣ ਲਈ ਵੱਡੇ ਪੱਧਰ 'ਤੇ ਸਬਸਿਡੀ ਦਿੱਤੀ ਜਾਂਦੀ ਹੈ, ਪਰ ਕੁਝ ਉਦਯੋਗਿਕ ਇਕਾਈਆਂ ਤੇ ਫੈਕਟਰੀਆਂ ਵੱਲੋਂ ਇਸ ਦੀ ਗਲਤ ਵਰਤੋਂ ਨਾ ਹੋਵੇ ਇਸ ਲਈ ਇਹ ਚੈਕਿੰਗਾਂ ਕੀਤੀਆਂ ਜਾ ਰਹੀਆਂ ਹਨ। ਯੂਰੀਆ ਖਾਦ ਦੀ ਵਰਤੋਂ ਫੀਡ ਤਿਆਰ ਕਰਨ, ਰੇਜ਼ਿਨ ਬਣਾਉਣ, ਪਲਾਈਵੁੱਡ ਫੈਕਟਰੀਆਂ ਤੇ ਹੋਰ ਗੈਰ-ਖੇਤੀਬਾੜੀ ਕੰਮਾਂ ਵਿੱਚ ਕੀਤੇ ਜਾਣ ਕਾਰਨ ਸਰਕਾਰ ਨੂੰ ਆਰਥਿਕ ਨੁਕਸਾਨ ਝੱਲਣਾ ਪੈਂਦਾ ਹੈ ਤੇ ਕਿਸਾਨਾਂ ਲਈ ਖਾਦ ਦੀ ਉਪਲਬਧਤਾ ਪ੍ਰਭਾਵਿਤ ਹੁੰਦੀ ਹੈ। ਮੁੱਖ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਟਾਸਕਫੋਰਸ ਵੱਲੋਂ ਜ਼ਿਲ੍ਹੇ ਵਿੱਚ ਯੂਰੀਆ ਖਾਦ ਦੀ ਸਪਲਾਈ, ਸਟੋਰੇਜ ਤੇ ਵਰਤੋਂ 'ਤੇ ਲਗਾਤਾਰ ਨਿਗਰਾਨੀ ਰੱਖੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਨੂੰ ਯੂਰੀਆ ਖਾਦ ਦੀ ਅਣ-ਅਧਿਕਾਰਿਤ ਵਰਤੋਂ ਸਬੰਧੀ ਕੋਈ ਜਾਣਕਾਰੀ ਜਾਂ ਸ਼ਿਕਾਇਤ ਹੋਵੇ ਤਾਂ ਉਹ ਖੇਤੀਬਾੜੀ ਵਿਭਾਗ ਨਾਲ ਸੰਪਰਕ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਦੋਸ਼ੀ ਪਾਇਆ ਜਾਂਦਾ ਹੈ ਤਾਂ ਉਸ ਖਿਲਾਫ ਫਰਟੀਲਾਇਜ਼ਰ ਕੰਟਰੋਲ ਆਰਡਰ 1985 ਤਹਿਤ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।



# ਸ਼ਿਵ ਸੈਨਾ ਹਿੰਦੁਸਤਾਨ ਨੇ '84 ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ

ਟਾਂਡਾ ਉੜਮੁੜ, 6 ਜੂਨ (ਅਰਜੁਨ ਜੈਨ): ਸਾਲ 1984 ਦੇ ਅੱਤਵਾਦ ਦੌਰਾਨ ਸ਼ਹੀਦ ਹੋਏ ਮਾਸੂਮ ਹਿੰਦੂਆਂ, ਅਰਧ ਸੈਨਿਕ ਬਲਾਂ ਤੇ ਪੁਲਿਸ ਕਰਮਚਾਰੀਆਂ ਦੀ ਯਾਦ ਨੂੰ ਸਮਰਪਿਤ ਭਾਵ ਭਿੰਨੀ ਸ਼ਰਧਾਂਜਲੀ ਭੇਟ ਕਰਨ ਲਈ ਸ਼ਿਵ ਸੈਨਾ ਹਿੰਦੁਸਤਾਨ ਦੇ ਪੰਜਾਬ ਕਾਰਜਕਾਰੀ ਪ੍ਰਧਾਨ ਰਾਹੁਲ ਖੰਨਾ ਦੀ ਅਗਵਾਈ ਵਿੱਚ ਠਾਕੁਰ ਦੁਆਰ ਮੰਦਰ ਉੜਮੁੜ ਟਾਂਡਾ ਵਿਖੇ ਇੱਕ ਸ਼ਰਧਾਂਜਲੀ ਸਮਾਰੋਹ ਕਰਵਾਇਆ, ਜਿਸ ਵਿੱਚ ਵੱਖ-ਵੱਖ ਹਿੰਦੂ ਸੰਗਠਨਾਂ ਨੇ ਹਿੱਸਾ ਲਿਆ। ਇਸ ਸਮਾਰੋਹ ਤੋਂ ਪਹਿਲਾਂ ਸ਼ਿਵ ਸੈਨਾ ਹਿੰਦੁਸਤਾਨ ਦੇ ਪੰਜਾਬ ਕਾਰਜਕਾਰੀ ਪ੍ਰਧਾਨ ਰਾਹੁਲ ਖੰਨਾ, ਪੰਜਾਬ ਮੀਤ ਪ੍ਰਧਾਨ ਰਜਿੰਦਰ ਰਾਣਾ, ਜ਼ਿਲ੍ਹਾ ਚੇਅਰਮੈਨ ਵਿਵੇਕ ਵਿਜਨ, ਦੋਆਬਾ ਪ੍ਰਧਾਨ ਪ੍ਰਸ਼ਾਂਤ ਪੰਡਤ, ਜ਼ਿਲ੍ਹਾ ਉਪ ਪ੍ਰਧਾਨ ਪੁਨੀਤ ਢੀਂਗਰਾ, ਨੌਜਵਾਨ ਆਗੂ ਰਾਜੂ ਖੋਸਲਾ, ਯੂਥ ਸਿਟੀ ਪ੍ਰਧਾਨ ਗੁਰਨਾਮ ਸਿੰਘ, ਵੀਰ ਕ੍ਰਿਸ਼ਨ ਕਲੱਬ ਦੇ ਉਪ-ਸਕੱਤਰ ਪਰਮਜੀਤ ਬਾਬੂ, ਹਿੰਦੂ ਨੇਤਾ ਰੋਹਿਤ ਆਨੰਦ ਤੇ ਹੋਰ ਸ਼ਿਵ ਸੈਨਾ ਵਰਕਰਾਂ ਨੇ ਟਾਂਡਾ ਸ਼ਹਿਰ ਵਿੱਚ ਇੱਕ ਰੋਸ ਮਾਰਚ ਕੱਢਿਆ ਤੇ ਸ਼ਹੀਦਾਂ ਸਬੰਧੀ ਜਾਗਰੂਕਤਾ ਪੈਦਾ ਕੀਤੀ। ਇਸ ਮੌਕੇ ਸਮਾਗਮ ਦੌਰਾਨ, ਆਤਮਾਵਾਂ ਦੀ ਸ਼ਾਂਤੀ ਤੇ ਸ਼ਹੀਦਾਂ ਦੀ ਯਾਦ ਨੂੰ ਜ਼ਿੰਦਾ ਰੱਖਣ ਲਈ ਹਵਨ ਯੱਗ ਵੀ ਕਰਵਾਇਆ ਗਿਆ। ਇਸ ਸ਼ਰਧਾਂਜਲੀ ਸਮਾਰੋਹ ਮੌਕੇ ਬੋਲਦਿਆਂ ਪ੍ਰਧਾਨ ਰਾਹੁਲ ਖੰਨਾ ਨੇ ਕਿਹਾ ਕਿ ਅੱਤਵਾਦ ਦੇ ਸਮੇਂ ਦੌਰਾਨ ਬਹੁਤ ਸਾਰੇ ਹਿੰਦੂਆਂ ਨੂੰ ਬੱਸਾਂ ਵਿੱਚੋਂ ਬਾਹਰ ਕੱਢਿਆ ਗਿਆ ਸੀ ਤੇ ਪੂਰੇ ਪਰਿਵਾਰਾਂ ਨੂੰ ਉਨ੍ਹਾਂ ਦੇ ਘਰਾਂ ਵਿੱਚ ਦਾਖਲ ਹੋ ਕੇ ਸ਼ਹੀਦ ਕਰ ਦਿੱਤਾ ਗਿਆ ਸੀ। ਉਨ੍ਹਾਂ ਦੱਸਿਆ ਕਿ 1984 ਵਿੱਚ ਸ੍ਰੀ ਹਰਿਮੰਦਰ ਸਾਹਿਬ ਵਿਖੇ ਬਹੁਤ ਸਾਰੇ ਨਿਰਦੋਸ਼ ਲੋਕਾਂ ਤੇ ਪੁਲਿਸ ਕਰਮਚਾਰੀਆਂ ਨੂੰ ਸ਼ਹੀਦ ਕੀਤਾ ਗਿਆ ਸੀ, ਜਿਸ ਸਬੰਧੀ ਹਰ ਸਾਲ ਸ਼ਿਵ ਸੈਨਾ ਹਿੰਦੁਸਤਾਨ ਵੱਲੋਂ ਸ਼ਰਧਾਂਜਲੀ ਸਮਾਰੋਹ ਕਰਵਾਇਆ ਜਾਂਦਾ ਹੈ। ਇਸ ਮੌਕੇ ਸ਼ਿਵ ਸੈਨਾ ਹਿੰਦੁਸਤਾਨ ਦੇ ਜ਼ਿਲ੍ਹਾ ਸਕੱਤਰ ਪੰਡਤ ਮਿਥਲੇਸ਼ ਗਰਗ, ਜ਼ਿਲ੍ਹਾ ਵਾਈਸ ਚੇਅਰਮੈਨ ਸੰਜੀਵ ਖੰਨਾ, ਸਰਕਲ ਪ੍ਰਧਾਨ ਜੈਦੇਵ ਕੁਮਾਰ, ਬਲਾਕ ਪ੍ਰਧਾਨ ਗੌਰਵ ਬੇਦੀ, ਸੀਨੀਅਰ ਸਿਟੀ ਪ੍ਰਧਾਨ ਰਾਜੀਵ ਖੰਨਾ ਆਦਿ ਹਾਜ਼ਰ ਸਨ।



# ਮੈਂ ਪਾਰਟੀ ਦਾ ਸਦਾ ਹੀ ਰਿਣੀ ਰਹਾਂਗਾ: ਆਕਾਸ਼ਦੀਪ ਸਿੰਘ

ਫਤਹਿਗੜ੍ਹ ਚੂੜੀਆਂ, 6 ਜੂਨ (ਰਾਜਨ ਸ਼ਰਮਾ): ਫਤਹਿਗੜ੍ਹ ਚੂੜੀਆਂ ਦੇ ਵਸਨੀਕ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਵਰਕਰ ਤੇ ਵਾਰਡ ਨੰਬਰ 12 ਦੇ ਲਖਬੀਰ ਸਿੰਘ ਆਕਾਸ਼ਦੀਪ ਜਿਨ੍ਹਾਂ ਨੂੰ ਆਮ ਆਦਮੀ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਵੱਲੋਂ ਫਤਹਿਗੜ੍ਹ ਚੂੜੀਆਂ ਦਾ ਬਲਾਕ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਪਾਰਟੀ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਮੈਂ ਪੂਰੀ ਤਨਦੇਹੀ ਤੇ ਇਮਾਨਦਾਰੀ ਦੇ ਨਾਲ ਨਿਭਾਵਾਂਗਾ ਤੇ ਪਾਰਟੀ ਦੇ ਹੁਕਮਾਂ ਦੀ ਪਾਲਣਾ ਕਰਾਂਗੇ। ਗੱਲਬਾਤ ਦੌਰਾਨ ਉਨ੍ਹਾਂ ਨੇ ਇਹ ਵੀ ਕਿਹਾ ਕਿ ਇਸ ਤੋਂ ਇਲਾਵਾ ਮੈਂ ਵਾਰਡ ਨੰਬਰ 12 ਦੇ ਲਈ ਹਰ ਵਕਤ ਉਨ੍ਹਾਂ ਦੀ ਸੇਵਾ ਦੇ ਲਈ ਤਿਆਰ ਰਹਾਂਗਾ। ਆਖਿਰ ਵਿੱਚ ਉਨ੍ਹਾਂ ਨੇ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਆਮ ਆਦਮੀ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਦਾ ਮਿਲੇ, ਇਸ ਅਹੁਦੇ ਲਈ ਦਿਲੋਂ ਧੰਨਵਾਦ ਕਰਦਾ ਹਾਂ।



# ਦੌਲਤਪੁਰ ਚੌਕ 'ਚ ਓਵਰਲੋਡ ਬਜਰੀ ਨਾਲ ਭਰਿਆ ਟਿੱਪਰ ਪਲਟਿਆ, ਵੱਡਾ ਹਾਦਸਾ ਟਲਿਆ

ਤਲਵਾੜਾ, 6 ਜੂਨ (ਜਗਮੋਹਨ ਸ਼ਰਮਾ): ਤਲਵਾੜਾ ਵਿਖੇ ਸ਼ਨੀਵਾਰ ਦੁਪਹਿਰ ਇੱਕ ਵੱਡਾ ਸੜਕ ਹਾਦਸਾ ਉਸ ਸਮੇਂ ਟਲ ਗਿਆ, ਜਦੋਂ ਊਨਾ ਤੋਂ ਤਲਵਾੜਾ ਵੱਲ ਆ ਰਿਹਾ ਬਜਰੀ ਨਾਲ ਓਵਰਲੋਡ ਟਿੱਪਰ ਅਚਾਨਕ ਬੇਕਾਬੂ ਹੋ ਕੇ ਸੜਕ ਵਿਚਕਾਰ ਪਲਟ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਟਿੱਪਰ ਨੰਬਰ PB03-BE-5386 ਊਨਾ ਤੋਂ ਤਲਵਾੜਾ ਵੱਲ ਆ ਰਿਹਾ ਸੀ। ਜਦੋਂ ਇਹ ਟਿੱਪਰ ਦੌਲਤਪੁਰ ਚੌਕ, ਤਲਵਾੜਾ ਵਿਖੇ ਪਹੁੰਚਿਆ ਤਾਂ ਅਚਾਨਕ ਇਸ ਦੀਆਂ ਬਰੇਕਾਂ ਫੇਲ੍ਹ ਹੋ ਗਈਆਂ, ਜਿਸ ਕਾਰਨ ਡਰਾਈਵਰ ਟਿੱਪਰ 'ਤੇ ਕਾਬੂ ਨਾ ਰੱਖ ਸਕਿਆ ਤੇ ਟਿੱਪਰ ਬੇਕਾਬੂ ਹੋ ਕੇ ਸੜਕ ਵਿਚਕਾਰ ਪਲਟ ਗਿਆ। ਹਾਦਸੇ ਤੋਂ ਬਾਅਦ ਮੌਕੇ 'ਤੇ ਮੌਜੂਦ ਲੋਕ ਤੁਰੰਤ ਮਦਦ ਲਈ ਪਹੁੰਚੇ ਤੇ ਉਨ੍ਹਾਂ ਨੇ ਡਰਾਈਵਰ ਨੂੰ ਟਿੱਪਰ ਵਿੱਚੋਂ ਸੁਰੱਖਿਅਤ ਬਾਹਰ ਕੱਢਿਆ। ਜ਼ਖ਼ਮੀ ਡਰਾਈਵਰ ਨੂੰ ਇਲਾਜ ਲਈ ਬੀ.ਬੀ.ਐਮ.ਬੀ. ਹਸਪਤਾਲ ਤਲਵਾੜਾ ਵਿਖੇ ਦਾਖਲ ਕਰਵਾਇਆ ਗਿਆ। ਗਨੀਮਤ ਰਹੀ ਕਿ ਇਸ ਹਾਦਸੇ ਵਿੱਚ ਨਾ ਤਾਂ ਕਿਸੇ ਰਾਹਗੀਰ ਤੇ ਨਾ ਹੀ ਡਰਾਈਵਰ ਦੀ ਜਾਨ ਨੂੰ ਕੋਈ ਗੰਭੀਰ ਨੁਕਸਾਨ ਪਹੁੰਚਿਆ। ਹਾਲਾਂਕਿ ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਜੇਕਰ ਇਹ ਬੇਕਾਬੂ ਟਿੱਪਰ ਕਿਸੇ ਵਾਹਨ ਜਾਂ ਰਾਹਗੀਰ ਨਾਲ ਟਕਰਾ ਜਾਂਦਾ ਤਾਂ ਇੱਕ ਵੱਡਾ ਜਾਨੀ ਨੁਕਸਾਨ ਹੋ ਸਕਦਾ ਸੀ। ਇਸ ਘਟਨਾ ਨੇ ਖੇਤਰ ਵਿੱਚ ਓਵਰਲੋਡ ਵਾਹਨਾਂ ਦੀ ਆਵਾਜਾਈ ਤੇ ਸੜਕ ਸੁਰੱਖਿਆ ਪ੍ਰਬੰਧਾਂ 'ਤੇ ਵੀ ਸਵਾਲ ਖੜ੍ਹੇ ਕਰ ਦਿੱਤੇ ਹਨ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਥਾਣਾ ਤਲਵਾੜਾ ਦੇ ਅਧਿਕਾਰੀਆਂ ਨੇ ਦੱਸਿਆ ਕਿ ਮਾਮਲਾ ਦਰਜ ਕਰਕੇ ਅਗਲੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।



# ਹਲਕੇ 'ਚ ਬਿਜਲੀ ਸੁਧਾਰਾਂ ਲਈ 25 ਕਰੋੜ ਰੁਪਏ ਦੀ ਰਾਸ਼ੀ ਜਾਰੀ: ਧਾਲੀਵਾਲ

ਅਜਨਾਲਾ, 6 ਜੂਨ (ਸੁਖਦੇਵ ਸਿੰਘ ਖ਼ਾਲਸਾ): ਆਮ ਆਦਮੀ ਪਾਰਟੀ ਦੇ ਸੂਬਾਈ ਮੁੱਖ ਬੁਲਾਰੇ, ਵਿਧਾਇਕ ਤੇ ਸਾਬਕਾ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਵਿਧਾਨ ਸਭਾ ਹਲਕਾ ਅਜਨਾਲਾ 'ਚ ਘਰੇਲੂ, ਵਪਾਰਕ ਅਦਾਰਿਆਂ ਤੇ ਖੇਤੀ ਟਿਊਬਵੈਲਾਂ ਲਈ ਬਿਜਲੀ ਦੀ ਨਿਰੰਤਰ ਸਪਲਾਈ ਨੂੰ ਹੋਰ ਬਿਹਤਰ ਬਣਾਉਣ ਤੇ ਬਿਜਲੀ ਸਪਲਾਈ ਦੇ ਬੁਨਿਆਦੀ ਢਾਂਚੇ ਦੀ ਮਜ਼ਬੂਤੀ ਲਈ ਨਵੇਂ ਕੀਰਤੀਮਾਨ ਸਥਾਪਤ ਕਰਨ ਹਿੱਤ ਅੱਜ ਬਕਾਇਦਾ ਰਸਮੀ ਤੌਰ 'ਤੇ ਹਲਕੇ ਦੇ ਇਤਿਹਾਸਿਕ ਨਗਰ ਰਮਦਾਸ ਵਿਖੇ ਪਾਵਰਕਾਮ ਦੇ ਬਾਰਡਰ ਰੇਂਜ ਚੀਫ਼ ਇੰਜੀਨੀਅਰ ਸੁਰਿੰਦਰ ਸਿੰਘ ਬੈਂਸ, ਨਿਗਰਾਨ ਇੰਜੀਨੀਅਰ ਬਲਕਾਰ ਸਿੰਘ, ਅਜਨਾਲਾ ਡਵੀਜ਼ਨ ਦੇ ਵਧੀਕ ਨਿਗਰਾਨ ਇੰਜੀਨੀਅਰ-ਕਮ -ਐਕਸੀਅਨ ਇੰਜੀ. ਅਨੀਸ਼ ਸਿੰਘ ਸਮੇਤ ਸਥਾਨਕ ਪਾਵਰਕਾਮ ਅਧਿਕਾਰੀਆਂ ਨਾਲ ਉਚ ਪੱਧਰੀ ਮੀਟਿੰਗ ਕੀਤੀ। ਉਪਰੰਤ ਗੱਲਬਾਤ ਦੌਰਾਨ ਮੁੱਖ ਬੁਲਾਰੇ ਤੇ ਵਿਧਾਇਕ ਧਾਲੀਵਾਲ ਨੇ ਜਾਣਕਾਰੀ ਦਿੱਤੀ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਵਿਧਾਨ ਸਭਾ ਹਲਕਾ ਅਜਨਾਲਾ 'ਚ ਬਿਜਲੀ ਸੁਧਾਰਾਂ ਲਈ ਪਹਿਲਾਂ ਹੀ ਜਾਰੀ ਕੀਤੇ ਭਾਰੀ ਫੰਡਾਂ ਤੋਂ ਇਲਾਵਾ ਹੁਣ ਹੋਰ 25 ਕਰੋੜ ਦੀ ਰਾਸ਼ੀ ਜਾਰੀ ਕੀਤੀ ਹੈ। ਅੱਜ ਆਲਾ ਬਿਜਲੀ ਅਧਿਕਾਰੀਆਂ ਨਾਲ ਕੀਤੀ ਗਈ ਉਚ ਤਾਕਤੀ ਮੀਟਿੰਗ 'ਚ ਇਸ ਰਾਸ਼ੀ ਨਾਲ ਹਲਕਾ ਅਜਨਾਲਾ 'ਚ ਬਿਜਲੀ ਸਬ ਡਵੀਜ਼ਨਾਂ ਅਜਨਾਲਾ, ਰਮਦਾਸ, ਗੱਗੋਮਾਹਲ, ਚੱਕ ਡੋਗਰਾਂ, ਝੰਡੇਰ ਆਦਿ ਦੇ ਅਧਿਕਾਰ ਖੇਤਰ 'ਚ ਗਰਿੱਡਾਂ, ਖੰਭਿਆਂ, ਢਿੱਲੀਆਂ ਤਾਰਾਂ ਦੇ ਨਵੀਨੀਕਰਨ ਆਦਿ ਬੁਨਿਆਦੀ ਢਾਂਚੇ 'ਚ ਨਵੇਂ ਕੀਰਤੀਮਾਨ ਸਥਾਪਤ ਕਰਕੇ ਵੋਲਟੇਜ 'ਚ ਸੁਧਾਰ ਲਈ ਬਕਾਇਦਾ ਕਾਰਜ ਯੋਜਨਾ ਉਲੀਕੀ ਗਈ ਤੇ ਇਸ ਤੋਂ ਇਲਾਵਾ ਇਤਿਹਾਸਕ ਨਗਰ ਰਮਦਾਸ ਦੀ ਪਾਵਰਕਾਮ ਸਬ ਡਵੀਜ਼ਨ ਤਹਿਤ ਪੈਂਦੇ ਸ਼ਹਿਰੀ ਤੇ ਪੇਂਡੂ ਖੇਤਰ 'ਚ ਨਿਰੰਤਰ ਬਿਜਲੀ ਸਪਲਾਈ ਨੂੰ ਯਕੀਨੀ ਬਣਾਉਣ ਸਮੇਤ ਬਿਜਲੀ ਖੰਭਿਆਂ ਦੀ ਉਚਾਈ ਘੱਟ ਹੋਣ ਕਾਰਨ ਤੇ ਤਾਰਾਂ ਢਿੱਲੀਆਂ ਹੋਣ ਵਜੋਂ ਵਾਪਰਦੇ ਅਚਨਚੇਤੀ ਹਾਦਸਿਆਂ ਨੂੰ ਮੁਕੰਮਲ ਤੌਰ 'ਤੇ ਠੱਲਣ ਲਈ ਖੰਭਿਆਂ ਦੀ ਉਚਾਈ 'ਚ ਵਾਧਾ ਕਰਕੇ 11 ਮੀਟਰ ਉੱਚੇ ਕਰਨ ਦੀ ਸਥਿਤੀ ਦਾ ਜ਼ਾਇਜ਼ਾ ਲਿਆ ਗਿਆ। ਉਨ੍ਹਾਂ ਦੱਸਿਆ ਕਿ ਇਸ ਰਾਸ਼ੀ ਦੀ ਹਲਕੇ 'ਚ ਬਿਜਲੀ ਸੁਧਾਰਾਂ ਲਈ ਵਰਤੋਂ 'ਚ ਪਾਰਦਰਸ਼ਤਾ ਬਣਾਈ ਰੱਖਣ ਲਈ ਦਿਸ਼ਾ ਨਿਰਦੇਸ਼ ਦਿੱਤੇ ਗਏ। ਉਨ੍ਹਾਂ ਨੇ ਕਿਹਾ ਕਿ ਸਰਕਾਰ ਨੇ ਅਨੇਕਾਂ ਸਹੂਲਤਾਂ ਮੁਹੱਈਆ ਕਰਵਾ ਕੇ ਸਹੂਲਤਾਂ ਦੀ ਰਾਜਨੀਤੀ ਕੀਤੀ ਹੈ ਤੇ ਇਸ ਸਹੂਲਤਾਂ ਸਮੇਤ ਵਿਕਾਸ ਤੇ ਰੁਜ਼ਗਾਰ ਦੀ ਰਾਜਨੀਤੀ ਤੇ ਆਗਾਮੀ ਵਿਧਾਨ ਸਭਾ 'ਚ ਵੋਟਰਾਂ ਦਾ ਫਤਵਾ ਹਾਸਲ ਕਰਕੇ ਮਾਨ ਸਰਕਾਰ ਮੁੜ ਸੱਤਾ 'ਚ ਆਵੇਗੀ।



# ਨੇਤਰਹੀਣ ਬੱਚੇ ਦੀ ਅੱਖ ਦਾ ਰੋਟਰੀ ਆਈ ਬੈਂਕ ਕੋਰਨੀਆ ਟਰਾਂਸਪਲਾਂਟ ਸੁਸਾਇਟੀ ਨੇ ਟਰਾਂਸਪਲਾਂਟ ਕਰਕੇ ਦੁਨੀਆਂ ਦੇਖਣ ਦੇ ਸਮਰੱਥ ਕੀਤਾ



ਗੜ੍ਹਸ਼ੰਕਰ, 6 ਜੂਨ (ਅਜਮੇਰ ਸਿੰਘ ਭਨੋਟ): 18 ਮਹੀਨਿਆਂ ਦੇ ਜਨਮ ਤੋਂ ਹੀ ਨੇਤਰਹੀਣ ਬੱਚੇ ਨੂੰ ਰੋਟਰੀ ਆਈ ਬੈਂਕ ਕੋਰਨੀਆ ਟਰਾਂਸਪਲਾਂਟ ਸੁਸਾਇਟੀ ਹੁਸ਼ਿਆਰਪੁਰ ਵੱਲੋਂ ਇਥੋਂ ਦੇ ਉਘੇ ਸਮਾਜ ਸੇਵਕ ਮੰਗਤ ਰਾਮ ਅਗਰਵਾਲ ਹੁਰਾਂ ਦੇ ਸਹਿਯੋਗ ਨਾਲ ਨਵੀਂ ਅੱਖ ਟਰਾਂਸਪਲਾਂਟ ਕਰਵਾ ਕੇ ਇੱਕ 18 ਮਹੀਨਿਆਂ ਦੇ ਬੱਚੇ ਨੂੰ ਦੁਨੀਆਂ ਦੇਖਣ ਦੇ ਸਮਰੱਥ ਕੀਤਾ। ਸੁਸਾਇਟੀ ਵੱਲੋਂ ਜੇਬੀ ਬਹਿਲ, ਚੇਅਰਮੈਨ ਡਾ. ਤਰਸੇਮ ਸਿੰਘ, ਡਾ. ਲਖਵਿੰਦਰ ਸਿੰਘ ਹੋਰਾਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਹਿਮਾਚਲ ਪ੍ਰਦੇਸ਼ ਦੇ ਜ਼ਿਲ੍ਹਾ (ਊਨਾ) ਨਿਵਾਸੀ ਫਤਿਹ ਵੀਰ ਸਿੰਘ ਬੱਚਾ ਜੋ ਕਿ ਸਿਰਫ 18 ਮਹੀਨਿਆਂ ਦਾ ਹੈ ਤੇ ਉਸ ਦੀਆਂ ਜਨਮ ਤੋਂ ਹੀ ਅੱਖਾਂ ਦੀ ਰੋਸ਼ਨੀ ਨਹੀਂ ਸੀ। ਜੇਬੀ ਬਹਿਲ ਤੇ ਡਾ. ਤਰਸੇਮ ਸਿੰਘ ਨੇ ਦੱਸਿਆ ਕਿ ਜਦੋਂ ਬੱਚੇ ਦੇ ਪਰਿਵਾਰਕ ਮੈਂਬਰਾਂ ਨੇ ਬੱਚੇ ਦੀ ਇਸ ਸਮੱਸਿਆ ਨੂੰ ਲੈ ਕੇ ਸੰਪਰਕ ਕੀਤਾ ਤਾਂ ਉਨ੍ਹਾਂ ਇਸ ਬੱਚੇ ਨੂੰ ਦੁਨੀਆਂ ਦਿਖਾਉਣ ਲਈ ਉਪਰਾਲੇ ਸ਼ੁਰੂ ਕਰ ਦਿੱਤੇ। ਇਨ੍ਹਾਂ ਉਪਰਾਲਿਆਂ ਤਹਿਤ ਸੈਲਾ ਖੁਰਦ ਨਿਵਾਸੀ ਲਾਲਾ ਮੰਗਤ ਰਾਮ ਅਗਰਵਾਲ ਉਨ੍ਹਾਂ ਦੇ ਬੇਟੇ ਵਿਪਨ ਅਗਰਵਾਲ ਤੇ ਵਰੁਣ ਅਗਰਵਾਲ ਹੋਰਾਂ ਨੇ ਇਸ ਬੱਚੇ ਦੀ ਅੱਖਾਂ ਦੀ ਰੋਸ਼ਨੀ ਲਿਆਉਣ ਲਈ ਜੋ ਇੱਕ ਅੱਖ ਟਰਾਂਸਪਲਾਂਟ ਕੀਤੀ ਗਈ ਹੈ, ਇਸ ਦਾ ਸਾਰਾ ਖਰਚਾ ਕੀਤਾ ਗਿਆ। ਇਸ ਮੌਕੇ 'ਤੇ ਲਾਲਾ ਮੰਗਤ ਰਾਮ ਨੇ ਆਖਿਆ ਕਿ ਬੱਚੇ ਦੀ ਦੂਜੀ ਅੱਖ ਵੀ ਸੁਸਾਇਟੀ ਵੱਲੋਂ ਪ੍ਰਬੰਧ ਕਰਕੇ ਪਵਾਈ ਜਾਵੇ ਤੇ ਇਸ ਦਾ ਜੋ ਵੀ ਖਰਚਾ ਆਇਆ ਉਹ ਮੇਰੇ ਪਰਿਵਾਰ ਵੱਲੋਂ ਕੀਤਾ ਜਾਵੇਗਾ। ਇਸ ਮੌਕੇ 'ਤੇ ਵਿਪਨ ਅਗਰਵਾਲ ਵਰੁਣ ਅਗਰਵਾਲ, ਸੰਜੀਵ ਬੌਬੀ, ਅਸ਼ਵਨੀ ਠਾਕੁਰ ਰਾਕੇਸ਼ ਕੁਮਾਰ ਗੁਪਤਾ ਤੇ ਸੁਸਾਇਟੀ ਵੱਲੋਂ ਪ੍ਰਿੰਸੀਪਲ ਜਗਦੀਸ਼ ਰਾਏ ਭੁਪਿੰਦਰ ਰਾਣਾ, ਓਂਕਾਰ ਸਿੰਘ ਚਾਹਲਪੁਰੀ, ਰਮੇਸ਼ ਕੁਮਾਰ, ਦਿਲਜੀਤ ਸਿੰਘ, ਸੰਜੀਵ ਅਰੋੜਾ, ਕ੍ਰਿਸ਼ਨ ਗੋਪਾਲ ਤੇ ਮਾਨਵ ਸੇਵਾ ਵੈਲਫੇਅਰ ਸੁਸਾਇਟੀ ਵੱਲੋਂ ਅਜੇ ਕੁਮਾਰ ਰਾਣਾ, ਸੁਦੇਸ਼ ਕੁਮਾਰ ਤੇ ਹੋਰ ਕਾਫੀ ਪਤਵੰਤੇ ਹਾਜ਼ਰ ਸਨ। ਇਸ ਮੌਕੇ 'ਤੇ ਬੱਚਾ ਫਤਿਹਵੀਰ ਸਿੰਘ ਤੇ ਉਸਦੇ ਮਾਤਾ-ਪਿਤਾ ਵੀ ਹਾਜ਼ਰ ਸਨ।

# ਜ਼ਿਲ੍ਹੇ ਦੇ ਸਾਰੇ ਪੋਲਿੰਗ ਸਟੇਸ਼ਨਾਂ 'ਤੇ ਅੱਜ ਵਿਸ਼ੇਸ਼ ਵੋਟਰ ਮੈਪਿੰਗ ਕੈਂਪ ਲੱਗਣਗ: ਮਨਜਿੰਦਰ ਸਿੰਘ ਬਾਜਵਾ

ਗੁਰਦਾਸਪੁਰ, 6 ਜੂਨ (ਜਗੀਰ ਸਿੰਘ ਮੰਡ/ਨਾਹਰ): ਵੋਟਰ ਮੈਪਿੰਗ ਦੀ ਪ੍ਰਕਿਰਿਆ ਨੂੰ ਹੋਰ ਤੇਜ਼ ਤੇ ਪ੍ਰਭਾਵਸ਼ਾਲੀ ਬਣਾਉਣ ਦੇ ਮੰਤਵ ਨਾਲ ਚੋਣ ਤਹਿਸੀਲਦਾਰ ਮਨਜਿੰਦਰ ਸਿੰਘ ਬਾਜਵਾ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਸਮੀਖਿਆ ਬੈਠਕ ਦਾ ਆਯੋਜਨ ਕੀਤਾ ਗਿਆ। ਇਸ ਬੈਠਕ ਵਿੱਚ ਜ਼ਿਲ੍ਹਾ ਗਾਈਡੈਂਸ ਕੌਂਸਲਰ ਮੁਕੇਸ਼ ਵਰਮਾ, ਸੀਨੀਅਰ ਇਲੈਕਸ਼ਨ ਕਾਨੂੰਗੋ ਸੁਨੀਲ ਕੁਮਾਰ, ਅਮਿਤ ਕੁਮਾਰ ਤੇ ਭੁਪਿੰਦਰ ਸਿੰਘ ਸਮੇਤ ਚੋਣ ਵਿਭਾਗ ਦੇ ਹੋਰ ਅਧਿਕਾਰੀ ਵੀ ਹਾਜ਼ਰ ਸਨ। ਬੈਠਕ ਨੂੰ ਸੰਬੋਧਨ ਕਰਦਿਆਂ ਚੋਣ ਤਹਿਸੀਲਦਾਰ ਮਨਜਿੰਦਰ ਸਿੰਘ ਬਾਜਵਾ ਨੇ ਦੱਸਿਆ ਕਿ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵੋਟਰ ਮੈਪਿੰਗ ਦੇ ਕੰਮ ਨੂੰ ਨਿਰਧਾਰਿਤ ਸਮੇਂ ਅੰਦਰ ਮੁਕੰਮਲ ਕਰਨ ਲਈ 7 ਜੂਨ 2026 ਨੂੰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਜ਼ਿਲ੍ਹੇ ਦੇ ਸਮੂਹ ਪੋਲਿੰਗ ਸਟੇਸ਼ਨਾਂ 'ਤੇ ਵਿਸ਼ੇਸ਼ ਕੈਂਪ ਲਗਾਏ ਜਾਣਗੇ। ਉਨ੍ਹਾਂ ਕਿਹਾ ਕਿ ਇਨ੍ਹਾਂ ਕੈਂਪਾਂ ਦੌਰਾਨ ਸਾਰੇ ਬੂਥ ਲੈਵਲ ਅਫ਼ਸਰ (ਬੀ.ਐਲ.ਓ.) ਆਪਣੇ-ਆਪਣੇ ਪੋਲਿੰਗ ਬੂਥਾਂ 'ਤੇ ਹਾਜ਼ਰ ਰਹਿਣਗੇ ਤੇ ਅਜੇ ਤੱਕ ਅਣ-ਮੈਪਡ ਰਹਿ ਗਏ ਵੋਟਰਾਂ ਦੀ ਮੈਪਿੰਗ ਕਰਨਗੇ। ਉਨ੍ਹਾਂ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਨੇ ਹਾਲੇ ਤੱਕ ਆਪਣੀ ਵੋਟ ਨੂੰ ਸਾਲ 2003 ਦੀ ਵੋਟਰ ਸੂਚੀ ਨਾਲ ਮੈਪ ਨਹੀਂ ਕਰਵਾਇਆ, ਉਹ ਇਸ ਵਿਸ਼ੇਸ਼ ਮੌਕੇ ਦਾ ਲਾਭ ਲੈਂਦਿਆਂ ਆਪਣੇ ਸਬੰਧਤ ਪੋਲਿੰਗ ਸਟੇਸ਼ਨ 'ਤੇ ਪਹੁੰਚਣ ਤੇ ਬੀ.ਐਲ.ਓ. ਨਾਲ ਸੰਪਰਕ ਕਰਕੇ ਆਪਣੀ ਮੈਪਿੰਗ ਕਰਵਾਉਣ। ਮਨਜਿੰਦਰ ਸਿੰਘ ਬਾਜਵਾ ਨੇ ਸਮੂਹ ਰਾਜਨੀਤਿਕ ਪਾਰਟੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ-ਆਪਣੇ ਬੂਥ ਲੈਵਲ ਏਜੰਟਾਂ (ਬੀ.ਐਲ.ਏ.) ਰਾਹੀਂ ਬੀ.ਐਲ.ਓਜ਼ ਨੂੰ ਵੋਟਰ ਮੈਪਿੰਗ ਦੇ ਕੰਮ ਵਿੱਚ ਵੱਧ ਤੋਂ ਵੱਧ ਸਹਿਯੋਗ ਪ੍ਰਦਾਨ ਕਰਨ ਤਾਂ ਜੋ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਦੀ ਪ੍ਰਕਿਰਿਆ ਨੂੰ ਸੁਚਾਰੂ, ਪਾਰਦਰਸ਼ੀ ਤੇ ਸਮੇਂ ਸਿਰ ਮੁਕੰਮਲ ਕੀਤਾ ਜਾ ਸਕੇ।



# ਚੱਢਾ ਸ਼ੂਗਰ ਮਿੱਲ ਕੀੜੀ ਅਫਗਾਨਾ ਨੇ ਵਿਸ਼ਵ ਵਾਤਾਵਰਨ ਦਿਵਸ ਮੌਕੇ 150 ਬੂਟੇ ਲਗਾਏ

ਘੁਮਾਣ/ਸ੍ਰੀ ਹਰਿਗੋਬਿੰਦਪੁਰ ਸਾਹਿਬ, 6 ਜੂਨ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਵਿਸ਼ਵ ਵਾਤਾਵਰਨ ਦਿਵਸ ਦੇ ਮੌਕੇ 'ਤੇ ਚੱਢਾ ਸ਼ੂਗਰ ਮਿੱਲ, ਕੀੜੀ ਅਫਗਾਨਾ ਵੱਲੋਂ ਵੱਡੇ ਪੱਧਰ 'ਤੇ ਰੁੱਖ ਲਗਾ ਕੇ ਵਾਤਾਵਰਨ ਦਿਵਸ ਮਨਾਇਆ ਗਿਆ। ਮਿੱਲ ਦੇ ਮਾਣਯੋਗ ਐਗਜ਼ੈਕਟਿਵ ਡਾਇਰੈਕਟਰ ਬਿਕਰਮਜੀਤ ਸਿੰਘ ਚੱਢਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮਿੱਲ ਪ੍ਰਬੰਧਕ ਤੇ ਕਰਮਚਾਰੀਆਂ ਦੇ ਸਹਿਯੋਗ ਨਾਲ ਮਿੱਲ ਕੈਂਪਸ ਵਿੱਚ 150 ਬੂਟੇ ਲਗਾਏ ਗਏ। ਇਸ ਮੌਕੇ ਡਾਇਰੈਕਟਰ ਪ੍ਰਦੀਪ ਆਹੂਜਾ ਅੱਜ ਦੇ ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵੱਜੋਂ ਹਾਜ਼ਰ ਹੋਏ ਤੇ ਉਨ੍ਹਾਂ ਨੇ ਆਪਣੇ ਕਰ ਕਮਲਾਂ ਨਾਲ ਬੂਟਾ ਲਗਾ ਕੇ ਬੂਟੇ ਲਗਾਉਣ ਦੀ ਸ਼ੁਰੂਆਤ ਕੀਤੀ। ਇਸ ਮੌਕੇ ਅਨੁਜ ਉਪਲ ਹੈੱਡ ਅਕਾਊਂਟਸ, ਸੀਨੀਅਰ ਵਾਈਸ ਪ੍ਰੈਜ਼ੀਡੈਂਟ ਸਮੀਰ ਮਜੂਮਦਾਰ, ਵਾਈਸ ਪ੍ਰੈਜ਼ੀਡੈਂਟ ਮਨੀਸ਼ ਤਿਆਗੀ, ਜਨਰਲ ਮੈਨੇਜਰ ਪਰਮਜੀਤ ਸਿੰਘ ਰੰਧਾਵਾ, ਦਿਲਾਵਰ ਸਿੰਘ, ਪਰਮੋਦ ਤੋਮਰ ਵਾਤਾਵਰਨ ਮੈਨੇਜਰ, ਜੇ.ਐਸ. ਰਾੜਾ ਹੈੱਡ ਹਾਰਟੀਕਲਚਰ, ਸੰਦੀਪ ਸਿੰਘ ਫਾਇਰ ਅਫ਼ਸਰ, ਗੁਰਮੀਤ ਸਿੰਘ ਤੇ ਹਰਪ੍ਰੀਤ ਸਿੰਘ ਐਚ.ਆਰ., ਵਿਸ਼ਾਲ ਸ਼ਰਮਾ ਐਡਮਿਨ ਮੈਨੇਜਰ ਸਮੇਤ ਕੈਮਿਸਟ, ਇੰਜੀਨੀਅਰਿੰਗ ਤੇ ਅਕਾਊਂਟਸ ਵਿਭਾਗ ਦੇ ਅਫਸਰਾਂ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਸਰਗਰਮ ਭੂਮਿਕਾ ਨਿਭਾਈ। ਅਧਿਕਾਰੀਆਂ ਤੇ ਕਰਮਚਾਰੀਆਂ ਨੇ ਆਪਣੇ ਹੱਥਾਂ ਨਾਲ ਬੂਟੇ ਲਗਾ ਕੇ ਵਾਤਾਵਰਨ ਦੀ ਸੰਭਾਲ ਲਈ ਵਚਨਬੱਧਤਾ ਪ੍ਰਗਟਾਈ। ਇਸ ਮੌਕੇ ਮਿੱਲ ਪ੍ਰਬੰਧਨ ਨੇ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਵੀ ਵਰਖਾ ਰੁੱਤ ਦੌਰਾਨ ਘੱਟੋ-ਘੱਟ ਇੱਕ ਰੁੱਖ ਜ਼ਰੂਰ ਲਗਾਉਣ ਤਾਂ ਜੋ ਧਰਤੀ ਦੀ ਹਰਿਆਵਲ ਬਣੀ ਰਹੇ ਤੇ ਵਾਤਾਵਰਨ ਸ਼ੁੱਧ 'ਤੇ ਸਾਫ਼-ਸੁਥਰਾ ਰਹੇ। ਸਰਕਾਰ ਦੇ ਵਾਤਾਵਰਨ ਵਿਭਾਗ ਵੱਲੋਂ ਵੀ ਕੁਝ ਬੂਟੇ ਭੇਜੇ ਗਏ ਤੇ ਆਪਣੀ ਨਰਸਰੀ ਵਿੱਚ ਵੀ ਤਿਆਰ ਕਰਕੇ ਲਗਾਏ ਗਏ।




# ਕਾਂਗਰਸ ਦੀ ਉਮੀਦਵਾਰ ਕਮਲੇਸ਼ ਕੁਮਾਰੀ ਵੱਲੋਂ ਵਾਰਡ ਨੰਬਰ 24 'ਚ ਡੋਰ-ਟੂ-ਡੋਰ ਪ੍ਰਚਾਰ

ਗੁਰਦਾਸਪੁਰ, 6 ਜੂਨ (ਜਸਵਿੰਦਰ ਸਿੰਘ): ਨਗਰ ਕੌਂਸਲ ਗੁਰਦਾਸਪੁਰ ਦੀਆਂ ਚੋਣਾਂ ਨੂੰ ਲੈ ਕੇ ਚੋਣ ਸਰਗਰਮੀਆਂ ਤੇਜ਼ ਹੋ ਰਹੀਆਂ ਹਨ। ਇਸੇ ਕੜੀ ਤਹਿਤ ਵਾਰਡ ਨੰਬਰ 24 ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਕਮਲੇਸ਼ ਕੁਮਾਰੀ ਪਤਨੀ ਜਸਪਾਲ ਸਿੰਘ ਨੇ ਅੱਜ ਆਪਣੇ ਸਾਥੀਆਂ ਨਾਲ ਮਿਲ ਕੇ ਆਪਣੀ ਵਾਰਡ ਵਿੱਚ ਡੋਰ-ਟੂ-ਡੋਰ ਪ੍ਰਚਾਰ ਕੀਤਾ। ਇਸ ਮੌਕੇ ਉਨ੍ਹਾਂ ਨਾਲ ਵਰਿੰਦਰ ਕੁਮਾਰ ਬਿੰਦੂ ਐਕਸ ਐਮਸੀ ਤੇ ਕਾਂਗਰਸ ਪਾਰਟੀ ਦੇ ਆਗੂ, ਵਰਕਰ, ਪਰਿਵਾਰਕ ਮੈਂਬਰ ਤੇ ਸਮਰਥਕ ਵੀ ਮੌਜੂਦ ਸਨ। ਉਨ੍ਹਾਂ ਨੇ ਵਿਧਾਇਕ ਬਰਿੰਦਰਮੀਤ ਸਿੰਘ ਪਾਹੜਾ ਤੇ ਬਲਜੀਤ ਪਾਹੜਾ ਧੰਨਵਾਦ ਕਰਦਿਆਂ ਕਿਹਾ ਕਿ ਜੇਕਰ ਵਾਰਡ ਦੇ ਲੋਕ ਉਨ੍ਹਾਂ ਨੂੰ ਸੇਵਾ ਦਾ ਮੌਕਾ ਦਿੰਦੇ ਹਨ ਤਾਂ ਉਹ ਇਲਾਕੇ ਦੇ ਵਿਕਾਸ, ਸਫ਼ਾਈ ਪ੍ਰਬੰਧ, ਪੀਣ ਵਾਲੇ ਪਾਣੀ, ਸੜਕਾਂ ਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਪਹਿਲ ਦੇ ਆਧਾਰ 'ਤੇ ਯਕੀਨੀ ਬਣਾਉਣਗੇ। ਉਨ੍ਹਾਂ ਕਿਹਾ ਕਿ ਉਹ ਲੋਕਾਂ ਦੇ ਭਰੋਸੇ 'ਤੇ ਖਰਾ ਉਤਰਨ ਲਈ ਪੂਰੀ ਇਮਾਨਦਾਰੀ ਤੇ ਸਮਰਪਣ ਨਾਲ ਕੰਮ ਕਰਨਗੇ। ਇਸ ਮੌਕੇ ਕਾਂਗਰਸ ਆਗੂਆਂ ਨੇ ਵੀ ਵਾਰਡ ਨੰਬਰ 24 ਵਿੱਚ ਪਾਰਟੀ ਦੀ ਜਿੱਤ ਦਾ ਦਾਅਵਾ ਕਰਦਿਆਂ ਕਿਹਾ ਕਿ ਲੋਕ ਕਾਂਗਰਸ ਪਾਰਟੀ ਦੀਆਂ ਨੀਤੀਆਂ ਤੇ ਵਿਕਾਸ ਪੱਖੀ ਸੋਚ ਨੂੰ ਸਮਰਥਨ ਦੇ ਰਹੇ ਹਨ।






# ਦੁੱਧ 'ਚ ਮਿਲਾ ਕੇ ਪੀਓ ਖਸਖਸ, ਦਵਾਈਆਂ ਤੋਂ ਮਿਲੇਗੀ ਮੁਕਤੀ!

ਅੱਜ-ਕੱਲ੍ਹ ਦੇ ਭੱਜ-ਦੌੜ ਭਰੇ ਲਾਈਫਸਟਾਈਲ 'ਚ ਲੋਕਾਂ ਕੋਲ ਸਹੀ ਖਾਣ-ਪੀਣ ਦਾ ਸਮਾਂ ਨਹੀਂ ਹੈ, ਜਿਸ ਕਾਰਨ ਸਰੀਰਕ ਕਮਜ਼ੋਰੀ, ਜੋੜਾਂ ਦਾ ਦਰਦ ਅਤੇ ਰਾਤ ਨੂੰ ਨੀਂਦ ਨਾ ਆਉਣਾ ਬਹੁਤ ਆਮ ਸਮੱਸਿਆਵਾਂ ਬਣ ਚੁੱਕੀਆਂ ਹਨ। ਤਾਂ



ਰਸੋਈ 'ਚ ਮੌਜੂਦ ਖਸਖਸ ਤੁਹਾਡੇ ਲਈ ਕਿਸੇ ਵਰਦਾਨ ਤੋਂ ਘੱਟ ਨਹੀਂ ਹੈ।

**ਗੂੜ੍ਹੀ ਅਤੇ ਵਧੀਆ ਨੀਂਦ ਲਈ ਰਾਮਬਾਣ:** ਜਿਨ੍ਹਾਂ ਲੋਕਾਂ ਨੂੰ ਰਾਤ ਨੂੰ ਬਿਸਤਰੇ 'ਤੇ ਲੇਟਣ ਤੋਂ ਬਾਅਦ ਵੀ ਘੰਟਿਆਂ ਤੱਕ ਨੀਂਦ ਨਹੀਂ ਆਉਂਦੀ, ਉਨ੍ਹਾਂ ਲਈ ਖਸਖਸ ਸਭ ਤੋਂ ਵਧੀਆ ਦਵਾਈ ਹੈ। ਰੋਜ਼ਾਨਾ ਰਾਤ ਨੂੰ ਸੌਣ ਤੋਂ ਪਹਿਲਾਂ ਖਸਖਸ ਵਾਲਾ ਕੋਸਾ ਦੁੱਧ ਪੀਣ ਨਾਲ ਦਿਮਾਗ ਸ਼ਾਂਤ ਹੁੰਦਾ ਹੈ ਅਤੇ ਮਾਨਸਿਕ ਤਣਾਅ ਦੂਰ ਹੁੰਦਾ ਹੈ, ਜਿਸ ਨਾਲ ਬਹੁਤ ਵਧੀਆ ਨੀਂਦ ਆਉਂਦੀ ਹੈ।

**ਹੱਡੀਆਂ ਅਤੇ ਜੋੜਾਂ ਦੇ ਦਰਦ ਤੋਂ ਮੁਕਤੀ:** ਉਮਰ ਵਧਣ ਨਾਲ ਹੱਡੀਆਂ ਦਾ ਕਮਜ਼ੋਰ ਹੋਣਾ ਆਮ ਗੱਲ ਹੈ। ਖਸਖਸ 'ਚ ਕੈਲਸ਼ੀਅਮ ਅਤੇ ਫਾਸਫੋਰਸ ਭਰਪੂਰ ਮਾਤਰਾ 'ਚ ਹੁੰਦਾ ਹੈ, ਜੋ ਹੱਡੀਆਂ ਨੂੰ ਲੋਹੇ ਵਾਂਗ ਮਜ਼ਬੂਤ ਬਣਾਉਂਦਾ ਹੈ ਅਤੇ ਗੋਡਿਆਂ ਤੇ ਜੋੜਾਂ ਦੇ ਦਰਦ ਤੋਂ ਰਾਹਤ ਦਿੰਦਾ ਹੈ।

**ਕਬਜ਼ ਅਤੇ ਪੇਟ ਦੀਆਂ ਬੀਮਾਰੀਆਂ ਜੜ੍ਹ ਤੋਂ ਖ਼ਤਮ:** ਖਸਖਸ 'ਚ ਫਾਈਬਰ ਦੀ ਮਾਤਰਾ ਬਹੁਤ ਜ਼ਿਆਦਾ ਹੁੰਦੀ ਹੈ। ਇਹ ਪੇਟ ਨੂੰ ਸਾਫ਼ ਰੱਖਣ, ਹਾਜ਼ਮਾ ਦਰੁਸਤ ਕਰਨ ਅਤੇ ਪੁਰਾਣੀ ਤੋਂ ਪੁਰਾਣੀ ਕਬਜ਼ ਦੀ ਸਮੱਸਿਆ ਨੂੰ ਚੁਟਕੀਆਂ 'ਚ ਦੂਰ ਕਰਨ 'ਚ ਮਦਦਗਾਰ ਹੈ।

**ਯਾਦਦਾਸ਼ਤ ਹੋਵੇਗੀ ਤੇਜ਼:** ਇਸ 'ਚ ਮੌਜੂਦ ਆਇਰਨ ਸਰੀਰ 'ਚ ਖੂਨ ਦੀ ਕਮੀ ਨੂੰ ਦੂਰ ਕਰਦਾ ਹੈ। ਜਦੋਂ ਦਿਮਾਗ ਤੱਕ ਖੂਨ ਅਤੇ ਆਕਸੀਜਨ ਸਹੀ ਤਰ੍ਹਾਂ ਪਹੁੰਚਦੀ ਹੈ, ਤਾਂ ਫੋਕਸ ਵਧਦਾ ਹੈ ਅਤੇ ਦਿਮਾਗ ਕੰਪਿਊਟਰ ਵਾਂਗ ਤੇਜ਼ ਚੱਲਦਾ ਹੈ।

**ਬਲੱਡ ਪ੍ਰੈਸ਼ਰ ਅਤੇ ਦਿਲ ਨੂੰ ਰੱਖੇ ਸੁਰੱਖਿਅਤ:** ਖਸਖਸ 'ਚ ਪੋਟਾਸ਼ੀਅਮ ਹੁੰਦਾ ਹੈ ਜੋ ਹਾਈ ਬਲੱਡ ਪ੍ਰੈਸ਼ਰ ਨੂੰ ਕੰਟਰੋਲ ਕਰਦਾ ਹੈ। ਇਸ ਦਾ ਨਿਯਮਿਤ ਸੇਵਨ ਕਰਨ ਨਾਲ ਦਿਲ ਦੀਆਂ ਬੀਮਾਰੀਆਂ ਦਾ ਖ਼ਤਰਾ ਕਾਫ਼ੀ ਹੱਦ ਤੱਕ ਘੱਟ ਹੋ ਜਾਂਦਾ ਹੈ।

# ਦਿੱਲੀ ਦੇ ਐਲ.ਜੀਂ ਤਰਨਜੀਤ ਸਿੰਘ ਸੰਧੂ ਨੇ ਰਾਜਪਾਲ ਕਟਾਰੀਆ ਨਾਲ ਕੀਤੀ ਮੁਲਾਕਾਤ

ਚੰਡੀਗੜ੍ਹ, 6 ਜੂਨ (ਅੰਮ੍ਰਿਤਪਾਲ ਸਿੰਘ) : ਦਿੱਲੀ ਦੇ ਲੈਫਟੀਨੈਂਟ ਗਵਰਨਰ ਸ੍ਰੀ ਤਰਨਜੀਤ ਸਿੰਘ ਸੰਧੂ ਨੇ ਅੱਜ ਪੰਜਾਬ ਲੋਕ ਭਵਨ, ਚੰਡੀਗੜ੍ਹ ਵਿਖੇ ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਨਾਲ ਸ਼ਿਸ਼ਟਾਚਾਰ ਮੁਲਾਕਾਤ ਕੀਤੀ। ਇਸ ਮੌਕੇ ਪੰਜਾਬ, ਚੰਡੀਗੜ੍ਹ, ਦਿੱਲੀ ਅਤੇ ਰਾਸ਼ਟਰੀ ਹਿੱਤਾਂ ਨਾਲ ਸਬੰਧਤ ਵੱਖ-ਵੱਖ ਮਹੱਤਵਪੂਰਨ



ਮੁੱਦਿਆਂ 'ਤੇ ਫਲਦਾਇਕ ਚਰਚਾ ਹੋਈ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸਰਹੱਦੀ ਖੇਤਰਾਂ ਦੇ ਨੌਜਵਾਨਾਂ ਨੂੰ ਹੁਨਰ ਵਿਕਾਸ ਪ੍ਰੋਗਰਾਮਾਂ ਨਾਲ ਜੋੜ ਕੇ ਵਧੇਰੇ ਰੁਜ਼ਗਾਰ ਯੋਗ ਅਤੇ ਸਵੈ-ਨਿਰਭਰ ਬਣਾਉਣ ਦੇ ਉਪਾਵਾਂ @ਤੇ ਚਰਚਾ ਕੀਤੀ ਗਈ। ਦੋਵਾਂ ਪਤਵੰਤਿਆਂ ਨੇ ਯੁਵਾ ਸਸ਼ਕਤੀਕਰਨ ਅਤੇ ਹੁਨਰ ਵਿਕਾਸ ਨੂੰ ਵਿਕਸਤ ਭਾਰਤ ਦੇ ਨਿਰਮਾਣ ਲਈ ਮਹੱਤਵਪੂਰਨ ਨੀਂਹ ਦੱਸਿਆ।

# ਪੱਤਰਕਾਰ ਅਰਵਿੰਦਰ ਸਿੰਘ ਸਵੈਚ ਨੇ ਸਾਥੀਆਂ ਸਮੇਤ ਅਦਾਰਾ ਚੜ੍ਹਦੀਕਲਾ ਦੇ ਚੇਅਰਮੈਨ 'ਪਦਮਸ਼੍ਰੀ' ਜਗਜੀਤ ਸਿੰਘ ਦਰਦੀ ਨਾਲ ਕੀਤੀ ਮੁਲਾਕਾਤ

ਖੰਨਾ, 6 ਜੂਨ (ਅਰਵਿੰਦਰ ਸਿੰਘ ਸਵੈਚ): ਅੱਜ ਪੱਤਰਕਾਰ ਅਰਵਿੰਦਰ ਸਿੰਘ ਸਵੈਚ ਨੇ ਆਪਣੇ ਸਾਥੀਆਂ ਸਮਾਜ ਸੇਵੀ ਗੁਰਦੀਪ ਸਿੰਘ ਕਾਲੀ ਪਾਇਲ, ਪੱਤਰਕਾਰ ਗੀਤਾ ਰਾਣੀ, ਅਤੇ ਪੱਤਰਕਾਰ ਨਰਪਿੰਦਰ ਸਿੰਘ ਨਾਲ ਪਟਿਆਲਾ ਵਿਖੇ ਰੋਜ਼ਾਨਾ ਚੜ੍ਹਦੀ ਕਲਾ ਅਖਬਾਰ ਅਤੇ ਚੜ੍ਹਦੀ ਕਲਾ ਟਾਈਮ ਟੀਵੀ ਦੇ ਚੀਫ ਐਡੀਟਰ ਪਦਮ ਸ਼੍ਰੀ ਸਰਦਾਰ ਜਗਜੀਤ ਸਿੰਘ ਜੀ ਦਰਦੀ ਨਾਲ ਮੁਲਾਕਾਤ ਕੀਤੀ। ਪਦਮ ਸ਼੍ਰੀ ਸਰਦਾਰ ਜਗਜੀਤ ਸਿੰਘ ਜੀ ਦਰਦੀ ਜੋ ਕਿ ਪਿਛਲੇ ਸਮੇਂ ਤੋਂ ਨਾਸਿਹਤਯਾਬ ਸਨ, ਉਹਨਾਂ ਦੀ ਸਿਹਤ ਸਬੰਧੀ ਹਾਲ ਜਾਣਿਆ। ਸਰਦਾਰ ਜਗਜੀਤ ਸਿੰਘ ਜੀ ਦਰਦੀ ਨੇ ਦੱਸਿਆ ਕਿ ਉਹਨਾਂ ਨੂੰ ਡਾਕਟਰਾਂ ਵੱਲੋਂ ਆਰਾਮ ਕਰਨ ਦੀ ਸਲਾਹ ਦਿੱਤੀ ਗਈ ਹੈ ਪਰ ਇਸ ਸਮੇਂ ਉਹ ਚੜ੍ਹਦੀ ਕਲਾ ਵਿੱਚ ਹਨ। ਇਸ ਮੁਲਾਕਾਤ ਦੌਰਾਨ ਸਰਦਾਰ ਜਗਜੀਤ ਸਿੰਘ ਦਰਦੀ ਜੀ ਨੇ ਆਪਣੇ ਪੱਤਰਕਾਰਤਾ ਦੇ ਸਫਰ ਦੀਆਂ ਯਾਦਾਂ ਵੀ ਸਾਂਝੀਆਂ ਕੀਤੀਆਂ। ਉਹਨਾਂ ਦੱਸਿਆ ਕਿ ਉਹ ਦੇਸ਼ ਦੇ ਵੱਖ-ਵੱਖ ਪ੍ਰਧਾਨ ਮੰਤਰੀਆਂ ਨਾਲ ਵਿਦੇਸ਼ੀ ਦੌਰੇ ਕਰ ਚੁੱਕੇ ਹਨ । ਸਰਦਾਰ ਜਗਜੀਤ ਸਿੰਘ ਦਰਦੀ ਜੀ ਨੇ ਵਿਦੇਸ਼ੀ ਸਿੱਖਾਂ ਦੀ ਜੋ ਕਾਲੀ ਸੂਚੀ ਬਣੀ ਹੋਈ ਸੀ ਉਸ ਬਾਰੇ ਵੀ ਵਿਸਥਾਰ ਨਾਲ ਦੱਸਿਆ ਕਿ ਕਿਸ ਤਰ੍ਹਾਂ ਸਿੱਖਾਂ ਦੀ ਕਾਲੀ ਸੂਚੀ ਖ਼ਤਮ ਹੋਈ। ਯਾਦ ਨੂੰ ਸਾਂਝਾ ਕਰਦਿਆਂ ਉਨ੍ਹਾਂ ਦੱਸਿਆ ਕਿ ਉਹ ਪ੍ਰਧਾਨ ਮੰਤਰੀ ਸ੍ਰੀ ਅਟੱਲ ਬਿਹਾਰੀ ਵਾਜਪਾਈ ਨਾਲ ਅਮਰੀਕਾ ਦੇ ਦੌਰੇ ਉੱਪਰ ਸਨ। ਉਸ ਵੇਲੇ ਉੱਥੇ ਦੇ ਸਿੱਖ ਰੋਸ ਪ੍ਰਦਰਸ਼ਨ ਕਰ ਰਹੇ ਸਨ ਤਾਂ ਅਮਰੀਕਾ ਦੇ ਰਾਸ਼ਟਰਪਤੀ ਨੇ ਉਨ੍ਹਾਂ ਨੂੰ ਸਿੱਖ ਹੋਣ ਕਰਕੇ ਆਪਣੇ ਪਾਸ ਬੁਲਾਇਆ ਅਤੇ ਸਿੱਖਾਂ ਨਾਲ ਗੱਲਬਾਤ ਕਰਨ ਲਈ ਕਿਹਾ ਕਿ ਇਹ ਰੋਸ ਪ੍ਰਦਰਸ਼ਨ ਕਿਉਂ ਕਰ ਰਹੇ ਹਨ ? ਸਰਦਾਰ ਦਰਦੀ ਨੇ ਅਮਰੀਕਾ ਦੇ ਰਾਸ਼ਟਰਪਤੀ ਤੋਂ ਕੁਝ ਸਮਾਂ ਮੰਗਿਆ ਅਤੇ ਸਿੱਖਾਂ ਨਾਲ ਰਾਬਤਾ ਕਾਇਮ ਕੀਤਾ। ਅਮਰੀਕਾ ਵੱਸਦੇ ਸਿੱਖਾਂ ਨੇ ਆਪਣੀਆਂ ਮੰਗਾਂ ਬਾਰੇ ਸਰਦਾਰ ਜਗਜੀਤ ਸਿੰਘ ਜੀ ਨੂੰ ਦੱਸਿਆ ਤਾਂ ਉਹਨਾਂ ਇਹ ਮੰਗਾਂ ਅੱਗੇ ਪਹੁੰਚਾਈਆਂ ਜਿਸ ਕਾਰਨ ਸਿੱਖਾਂ ਦੀ ਜੋ ਕਾਲੀ ਸੂਚੀ ਬਣੀ ਹੋਈ ਸੀ ਉਹ ਖਤਮ ਹੋਈ। ਸਰਦਾਰ ਜਗਜੀਤ ਸਿੰਘ



ਦਰਦੀ ਜੀ ਨੇ ਦੱਸਿਆ ਕਿ ਇਹ ਸਭ ਉਸ ਵਾਹਿਗੁਰੂ ਪਰਮਾਤਮਾ ਦੀ ਕਿਰਪਾ ਹੈ ਕਿ ਉਹਨਾਂ ਆਪਣੇ ਸਿੱਖੀ ਸਰੂਪ ਨੂੰ ਕਾਇਮ ਰੱਖਿਆ ਅਤੇ ਹਰ ਵੇਲੇ ਆਪਣੇ ਗੁਰੂ ਦੀ ਗੱਲ ਕੀਤੀ। ਇਸ ਮੌਕੇ ਪਦਮ ਸ਼੍ਰੀ ਸਰਦਾਰ ਜਗਜੀਤ ਸਿੰਘ ਦਰਦੀ ਜੀ ਦਾ ਸਿਰੋਪਾਓ ਪਾ ਕੇ ਸਨਮਾਨ ਵੀ ਕੀਤਾ ਗਿਆ। ਉਪਰੰਤ ਉਹਨਾਂ ਪਹੁੰਚੇ ਪੱਤਰਕਾਰਾਂ ਨੂੰ ਚੜ੍ਹਦੀ ਕਲਾ ਵਿੱਚ ਰਹਿਣ ਦਾ ਸੰਦੇਸ਼ ਦਿੱਤਾ ਅਤੇ ਆਪਣਾ ਕੰਮ ਇਮਾਨਦਾਰੀ ਨਾਲ ਕਰਨ ਲਈ ਕਿਹਾ। ਇਸ ਸਮੇਂ ਉਹਨਾਂ ਪੱਤਰਕਾਰਾਂ ਨੂੰ ਡਾਇਰੀਆਂ ਦੇ ਕੇ ਨਿਵਾਜਿਆ।

# ਦਿੱਲੀ ਦੇ ਉਪ-ਰਾਜਪਾਲ ਨੇ ਸ੍ਰੀ ਅਨੰਦਪੁਰ ਸਾਹਿਬ ਅਤੇ ਕੀਰਤਪੁਰ ਸਾਹਿਬ ਵਿਖੇ ਟੇਕਿਆ ਮੱਥਾ

ਸ੍ਰੀ ਅਨੰਦਪੁਰ ਸਾਹਿਬ / ਕੀਰਤਪੁਰ ਸਾਹਿਬ, 6 ਜੂਨ (ਚ.ਨ.ਸ.) : ਦਿੱਲੀ ਦੇ ਮਾਨਯੋਗ ਉਪ-ਰਾਜਪਾਲ (ਲੈਫਟੀਨੈਂਟ ਗਵਰਨਰ) ਸਰਦਾਰ ਤਰਨਜੀਤ ਸਿੰਘ ਸੰਧੂ ਅੱਜ ਪੰਜਾਬ ਦੇ ਇਤਿਹਾਸਕ ਅਤੇ ਪਵਿੱਤਰ ਧਾਰਮਿਕ ਅਸਥਾਨਾਂ ਦੇ ਦੌਰੇ 'ਤੇ ਪਹੁੰਚੇ, ਜਿੱਥੇ ਉਨ੍ਹਾਂ ਨੇ ਸ੍ਰੀ ਅਨੰਦਪੁਰ ਸਾਹਿਬ ਅਤੇ ਕੀਰਤਪੁਰ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਚਰਨਾਂ ਵਿੱਚ ਹਾਜ਼ਰੀ ਲਗਵਾਈ। ਆਪਣੇ ਇਸ ਦੌਰੇ ਦੌਰਾਨ ਉਪ-ਰਾਜਪਾਲ ਨੇ ਸਭ ਤੋਂ ਪਹਿਲਾਂ ਖ਼ਾਲਸਾ ਪੰਥ ਦੀ ਸਿਰਜਣਾ ਭੂਮੀ ਸ੍ਰੀ ਅਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ 'ਤੇ ਸੀਸ ਨਿਵਾਇਆ, ਜਿੱਥੇ ਸਾਹਿਬ-ਏ-ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਖ਼ਾਲਸਾ ਪੰਥ ਦੀ ਸਥਾਪਨਾ ਕੀਤੀ ਸੀ। ਇਸ ਮੌਕੇ ਉਨ੍ਹਾਂ ਨੇ ਗੁਰੂ ਘਰ ਵਿੱਚ ਮੱਥਾ ਟੇਕਿਆ ਅਤੇ ਸਰਬੱਤ ਦੇ ਭਲੇ, ਦੇਸ਼ ਦੀ ਖੁਸ਼ਹਾਲੀ, ਅਮਨ-ਸ਼ਾਂਤੀ ਅਤੇ ਪ੍ਰਗਤੀ ਲਈ ਅਰਦਾਸ ਕੀਤੀ। ਇਸ ਇਤਿਹਾਸਕ ਅਸਥਾਨ @ਤੇ ਪੱਤਰਕਾਰਾਂ ਅਤੇ ਸੰਗਤਾਂ ਨਾਲ ਗੱਲਬਾਤ ਕਰਦਿਆਂ ਉਪ-ਰਾਜਪਾਲ ਸਰਦਾਰ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਸਿੱਖ ਇਤਿਹਾਸ ਅਤੇ ਇਸ ਦੀਆਂ ਮਹਾਨ ਪ੍ਰੰਪਰਾਵਾਂ ਪੂਰੀ ਮਨੁੱਖਤਾ ਲਈ ਪ੍ਰੇਰਣਾ ਦਾ ਸਰੋਤ ਹਨ। ਉਨ੍ਹਾਂ ਨੇ ਵਿਸ਼ੇਸ਼ ਤੌਰ @ਤੇ ਜ਼ਿਕਰ ਕੀਤਾ ਕਿ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਮਹਾਨ ਅਤੇ ਬੇਮਿਸਾਲ ਸ਼ਹਾਦਤ, ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਵਿੱਤਰ ਸੰਦੇਸ਼ ਅਤੇ ਦਿੱਲੀ ਦੇ ਇਤਿਹਾਸਕ



ਗੁਰਦੁਆਰਾ ਰਕਾਬ ਗੰਜ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਅਤੇ ਸਮੁੱਚੇ ਪੰਜਾਬ ਦਾ ਇਤਿਹਾਸਕ ਤੇ ਅਧਿਆਤਮਕ ਪੱਖ ਤੋਂ ਆਪਸ ਵਿੱਚ ਬਹੁਤ ਡੂੰਘਾ ਸਬੰਧ ਹੈ। ਇਹ ਸਾਰੇ ਪਵਿੱਤਰ ਅਸਥਾਨ ਆਪਸ ਵਿੱਚ ਅਧਿਆਤਮਕ ਤੌਰ 'ਤੇ ਇੱਕ-ਦੂਜੇ ਨਾਲ ਜੁੜੇ ਹੋਏ ਹਨ। ਉਨ੍ਹਾਂ ਕਿਹਾ ਕਿ ਇਹ ਮਹਾਨ ਅਧਿਆਤਮਕ ਵਿਰਾਸਤ ਸਾਨੂੰ ਹਮੇਸ਼ਾ ਦੇਸ਼ ਅਤੇ ਮਨੁੱਖਤਾ ਦੀ ਸੇਵਾ ਲਈ ਨਿਰਭੈਤਾ, ਆਪਸੀ ਏਕਤਾ, ਹੌਸਲੇ ਅਤੇ ਨਿਸ਼ਕਾਮ ਸੇਵਾ ਭਾਵਨਾ ਨਾਲ ਅੱਗੇ ਵਧਣ ਦਾ ਮਾਰਗ ਦਿਖਾਉਂਦੀ ਹੈ।

ਇਸ ਤੋਂ ਉਪਰੰਤ ਦਿੱਲੀ ਦੇ ਉਪ-ਰਾਜਪਾਲ ਸਰਦਾਰ ਤਰਨਜੀਤ ਸਿੰਘ ਸੰਧੂ ਇਤਿਹਾਸਕ ਨਗਰੀ ਕੀਰਤਪੁਰ ਸਾਹਿਬ ਵਿਖੇ ਸਥਿਤ ਪਵਿੱਤਰ ਗੁਰਦੁਆਰਾ ਪਾਤਾਲਪੁਰੀ ਸਾਹਿਬ ਵਿਖੇ ਨਤਮਸਤਕ ਹੋਏ। ਇਹ ਦੌਰਾ ਉਨ੍ਹਾਂ ਲਈ ਬਹੁਤ ਹੀ ਭਾਵੁਕ ਅਤੇ ਨਿੱਜੀ ਤੌਰ 'ਤੇ ਮਹੱਤਵਪੂਰਨ ਸੀ। ਦੱਸਣਯੋਗ ਹੈ ਕਿ ਗੁਰਦੁਆਰਾ ਪਾਤਾਲਪੁਰੀ ਸਾਹਿਬ ਉਹ ਪਰਮ ਪਵਿੱਤਰ ਅਸਥਾਨ ਹੈ ਜਿੱਥੇ ਉਪ-ਰਾਜਪਾਲ ਦੇ ਸਤਿਕਾਰਯੋਗ ਪਿਤਾ ਸਰਦਾਰ ਬਿਸ਼ਨ ਸਿੰਘ ਸਮੁੰਦਰੀ (ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਬਾਨੀ ਵਾਈਸ ਚਾਂਸਲਰ), ਮਾਤਾ ਡਾਕਟਰ ਜਗਜੀਤ ਕੌਰ ਸੰਧੂ ਅਤੇ ਉਨ੍ਹਾਂ ਦੇ ਵੱਡੇ ਭਰਾ ਸਰਦਾਰ ਜਸਜੀਤ ਸਿੰਘ ਸਮੁੰਦਰੀ ਦੀਆਂ ਅਸਥੀਆਂ ਜਲ ਪ੍ਰਵਾਹ ਕੀਤੀਆਂ ਗਈਆਂ ਸਨ। ਗੁਰਦੁਆਰਾ ਪਾਤਾਲਪੁਰੀ ਸਾਹਿਬ ਵਿਖੇ ਪਹੁੰਚ ਕੇ ਉਨ੍ਹਾਂ ਨੇ ਬੜੀ ਸ਼ਰਧਾ ਅਤੇ ਅਕੀਦਤ ਨਾਲ ਗੁਰੂ ਚਰਨਾਂ ਵਿੱਚ ਮੱਥਾ ਟੇਕਿਆ ਅਤੇ ਅਰਦਾਸ ਅੰਦਰ ਸ਼ਾਮਲ ਹੋਏ। ਆਪਣੇ ਪੂਜਨੀਕ ਮਾਤਾ-ਪਿਤਾ ਅਤੇ ਵੱਡੇ ਭਰਾ ਨੂੰ ਯਾਦ ਕਰਦਿਆਂ ਉਪ-ਰਾਜਪਾਲ ਬੇਹੱਦ ਭਾਵੁਕ ਨਜ਼ਰ ਆਏ। ਉਨ੍ਹਾਂ ਨੇ ਇਸ ਪਵਿੱਤਰ ਅਸਥਾਨ 'ਤੇ ਬੈਠ ਕੇ ਆਪਣੇ ਪਰਿਵਾਰਿਕ ਮੈਂਬਰਾਂ ਦੀ ਆਤਮਿਕ ਸ਼ਾਂਤੀ ਲਈ ਵਾਹਿਗੁਰੂ ਅੱਗੇ ਜੋਦੜੀ ਕੀਤੀ ਅਤੇ ਆਪਣੇ ਵਿਛੜੇ ਪਰਿਵਾਰ ਨੂੰ ਬੇਹੱਦ ਨਮ ਅੱਖਾਂ ਨਾਲ ਭਾਵੁਕ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਗੁਰੂ ਘਰ ਦੇ ਪ੍ਰਬੰਧਕਾਂ ਵੱਲੋਂ ਦਿੱਲੀ ਦੇ ਉਪ-ਰਾਜਪਾਲ ਤਰਨਜੀਤ ਸਿੰਘ ਸੰਧੂ ਨੂੰ ਸਿਰੋਪਾਓ ਅਤੇ ਗੁਰੂ ਘਰ ਦੀ ਬਖਸ਼ਿਸ਼ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ।



ਅਦਾਰਾ ਚੜ੍ਹਦੀਕਲਾ ਵਿਖੇ 'ਪਦਮਸ਼੍ਰੀ' ਡਾ. ਜਗਜੀਤ ਸਿੰਘ ਦਰਦੀ ਦਾ ਹਾਲ-ਚਾਲ ਜਾਣਨ ਲਈ ਪਹੁੰਚੇ ਸਾਬਕਾ ਚੇਅਰਮੈਨ ਸੁਰਜੀਤ ਸਿੰਘ ਅਬਲੋਵਾਲ ਨੂੰ ਸਨਮਾਨਤ ਕਰਦੇ ਹੋਏ ਅਦਾਰੇ ਦੇ ਚੇਅਰਮੈਨ ਸ੍. ਦਰਦੀ, ਚੜ੍ਹਦੀਕਲਾ ਟਾਈਮ ਟੀ.ਵੀ. ਦੇ ਡਾਇਰੈਕਟਰ ਸ੍. ਹਰਪ੍ਰੀਤ ਸਿੰਘ ਦਰਦੀ, ਨਾਲ ਦਿਖਾਈ ਦੇ ਰਹੇ ਹਨ ਅਮਰਜੀਤ ਸਿੰਘ, ਦਮਨਦੀਪ ਸਿੰਘ ਤੇ ਅਵਤਾਰ ਸਿੰਘ।

# ਨੌਜਵਾਨ ਦੇਸ਼ ਦੀ ਸਭ ਤੋਂ ਵੱਡੀ ਤਾਕਤ, ਵਿਕਸਿਤ ਭਾਰਤ ਦੇ ਸੁਪਨੇ ਨੂੰ ਕਰਨਗੇ ਸਾਕਾਰ: ਡਾ. ਮਾਂਡਵੀਆ

ਨਵੀਂ ਦਿੱਲੀ, 6 ਜੂਨ (ਅੰਮ੍ਰਿਤਪਾਲ ਸਿੰਘ) : ਕੇਂਦਰੀ ਯੁਵਾ ਮਾਮਲੇ ਅਤੇ ਖੇਡ ਮੰਤਰੀ ਡਾ. ਮਨਸੁਖ ਮਾਂਡਵੀਆ ਨੇ ਅੱਜ ਰਾਜਧਾਨੀ ਦੇ ਤਿਆਗਰਾਜ ਸਪੋਰਟਸ ਕੰਪਲੈਕਸ ਵਿਖੇ ਆਯੋਜਿਤ 'ਯੂਥ ਫਾਰ ਵਿਕਸਿਤ ਭਾਰਤ: ਮਾਈ ਭਾਰਤ ਯੂਥ ਕਨਵੈਨਸ਼ਨ' ਨੂੰ ਸੰਬੋਧਨ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਦੇਸ਼ ਦੇ ਨੌਜਵਾਨ ਭਾਰਤ ਦੀ ਸਭ ਤੋਂ ਵੱਡੀ ਤਾਕਤ ਹਨ ਅਤੇ ਸਾਲ 2047 ਤੱਕ ਵਿਕਸਿਤ ਭਾਰਤ ਦੇ ਵਿਜ਼ਨ ਨੂੰ ਸਾਕਾਰ ਕਰਨ ਵਿੱਚ ਉਨ੍ਹਾਂ ਦੀ ਭੂਮਿਕਾ ਕੇਂਦਰੀ ਹੋਵੇਗੀ। ਡਾ. ਮਾਂਡਵੀਆ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸੁਪਨੇ ਦਾ ਜ਼ਿਕਰ ਕਰਦਿਆਂ ਕਿਹਾ, ਪ੍ਰਧਾਨ ਮੰਤਰੀ ਨੇ ਇੱਕ ਅਜਿਹੇ ਵਿਕਸਿਤ ਭਾਰਤ ਦੀ ਕਲਪਨਾ ਕੀਤੀ ਹੈ, ਜਿਸ ਦੀ ਰੂਪ-ਰੇਖਾ ਨੌਜਵਾਨ ਭਾਰਤੀਆਂ ਦੇ ਵਿਚਾਰਾਂ, ਇਨੋਵੇਸ਼ਨ (ਨਵੀਨਤਾ) ਅਤੇ ਉਨ੍ਹਾਂ ਦੀਆਂ ਇੱਛਾਵਾਂ 'ਤੇ ਅਧਾਰਿਤ ਹੈ। ਉਨ੍ਹਾਂ ਭਾਰਤ ਦੇ ਜਨਸੰਖਿਆ ਲਾਭ (ਡੈਮੋਗ੍ਰਾਫਿਕ ਐਡਵਾਂਟੇਜ) 'ਤੇ ਜ਼ੋਰ ਦਿੰਦਿਆਂ ਕਿਹਾ ਕਿ ਦੇਸ਼ ਦੀ ਲਗਭਗ 65 ਫੀਸਦੀ ਆਬਾਦੀ 35 ਸਾਲ ਤੋਂ ਘੱਟ ਉਮਰ ਦੀ ਹੈ, ਜੋ ਦੇਸ਼ ਦਾ ਭਵਿੱਖ ਬਦਲਣ ਦੀ ਸਮਰੱਥਾ ਰੱਖਦੀ ਹੈ। ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਦਿੱਲੀ ਦੀ ਮੁੱਖ ਮੰਤਰੀ ਸ਼੍ਰੀਮਤੀ ਰੇਖਾ ਗੁਪਤਾ ਨੇ ਵੀ ਨੌਜਵਾਨਾਂ ਦੀ ਹੌਸਲਾ ਅਫਜ਼ਾਈ ਕੀਤੀ। ਉਨ੍ਹਾਂ ਕਿਹਾ ਕਿ ਭਾਰਤ ਦੇ ਨੌਜਵਾਨ ਆਪਣੀ ਅਦੁੱਤੀ ਪ੍ਰਤਿਭਾ, ਦ੍ਰਿੜ ਇਰਾਦੇ ਅਤੇ ਸਖ਼ਤ ਮਿਹਨਤ ਸਦਕਾ ਦੇਸ਼ ਨੂੰ ਨਵੀਆਂ ਬੁਲੰਦੀਆਂ 'ਤੇ ਲੈ ਜਾਣ ਲਈ ਪੂਰੀ ਤਰ੍ਹਾਂ ਤਿਆਰ ਹਨ। ਇਸ ਵਿਸ਼ਾਲ ਸੰਮੇਲਨ ਵਿੱਚ ਦੇਸ਼ ਭਰ ਤੋਂ 6,000 ਤੋਂ ਵੱਧ ਨੌਜਵਾਨਾਂ ਨੇ ਹਿੱਸਾ ਲਿਆ, ਜਿਨ੍ਹਾਂ ਵਿੱਚ ਵਿਦਿਆਰਥੀ, ਨੌਜਵਾਨ ਪੇਸ਼ੇਵਰ, ਉੱਦਮੀ (ਐਂਟਰਪ੍ਰੀਨਿਓਰ) ਅਤੇ ਕੰਟੈਂਟ ਕ੍ਰਿਏਟਰ ਸ਼ਾਮਲ ਸਨ। ਇਸ ਪ੍ਰੋਗਰਾਮ ਦੌਰਾਨ ਦੇਸ਼ ਭਰ ਵਿੱਚ ਨੌਜਵਾਨਾਂ ਦੀ ਭਾਗੀਦਾਰੀ ਨੂੰ ਵਧਾਉਣ ਲਈ ਚਲਾਈਆਂ ਜਾ ਰਹੀਆਂ ਪ੍ਰਮੁੱਖ ਸਰਕਾਰੀ ਪਹਿਲਕਦਮੀਆਂ ਅਤੇ ਮੁਹਿੰਮਾਂ ਦਾ ਪ੍ਰਦਰਸ਼ਨ ਵੀ ਕੀਤਾ ਗਿਆ।

# ਯੂਕੋ ਬੈਂਕ ਦੇ ਕਾਰਜਕਾਰੀ ਨਿਰਦੇਸ਼ਕ ਵਿਜੇਕੁਮਾਰ ਨਿਵਰਤੀ ਕਾਂਬਲੇ ਨੇ ਚੰਡੀਗੜ੍ਹ ਸ਼ਾਖਾ ਦਾ ਕੀਤਾ ਉਦਘਾਟਨ

ਚੰਡੀਗੜ੍ਹ, 6 ਜੂਨ (ਚ.ਨ.ਸ.) : ਯੂਕੋ ਬੈਂਕ ਦੇ ਕਾਰਜਕਾਰੀ ਨਿਰਦੇਸ਼ਕ ਸ਼੍ਰੀ ਵਿਜੇਕੁਮਾਰ ਨਿਵਰਤੀ ਕਾਂਬਲੇ ਨੇ ਚੰਡੀਗੜ੍ਹ ਜ਼ੋਨ ਦੇ ਅਧੀਨ 72ਵੀਂ ਸ਼ਾਖਾ, ਨਿਊ ਚੰਡੀਗੜ੍ਹ ਵਿੱਚ ਨਵੀਂ ਬਣੀ ਯੂਕੋ ਬੈਂਕ ਸ਼ਾਖਾ ਦਾ




ਉਦਘਾਟਨ ਕੀਤਾ। ਇਸ ਮੌਕੇ 'ਤੇ, ਜ਼ੋਨ ਮੁਖੀ ਸ਼੍ਰੀਮਤੀ ਮਿਲਾਨ ਦੂਬੇ ਨੇ ਮੁੱਖ ਮਹਿਮਾਨ, ਰੀਅਲ ਅਸਟੇਟ ਕਾਰੋਬਾਰੀ ਸ਼੍ਰੀ ਗੁਰਿੰਦਰ ਸਿੰਘ ਭੱਟੀ ਅਤੇ ਹੋਰ ਪਤਵੰਤਿਆਂ ਦਾ ਸਵਾਗਤ ਕੀਤਾ। ਇਕੱਠ ਨੂੰ ਸੰਬੋਧਨ ਕਰਦਿਆਂ, ਸ਼੍ਰੀਮਤੀ ਮਿਲਾਨ ਦੂਬੇ ਨੇ ਕਿਹਾ ਕਿ ਯੂਕੋ ਬੈਂਕ ਆਪਣੀਆਂ ਸਮਾਜਿਕ ਜ਼ਿੰਮੇਵਾਰੀਆਂ ਪ੍ਰਤੀ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਬੈਂਕਿੰਗ ਕਾਰਜਾਂ ਦੇ ਸਾਰੇ ਖੇਤਰਾਂ ਵਿੱਚ ਨਿਰੰਤਰ ਤਰੱਕੀ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਬੈਂਕ ਦਾ ਕੁੱਲ ਕਾਰੋਬਾਰ ?5 ਲੱਖ ਕਰੋੜ ਤੋਂ ਵੱਧ ਹੋ ਗਿਆ ਹੈ, ਜੋ ਕਿ ਇਸਦੀ ਮਜ਼ਬੂਤ ਵਿੱਤੀ ਸਥਿਤੀ ਅਤੇ ਗਾਹਕਾਂ ਦੇ ਵਿਸ਼ਵਾਸ ਨੂੰ ਦਰਸਾਉਂਦਾ ਹੈ। ਇਸ ਮੌਕੇ 'ਤੇ ਬੋਲਦਿਆਂ, ਕਾਰਜਕਾਰੀ ਨਿਰਦੇਸ਼ਕ ਸ਼੍ਰੀ ਵਿਜੇਕੁਮਾਰ ਨਿਵਰਤੀ ਕਾਂਬਲੇ ਨੇ ਦੇਸ਼ ਦੇ ਆਰਥਿਕ ਵਿਕਾਸ ਵਿੱਚ ਬੈਂਕਾਂ ਦੀ ਮਹੱਤਵਪੂਰਨ ਭੂਮਿਕਾ 'ਤੇ ਚਾਨਣਾ ਪਾਇਆ। ਉਨ੍ਹਾਂ ਦੱਸਿਆ ਕਿ ਯੂਕੋ ਬੈਂਕ ਦੇ ਸਥਾਪਨਾ ਦਿਵਸ ਦੇ ਮੌਕੇ 'ਤੇ, ਬੈਂਕ 6 ਜਨਵਰੀ ਨੂੰ ਦੇਸ਼ ਭਰ ਵਿੱਚ 150 ਨਵੀਆਂ ਸ਼ਾਖਾਵਾਂ ਦਾ ਉਦਘਾਟਨ ਕਰੇਗਾ, ਜੋ ਕਿ ਵਿਸਥਾਰ ਅਤੇ ਵਿੱਤੀ ਸਮਾਵੇਸ਼ ਵੱਲ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਬੈਂਕ ਦੇ ਪ੍ਰਬੰਧਨ ਅਤੇ ਕਰਮਚਾਰੀਆਂ ਦੇ ਯਤਨਾਂ ਅਤੇ ਸਮਰਪਣ ਦੀ ਵੀ ਸ਼ਲਾਘਾ ਕੀਤੀ, ਜਿਨ੍ਹਾਂ ਨੇ ਬੈਂਕ ਦੇ ਵਿਕਾਸ ਅਤੇ ਵੱਖ-ਵੱਖ ਖੇਤਰਾਂ ਵਿੱਚ ਪ੍ਰਾਪਤੀਆਂ ਵਿੱਚ ਯੋਗਦਾਨ ਪਾਇਆ ਹੈ। ਸ਼੍ਰੀਮਤੀ ਦੂਬੇ ਨੇ ਅੱਗੇ ਦੱਸਿਆ ਕਿ ਨਵੀਂ ਉਦਘਾਟਨ ਕੀਤੀ ਗਈ ਸ਼ਾਖਾ ਗਾਹਕਾਂ ਨੂੰ ਬਿਹਤਰ ਸਹੂਲਤ ਅਤੇ ਕੁਸ਼ਲ ਸੇਵਾਵਾਂ ਪ੍ਰਦਾਨ ਕਰਨ ਲਈ ਆਧੁਨਿਕ ਬੈਂਕਿੰਗ ਸਹੂਲਤਾਂ ਨਾਲ ਲੈਸ ਹੈ। ਉਨ੍ਹਾਂ ਨੇ ਇਕੱਠ ਨੂੰ ਬੈਂਕ ਦੀਆਂ ਵੱਖ-ਵੱਖ ਜਮ੍ਹਾਂ ਯੋਜਨਾਵਾਂ, ਕਰਜ਼ਾ ਉਤਪਾਦਾਂ ਅਤੇ ਡਿਜੀਟਲ ਬੈਂਕਿੰਗ ਸੇਵਾਵਾਂ ਬਾਰੇ ਵੀ ਜਾਣਕਾਰੀ ਦਿੱਤੀ। ਇਸ ਸਮਾਗਮ ਵਿੱਚ ਮੰਗ ਸ਼ਾਖਾ ਦੇ ਅਧਿਕਾਰੀਆਂ ਅਤੇ ਸਟਾਫ਼ ਦੇ ਨਾਲ-ਨਾਲ ਵੱਡੀ ਗਿਣਤੀ ਵਿੱਚ ਸਥਾਨਕ ਨਿਵਾਸੀ ਅਤੇ ਗਾਹਕ ਸ਼ਾਮਲ ਹੋਏ।

# ਸੈਂਟਰਲ ਬੈਂਕ ਆਫ਼ ਇੰਡੀਆ ਦੀ ਖੇਤੀਬਾੜੀ ਕਰਜ਼ਾ ਪਹੁੰਚ ਮੁਹਿੰਮ ਵਿੱਚ 200 ਤੋਂ ਵੱਧ ਲੋਕਾਂ ਨੇ ਹਿੱਸਾ

ਲੁਧਿਆਣਾ/ਸੰਗਰੂਰ, 6 ਜੂਨ (ਚ.ਨ.ਸ.) : ਜਨਤਕ ਖੇਤਰ ਦੇ ਮੋਹਰੀ ਬੈਂਕ, ਸੈਂਟਰਲ ਬੈਂਕ ਆਫ਼ ਇੰਡੀਆ ਨੇ ਅੱਜ ਇੱਕ ਦੇਸ਼ ਵਿਆਪੀ ਮੈਗਾ ਖੇਤੀਬਾੜੀ ਕਰਜ਼ਾ ਪਹੁੰਚ ਮੁਹਿੰਮ ਦਾ ਆਯੋਜਨ ਕੀਤਾ। ਇਸ ਦੇ ਤਹਿਤ



ਬੈਂਕ ਦੇ ਖੇਤਰੀ ਮੁਖੀ, ਲੁਧਿਆਣਾ, ਮਨੀਸ਼ ਵਰਮਾ ਦੇ ਦਿਸ਼ਾ-ਨਿਰਦੇਸ਼ ਹੇਠ, ਖੇਤਰੀ ਦਫ਼ਤਰ, ਲੁਧਿਆਣਾ ਨੇ ਸ਼ਿਵ ਮੰਦਰ, ਪਿੰਡ ਘਾਬਦਾਂ, ਸੰਗਰੂਰ ਵਿਖੇ ਇੱਕ ਸਮਾਗਮ ਦਾ ਆਯੋਜਨ ਕੀਤਾ। ਜਿਸ ਵਿੱਚ ਸਹਾਇਕ ਜਨਰਲ ਮੈਨੇਜਰ ਅਤੇ ਉਪ-ਖੇਤਰੀ ਪ੍ਰਬੰਧਕ ਮਿਥਲੇਸ਼ ਕੁਮਾਰ, ਐਲਡੀਐਮ ਸੁਰਮੁਖ ਸਿੰਘ, ਐਸਐਲਬੀਸੀ ਤੋਂ ਸਤੀਸ਼ ਅਹਲਾਵਤ ਅਤੇ ਸਰਪੰਚ ਸਤਨਾਮ ਸਿੰਘ ਵਿਸ਼ੇਸ਼ ਮਹਿਮਾਨ ਸਨ। ਉਨ੍ਹਾਂ ਦਾ ਸਵਾਗਤ ਖੇਤਰ ਦੇ ਸ਼ਾਖਾ ਪ੍ਰਬੰਧਕਾਂ ਨੇ ਬੂਟੇ ਦੇ ਕੇ ਕੀਤਾ। ਖੇਤਰੀ ਦਫ਼ਤਰ ਦੇ ਜੇ.ਐਸ. ਬੇਦੀ ਦੁਆਰਾ ਸੰਚਾਲਿਤ ਇਸ ਸਮਾਗਮ ਵਿੱਚ 200 ਤੋਂ ਵੱਧ ਪਿੰਡਾਂ ਦੇ ਸਰਪੰਚ, ਪੰਚ, ਕਿਸਾਨ ਅਤੇ ਖੇਤੀਬਾੜੀ ਨਾਲ ਜੁੜੇ ਹੋਰ ਵਿਅਕਤੀਆਂ ਨੇ ਸ਼ਿਰਕਤ ਕੀਤੀ। ਇਸ ਮੌਕੇ @ਤੇ ਵੱਖ-ਵੱਖ ਕਿਸਮਾਂ ਦੇ ਕਰਜ਼ਿਆਂ ਲਈ ਵੱਡੀ ਗਿਣਤੀ ਵਿੱਚ ਕਰਜ਼ਾ ਪ੍ਰਵਾਨਗੀ ਪੱਤਰ ਵੰਡੇ ਗਏ।

# ਸੀਸੀਏ ਲੁਧਿਆਣਾ ਨੇ ਰਾਸ਼ਟਰੀ ਕੈਂਸਰ ਸਰਵਾਈਵਰਜ਼ ਡੇਅ ਮਨਾਇਆ

ਲੁਧਿਆਣਾ, 6 ਜੂਨ (ਚ.ਨ.ਸ.) : ਕੈਂਸਰ ਸੈਂਟਰਜ਼ ਆਫ ਅਮਰੀਕਾ (331), ਲੁਧਿਆਣਾ ਵੱਲੋਂ ਸ਼ਨੀਵਾਰ, 6 ਜੂਨ ਨੂੰ ਰਾਸ਼ਟਰੀ ਕੈਂਸਰ ਸਰਵਾਈਵਰਜ਼ ਡੇ 2026 ਉਤਸ਼ਾਹ ਨਾਲ ਮਨਾਇਆ ਗਿਆ। ਇਸ ਵਿਸ਼ੇਸ਼ ਮੌਕੇ 'ਤੇ 50 ਤੋਂ ਵੱਧ ਕੈਂਸਰ ਸਰਵਾਈਵਰਜ਼ ਨੇ ਸ਼ਮੂਲੀਅਤ ਕੀਤੀ ਅਤੇ ਆਸ, ਹੌਂਸਲੇ, ਦ੍ਰਿੜਤਾ ਅਤੇ ਨਵੀਂ ਸ਼ੁਰੂਆਤ ਦੇ ਸੰਦੇਸ਼ ਨੂੰ ਸਾਂਝਾ ਕੀਤਾ। ਇਹ ਸਮਾਗਮ ਉਨ੍ਹਾਂ ਯੋਧਿਆਂ ਨੂੰ ਸਮਰਪਿਤ ਸੀ ਜਿਨ੍ਹਾਂ ਨੇ ਕੈਂਸਰ ਵਰਗੀ ਗੰਭੀਰ ਬਿਮਾਰੀ ਦਾ ਡਟ ਕੇ ਸਾਹਮਣਾ ਕੀਤਾ ਅਤੇ ਉਸ 'ਤੇ ਜਿੱਤ ਹਾਸਲ ਕਰਦੇ ਹੋਏ ਆਪਣੀ ਜ਼ਿੰਦਗੀ ਨੂੰ ਨਵੀਂ ਊਰਜਾ ਅਤੇ ਸਕਾਰਾਤਮਕ ਸੋਚ ਨਾਲ ਅੱਗੇ ਵਧਾਇਆ। ਸਮਾਗਮ ਦੌਰਾਨ ਸਰਵਾਈਵਰਜ਼ ਨੇ ਆਪਣੇ ਅਨੁਭਵ ਸਾਂਝੇ ਕੀਤੇ ਅਤੇ ਆਪਣੇ ਸੰਘਰਸ਼ਮਈ ਪਰ ਪ੍ਰੇਰਣਾਦਾਇਕ ਸਫ਼ਰ ਨੂੰ ਯਾਦ ਕਰਦੇ ਹੋਏ ਖੁਸ਼ੀ ਅਤੇ ਕ੍ਰਿਤਜਤਾ ਦਾ ਪ੍ਰਗਟਾਵਾ ਕੀਤਾ। ਇਸ ਮੌਕੇ 'ਤੇ ਸੀਸੀਏ ਲੁਧਿਆਣਾ ਦੇ ਪ੍ਰਸਿੱਧ ਕੈਂਸਰ ਮਾਹਿਰ ਡਾ. ਅਮਿਤ ਕੇ. ਧੀਮਾਨ, ਡਾ. ਮਿਧਿਲਾ ਬੇਬੀ, ਡਾ. ਜਸਵਿੰਦਰ ਕੌਰ, ਡਾ. ਨਵੀਨ ਕਾਂਡਾ ਅਤੇ ਡਾ. ਰਵਿੰਦਰ ਕੇ. ਸਿੰਧੂ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਉਨ੍ਹਾਂ ਨੇ ਸਰਵਾਈਵਰਜ਼ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੇ ਅਦਮਯ ਹੌਂਸਲੇ, ਦ੍ਰਿੜ ਨਿਸ਼ਚੇ ਅਤੇ ਜੀਵਨ ਪ੍ਰਤੀ ਸਕਾਰਾਤਮਕ ਰਵੱਈਏ ਦੀ ਸ਼ਲਾਘਾ ਕੀਤੀ। ਆਪਣੇ ਸੰਬੋਧਨ ਦੌਰਾਨ ਮਾਹਿਰਾਂ ਨੇ ਕਿਹਾ ਕਿ ਕੈਂਸਰ ਤੋਂ ਠੀਕ ਹੋਣਾ ਸਿਰਫ਼ ਇਲਾਜ ਦੀ ਸਫਲਤਾ ਨਹੀਂ, ਸਗੋਂ ਮਰੀਜ਼ਾਂ ਦੀ ਮਜ਼ਬੂਤ ਇੱਛਾ ਸ਼ਕਤੀ, ਸਮੇਂ ਸਿਰ ਇਲਾਜ, ਪਰਿਵਾਰਕ ਮੈਂਬਰਾਂ ਅਤੇ



ਦੇਖਭਾਲ ਕਰਨ ਵਾਲਿਆਂ ਦੇ ਸਹਿਯੋਗ ਅਤੇ ਸਿਹਤ ਸੇਵਾਵਾਂ ਨਾਲ ਜੁੜੇ ਮਾਹਿਰਾਂ ਦੀ ਸਮਰਪਿਤ ਸੇਵਾ ਦਾ ਪ੍ਰਤੀਕ ਹੈ। ਉਨ੍ਹਾਂ ਨੇ ਸਰਵਾਈਵਰਜ਼ ਨੂੰ ਨਿਯਮਿਤ ਸਿਹਤ ਜਾਂਚ, ਸਿਹਤਮੰਦ ਜੀਵਨ ਸ਼ੈਲੀ ਅਤੇ ਸਕਾਰਾਤਮਕ ਸੋਚ ਅਪਣਾਉਣ ਲਈ ਪ੍ਰੇਰਿਤ ਕੀਤਾ। ਸਮਾਗਮ ਦੌਰਾਨ ਅਰਥਪੂਰਨ ਵਿਚਾਰ-ਵਟਾਂਦਰਾ, ਤਜ਼ਰਬਿਆਂ ਦੀ ਸਾਂਝ ਅਤੇ ਸਰਵਾਈਵਰਜ਼ ਦੇ ਸਨਮਾਨ ਦੇ ਵਿਸ਼ੇਸ਼ ਪਲ ਵੇਖਣ ਨੂੰ ਮਿਲੇ। ਉਨ੍ਹਾਂ ਦੀਆਂ ਪ੍ਰੇਰਣਾਦਾਇਕ ਕਹਾਣੀਆਂ ਕੈਂਸਰ ਨਾਲ ਜੂਝ ਰਹੇ ਹੋਰ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਉਮੀਦ ਅਤੇ ਹੌਂਸਲੇ ਦਾ ਸਰੋਤ ਬਣੀਆਂ। ਇਸ ਮੌਕੇ 'ਤੇ ਸੀਸੀਏ ਲੁਧਿਆਣਾ ਦੀ ਟੀਮ ਨੇ ਮਰੀਜ਼ਾਂ ਨੂੰ ਇਲਾਜ ਦੌਰਾਨ ਅਤੇ ਇਲਾਜ ਤੋਂ ਬਾਅਦ ਵੀ ਹਰ ਸੰਭਵ ਸਹਿਯੋਗ ਪ੍ਰਦਾਨ ਕਰਨ ਅਤੇ ਉਨ੍ਹਾਂ ਨੂੰ ਸਿਹਤਮੰਦ, ਸਰਗਰਮ ਅਤੇ ਸੰਤੁਸ਼ਟ ਜੀਵਨ ਜੀਊਣ ਵਿੱਚ ਮਦਦ ਕਰਨ ਦੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ। ਸਮਾਗਮ ਦਾ ਸਮਾਪਨ ਆਸ, ਕ੍ਰਿਤਜਤਾ ਅਤੇ ਸਕਾਰਾਤਮਕਤਾ ਦੇ ਸੰਦੇਸ਼ ਨਾਲ ਹੋਇਆ, ਜਿਸ ਵਿੱਚ ਕੈਂਸਰ ਖ਼ਿਲਾਫ਼ ਇਸ ਲੜਾਈ ਵਿੱਚ ਹਰ ਸਰਵਾਈਵਰ, ਹਰ ਉਪਲਬਧੀ ਅਤੇ ਹਰ ਜਿੱਤ ਦਾ ਜਸ਼ਨ ਮਨਾਇਆ ਗਿਆ।

ਜਨਮ ਦਿਨ ਮੁਬਾਰਕ



ਅਮਨਪ੍ਰੀਤ ਕੌਰ



ਅਨਮੋਲਪ੍ਰੀਤ ਕੌਰ

# ਪੰਜਾਬ ਦੇ ਹੁਨਰਮੰਦ ਨੌਜਵਾਨ ਲਈ ਲਾਠੀਆਂ ਨਹੀਂ, ਨੌਕਰੀਆਂ ਦੀ ਲੋੜ : ਸਾਂਸਦ ਸਾਹਨੀ

ਨਵੀਂ ਦਿੱਲੀ, 6 ਜੂਨ (ਅੰਮ੍ਰਿਤਪਾਲ ਸਿੰਘ): ਰਾਜ ਸਭਾ ਦੇ ਸੰਸਦ ਮੈਂਬਰ ਅਤੇ ਕੇਂਦਰੀ ਅਪ੍ਰੈਂਟਿਸਸ਼ਿਪ ਕੌਂਸਲ ਦੇ ਵਾਈਸ ਚੇਅਰਪਰਸਨ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਪਟਿਆਲਾ ਵਿੱਚ ਮੁਜ਼ਾਹਰਾ ਕਰ ਰਹੇ ਅਪ੍ਰੈਂਟਿਸ ਲਾਈਨਮੈਨਾਂ 'ਤੇ ਲਾਠੀਚਾਰਜ ਦੀ ਸਖ਼ਤ ਨਿੰਦਾ ਕੀਤੀ ਹੈ ਤੇ ਪੰਜਾਬ ਦੇ ਨੌਜਵਾਨਾਂ ਨਾਲ ਇਕਜੁੱਟਤਾ ਪ੍ਰਗਟ ਕੀਤੀ। ਡਾ. ਸਾਹਨੀ ਨੇ ਦੱਸਿਆ ਕਿ ਉਨ੍ਹਾਂ ਦਾ ਦਫ਼ਤਰ ਮੁਜ਼ਾਹਰਾਕਾਰੀ ਅਪ੍ਰੈਂਟਿਸਾਂ ਨਾਲ ਲਗਾਤਾਰ ਸੰਪਰਕ ਵਿੱਚ ਹੈ। ਉਨ੍ਹਾਂ ਅੱਗੇ ਕਿਹਾ ਕਿ ਉਹ ਪੀ.ਐਸ.ਪੀ.ਸੀ.ਐਲ. ਵਿੱਚ ਰੁਜ਼ਗਾਰ ਦੀ ਉਨ੍ਹਾਂ ਦੀ ਜਾਇਜ਼ ਮੰਗ ਦਾ ਪੂਰਾ ਸਮਰਥਨ ਕਰਦੇ ਹਨ, ਤਾਂ ਉਨ੍ਹਾਂ ਦੀ ਐਨਜੀਓ, ਸੰਨ ਫਾਊਂਡੇਸ਼ਨ, ਪੰਜਾਬ ਦੇ ਉਦਯੋਗਿਕ ਖੇਤਰ ਵਿੱਚ ਸਾਰੇ 2,600 ਅਪ੍ਰੈਂਟਿਸਾਂ ਲਈ ਸਨਮਾਨਜਨਕ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਤਿਆਰ ਹੈ। ਇਹ ਮੌਕੇ ਇਲੈਕਟ੍ਰੀਕਲ ਆਪ੍ਰੇਸ਼ਨ ਟੈਕਨੀਸ਼ੀਅਨ, ਮੇਨਟੇਨੈਂਸ ਇਲੈਕਟ੍ਰੀਸ਼ੀਅਨ, ਯੂਟਿਲਿਟੀ ਅਤੇ ਫੈਸਿਲਿਟੀਜ਼ ਇਲੈਕਟ੍ਰੀਸ਼ੀਅਨ, ਪਲਾਂਟ ਇਲੈਕਟ੍ਰੀਸ਼ੀਅਨ ਅਤੇ ਹੋਰ ਸਹਾਇਕ ਤਕਨੀਕੀ ਅਹੁਦਿਆਂ ਵਰਗੀਆਂ



ਨੌਕਰੀਆਂ ਦੀਆਂ ਭੂਮਿਕਾਵਾਂ ਵਿੱਚ ਪ੍ਰਦਾਨ ਕੀਤੇ ਜਾ ਸਕਦੇ ਹਨ, ਇਸ ਨਾਲ ਇਹ ਯਕੀਨੀ ਬਣੇਗਾ ਕਿ ਕੋਈ ਵੀ ਹੁਨਰਮੰਦ ਨੌਜਵਾਨ ਬੇਰੁਜ਼ਗਾਰ ਨਾ ਰਹੇ।

ਡਾ. ਸਾਹਨੀ ਨੇ ਕਿਹਾ ਕਿ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀਐਸਪੀਸੀਐਲ) ਨਾਲ ਅਪ੍ਰੈਂਟਿਸਸ਼ਿਪ ਸਿਖਲਾਈ ਲੈ ਰਹੇ ਲਗਭਗ 2,600 ਆਈਟੀਆਈ ਗ੍ਰੈਜੂਏਟਾਂ ਦੀਆਂ ਮੰਗਾਂ ਜਾਇਜ਼ ਹਨ। ਅਪ੍ਰੈਂਟਿਸਸ਼ਿਪ ਦਾ ਉਦੇਸ਼ ਨੌਜਵਾਨਾਂ ਨੂੰ ਉਦਯੋਗ ਵਾਸਤੇ ਤਿਆਰ ਹੁਨਰਾਂ ਨਾਲ ਲੈਸ ਕਰਨਾ ਤੇ ਉਨ੍ਹਾਂ ਦੇ ਰੁਜ਼ਗਾਰ ਨੂੰ ਆਸਾਨ ਬਣਾਉਣਾ ਹੈ। ਇਹ ਨੋਟ ਕਰਦੇ ਹੋਏ ਕਿ ਪੀਐਸਪੀਸੀਐਲ ਨੇ ਹਾਲ ਹੀ ਵਿੱਚ ਲਗਭਗ 6,000 ਖਾਲੀ ਅਸਾਮੀਆਂ ਲਈ ਭਰਤੀ ਦਾ ਐਲਾਨ ਕੀਤਾ ਹੈ, ਉਨ੍ਹਾਂ ਪੰਜਾਬ ਸਰਕਾਰ ਤੇ ਪੀਐਸਪੀਸੀਐਲ ਨੂੰ ਅਪੀਲ ਕੀਤੀ ਕਿ ਉਹ ਸਥਾਈ ਨੌਕਰੀਆਂ ਲਈ ਇਨ੍ਹਾਂ ਸਿਖਲਾਈ ਪ੍ਰਾਪਤ ਅਪ੍ਰੈਂਟਿਸਾਂ ਨੂੰ ਤਰਜੀਹ ਦੇਣ।

# ਸੰਧੂ ਹੋਏ ਇੰਡੀਆ ਸਕੂਲ ਆਲ ਬਿਜ਼ਨਸ ਦੇ ਸਮਾਗਮ 'ਚ ਸ਼ਾਮਲ



ਨਵੀਂ ਦਿੱਲੀ, 6 ਜੂਨ (ਅੰਮ੍ਰਿਤਪਾਲ ਸਿੰਘ) : ਨਵੀਂ ਦਿੱਲੀ ਦੇ ਮਾਣਯੋਗ ਲੈਫਟੀਨੈਂਟ ਗਵਰਨਰ ਤਰਨਜੀਤ ਸਿੰਘ ਸੰਧੂ, ਨੇ ਇੰਡੀਅਨ ਸਕੂਲ ਆਫ਼ ਬਿਜ਼ਨਸ , ਮੋਹਾਲੀ ਵਿਖੇ ਆਯੋਜਿਤ ਇੱਕ ਸਮਾਗਮ ਵਿੱਚ ਸ਼ਾਮਲ ਪੇਸ਼ੇਵਰਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਨੇ ਇੱਕ ਵਧਦੇ ਗੁੰਝਲਦਾਰ ਅਤੇ ਆਪਸ ਵਿੱਚ ਜੁੜੇ ਵਿਸ਼ਵਵਿਆਪੀ ਵਾਤਾਵਰਣ ਵਿੱਚ ਲੀਡਰਸ਼ਿਪ ਦੀ ਭੂਮਿਕਾ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਆਪਣੇ ਸੰਬੋਧਨ ਵਿੱਚ, ਉਨ੍ਹਾਂ ਨੇ ਲੀਡਰਸ਼ਿਪ ਦੇ ਵੱਖ-ਵੱਖ ਪਹਿਲੂਆਂ ਨੂੰ ਉਜਾਗਰ ਕੀਤਾ, ਇਸ ਗੱਲ 'ਤੇ ਜ਼ੋਰ ਦਿੱਤਾ ਕਿ ਗੱਲਬਾਤ, ਸਹਿਮਤੀ-ਨਿਰਮਾਣ, ਅਤੇ ਪ੍ਰਭਾਵਸ਼ਾਲੀ ਗੱਲਬਾਤ ਦੇ ਹੁਨਰ ਵਿਭਿੰਨ ਹਿੱਸੇਦਾਰਾਂ ਦੇ ਤਾਲਮੇਲ, ਮੁਕਾਬਲੇ ਵਾਲੀਆਂ ਤਰਜੀਹਾਂ ਨੂੰ ਸੰਤੁਲਿਤ ਕਰਨ ਅਤੇ ਲੰਬੇ ਸਮੇਂ ਦੇ ਅਤੇ ਟਿਕਾਊ ਨਤੀਜਿਆਂ ਨੂੰ ਯਕੀਨੀ ਬਣਾਉਣ ਲਈ ਮਹੱਤਵਪੂਰਨ ਹਨ। ਸ਼ਾਸਨ ਅਤੇ ਜਨਤਕ ਪ੍ਰਸ਼ਾਸਨ ਵਿੱਚ ਆਪਣੇ ਤਜ਼ਰਬਿਆਂ ਨੂੰ ਦਰਸਾਉਂਦੇ ਹੋਏ, ਉਨ੍ਹਾਂ ਨੇ ਜ਼ੋਰ ਦਿੱਤਾ ਕਿ ਸਫਲ ਲੀਡਰਸ਼ਿਪ ਲਈ ਦੂਰਦਰਸ਼ੀ ਸੋਚ, ਬਦਲਦੇ ਹਾਲਾਤਾਂ ਦੇ ਅਨੁਕੂਲ ਹੋਣ ਦੀ ਯੋਗਤਾ, ਅਤੇ ਸਹਿਯੋਗ ਅਤੇ ਵਿਸ਼ਵਾਸ ਦੇ ਵਾਤਾਵਰਣ ਨੂੰ ਉਤਸ਼ਾਹਿਤ ਕਰਨ ਦੀ ਲੋੜ ਹੁੰਦੀ ਹੈ। ਚਰਚਾ ਨੇ ਆਧੁਨਿਕ ਲੀਡਰਸ਼ਿਪ ਨੂੰ ਆਕਾਰ ਦੇਣ ਵਿੱਚ ਨਵੀਨਤਾ ਅਤੇ ਤਕਨਾਲੋਜੀ ਦੀ ਵਧਦੀ ਭੂਮਿਕਾ 'ਤੇ ਵੀ ਜ਼ੋਰ ਦਿੱਤਾ। ਲੈਫਟੀਨੈਂਟ ਗਵਰਨਰ ਨੇ ਕਿਹਾ ਕਿ ਡਿਜੀਟਲ ਪਰਿਵਰਤਨ, ਡੇਟਾ-ਅਧਾਰਤ ਫੈਸਲੇ ਲੈਣ ਅਤੇ ਉੱਭਰ ਰਹੀਆਂ ਤਕਨਾਲੋਜੀਆਂ ਦੇ ਇਸ ਯੁੱਗ ਵਿੱਚ, ਨਵੀਨਤਾ ਪ੍ਰਭਾਵਸ਼ਾਲੀ ਲੀਡਰਸ਼ਿਪ ਲਈ ਇੱਕ ਜ਼ਰੂਰੀ ਨੀਂਹ ਬਣ ਗਈ ਹੈ। ਇਨ੍ਹਾਂ ਵਿਸ਼ਿਆਂ ਨੂੰ ਵਿਕਸਤ ਭਾਰਤ 0 2047 ਦੇ ਦ੍ਰਿਸ਼ਟੀਕੋਣ ਨਾਲ ਜੋੜਦੇ ਹੋਏ, ਉਨ੍ਹਾਂ ਨੇ ਭਾਗੀਦਾਰਾਂ ਨੂੰ ਬਦਲਦੇ ਹਾਲਾਤਾਂ ਦੇ ਜਵਾਬ ਵਿੱਚ ਤਕਨਾਲੋਜੀ ਦੀ ਪ੍ਰਭਾਵਸ਼ਾਲੀ ਢੰਗ ਨਾਲ ਵਰਤੋਂ ਕਰਨ, ਨਵੀਨਤਾ ਨੂੰ ਉਤਸ਼ਾਹਿਤ ਕਰਨ ਅਤੇ ਲੀਡਰਸ਼ਿਪ ਸਮਰੱਥਾਵਾਂ ਨੂੰ ਵਿਕਸਤ ਕਰਨ ਲਈ ਉਤਸ਼ਾਹਿਤ ਕੀਤਾ, ਤਾਂ ਜੋ ਉਹ ਇੱਕ ਵਿਕਸਤ ਰਾਸ਼ਟਰ ਬਣਨ ਵੱਲ ਭਾਰਤ ਦੀ ਯਾਤਰਾ ਵਿੱਚ ਸਾਰਥਕ ਯੋਗਦਾਨ ਪਾ ਸਕਣ। ਸੈਸ਼ਨ ਦੌਰਾਨ, ਭਾਗੀਦਾਰਾਂ ਅਤੇ ਲੈਫਟੀਨੈਂਟ ਗਵਰਨਰ ਵਿਚਕਾਰ ਲੀਡਰਸ਼ਿਪ, ਤਕਨੀਕੀ ਤਰੱਕੀ, ਅਤੇ ਕਾਰੋਬਾਰ ਅਤੇ ਜਨਤਕ ਜੀਵਨ ਵਿੱਚ ਉੱਭਰ ਰਹੀਆਂ ਚੁਣੌਤੀਆਂ ਅਤੇ ਮੌਕਿਆਂ 'ਤੇ ਵਿਚਾਰਾਂ ਦਾ ਇੱਕ ਸਾਰਥਕ ਆਦਾਨ-ਪ੍ਰਦਾਨ ਹੋਇਆ।




# ਲਾਲ ਲਕੀਰ ਅੰਦਰ ਰਹਿੰਦੇ ਪਰਿਵਾਰਾਂ ਨੂੰ ਮਾਲਕੀ ਦੇ ਹੱਕ ਮਿਲੇ



ਬੁਢਲਾਡਾ , 6 ਜੂਨ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ) :ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪਿੰਡ ਲਖਮੀਰਵਾਲਾ ਵਿਖੇ ਹਲਕਾ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਦੀ ਅਗਵਾਈ ਹੇਠ ਸਮੂਹ ਪਿੰਡ ਦੀ ਨਿਸ਼ਾਨਦੇਹੀ ਕਰਕੇ ਲਾਲ ਲਕੀਰ ਅੰਦਰ ਆਉਂਦੇ ਘਰਾਂ ਦੇ ਮਾਲਕਾਂ ਨੂੰ ਮਾਲਕੀ ਹੱਕ ਦੇ ਦਸਤਾਵੇਜ਼ (ਰਜਿਸਟਰੀਆਂ) ਸੌਂਪੇ ਗਏ।ਵਿਧਾਇਕ ਬੁੱਧ ਰਾਮ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਉਹਨਾਂ ਦੇ ਹੱਕ ਘਰ-ਘਰ ਪਹੁੰਚਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਲਾਲ ਲਕੀਰ ਅੰਦਰ ਆਉਂਦੇ ਘਰਾਂ ਦੇ ਮਾਲਕਾਂ ਨੂੰ ਮਾਲਕੀ ਹੱਕ ਦੇ ਦਸਤਾਵੇਜ਼ ਮਿਲਣ ਨਾਲ ਸਾਲਾਂ ਪੁਰਾਣੀ ਮੰਗ ਪੂਰੀ ਹੋਈ ਹੈ ਅਤੇ ਹੁਣ ਪਿੰਡ ਵਾਸੀਆਂ ਨੂੰ ਆਪਣੇ ਘਰਾਂ ਦੀ ਕਾਨੂੰਨੀ ਮਾਲਕੀ ਦਾ ਅਧਿਕਾਰ ਪ੍ਰਾਪਤ ਹੋ ਗਿਆ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕ ਭਲਾਈ ਅਤੇ ਪਿੰਡਾਂ ਦੇ ਵਿਕਾਸ ਲਈ ਲਗਾਤਾਰ ਇਤਿਹਾਸਕ ਫੈਸਲੇ ਲੈ ਰਹੀ ਹੈ। ਇਹ ਉਪਰਾਲਾ ਪਿੰਡਾਂ ਦੇ ਵਿਕਾਸ ਅਤੇ ਲੋਕਾਂ ਦੇ ਸਸ਼ਕਤੀਕਰਨ ਵੱਲ ਇੱਕ ਅਹਿਮ ਕਦਮ ਸਾਬਤ ਹੋਵੇਗਾ।ਇਸ ਮੌਕੇ ਜਨਰਲ ਸਕੱਤਰ ਕਿਸਾਨ ਵਿੰਗ ਚਰਨਜੀਤ ਸਿੰਘ ਅੱਕਾਂਵਾਲੀ, ਚੇਅਰਮੈਨ ਰਣਜੀਤ ਸਿੰਘ ਫਰੀਦਕੇ, ਤਹਿਸੀਲਦਾਰ ਰਾਜੀਵ ਖੋਸਲਾ , ਰਾਮੂ ਸਿੰਘ ਜਿਲਾ ਪ੍ਰੀਸ਼ਦ, ਰਛਪਾਲ ਸਿੰਘ ਸਰਪੰਚ ਅਤੇ ਪੰਚਾਇਤ ਲਖਮੀਰਵਾਲਾ ਦੇ ਮੈਂਬਰ, ਪਿੰਡ ਦੇ ਮੋਹਤਬਰ ਵਿਅਕਤੀ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਨਿਯਮ ਛਿੱਕੇ ਟੰਗ ਕੇ ਚੱਲ ਰਹੇ ਹੋਟਲਾਂ ਖ਼ਿਲਾਫ਼ ਨਗਰ ਨਿਗਮ ਖਾਮੋਸ਼



ਬਠਿੰਡਾ, 6 ਜੂਨ (ਦੀਪਕ ਸ਼ਰਮਾ) : ਰਾਜਧਾਨੀ ਨਵੀਂ ਦਿੱਲੀ ਦੇ ਮਾਲਵੀਆ ਨਗਰ ਸਥਿਤ ਇੱਕ ਰੈਸਟੋਰੈਂਟ ਅਤੇ ਗੈਸਟ ਹਾਊਸ ਵਿੱਚ ਵਾਪਰੇ ਭਿਆਨਕ ਅਗਨ-ਕਾਂਡ ਨੇ ਇੱਕ ਵਾਰ ਫਿਰ ਦੇਸ਼ ਭਰ ਵਿੱਚ ਗੈਰ-ਕਾਨੂੰਨੀ ਉਸਾਰੀਆਂ ਅਤੇ ਨਾਕਸ ਅੱਗ ਸੁਰੱਖਿਆ ਪ੍ਰਬੰਧਾਂ ਦੀ ਪੋਲ ਖੋਲ੍ਹ ਦਿੱਤੀ ਹੈ।ਪਰ ਇਸੇ ਕੜੀ ਤਹਿਤ ਬਠਿੰਡਾ ਸ਼ਹਿਰ ਦੀ ਮੌਜੂਦਾ ਸਥਿਤੀ ਵੀ ਕਈ ਗੰਭੀਰ ਪ੍ਰਸ਼ਾਸਨਿਕ ਸਵਾਲ ਖੜ੍ਹੇ ਕਰਦੀ ਹੈ। ਸ਼ਹਿਰ ਅੰਦਰ ਨਿਯਮਾਂ ਨੂੰ ਛਿੱਕੇ ਟੰਗ ਕੇ ਰਿਹਾਇਸ਼ੀ ਇਲਾਕਿਆਂ ਵਿੱਚ ਵਪਾਰਕ ਗਤੀਵਿਧੀਆਂ ਚਲਾਈਆਂ ਜਾ ਰਹੀਆਂ ਹਨ, ਜਿਸ ਕਾਰਨ ਸਥਾਨਕ ਲੋਕਾਂ ਦੇ ਸਿਰ ਤੇ ਹਮੇਸ਼ਾ ਖ਼ਤਰਾ ਮੰਡਰਾਉਂਦਾ ਰਹਿੰਦਾ ਹੈ।ਸ਼ਹਿਰ ਵਿੱਚ ਪਿਛਲੇ ਕੁਝ ਸਾਲਾਂ ਦੌਰਾਨ ਵੱਡੀ ਗਿਣਤੀ ਵਿੱਚ ਅਜਿਹੇ ਹੋਟਲ, ਪੀਜੀ (ਪੇਇੰਗ ਗੈਸਟ) ਅਤੇ ਗੈਸਟ ਹਾਊਸ ਹੋਂਦ ਵਿੱਚ ਆਏ ਹਨ, ਜਿਨ੍ਹਾਂ ਦੀ ਉਸਾਰੀ ਅਤੇ ਸੰਚਾਲਨ ਵਿੱਚ ਨਿਯਮਾਂ ਦੀ ਸ਼ਰੇਆਮ ਉਲੰਘਣਾ ਕੀਤੀ ਗਈ ਹੈ। ਨਗਰ ਨਿਗਮ ਦੇ ਦਫ਼ਤਰੀ ਰਿਕਾਰਡ ਵਿੱਚ ਕਈ ਇਮਾਰਤਾਂ ਰਿਹਾਇਸ਼ੀ ਜਾਂ ਘਰੇਲੂ ਵਰਤੋਂ ਲਈ ਪਾਸ ਹਨ, ਪਰ ਜ਼ਮੀਨੀ ਹਕੀਕਤ ਇਹ ਹੈ ਕਿ ਉੱਥੇ ਹੋਟਲ ਚੱਲ ਰਹੇ ਹਨ। ਕਈ ਥਾਵਾਂ ਤੇ ਦੁਕਾਨਾਂ ਦੇ ਉੱਪਰ ਚਾਰ ਤੋਂ ਸੱਤ ਕਮਰਿਆਂ ਵਾਲੇ ਹੋਟਲ ਖੋਲ੍ਹੇ ਹੋਏ ਹਨ। ਸਭ ਤੋਂ ਚਿੰਤਾਜਨਕ ਸਥਿਤੀ ਹਨੂਮਾਨ ਚੌਕ, ਬੱਸ ਸਟੈਂਡ ਦੇ ਆਲੇ-ਦੁਆਲੇ, ਰੇਲਵੇ ਸਟੇਸ਼ਨ ਰੋਡ, ਅਮਰੀਕ ਸਿੰਘ ਰੋਡ, ਭੱਟੀ ਰੋਡ, ਜੀਟੀ ਰੋਡ ਅਤੇ ਮਾਡਲ ਟਾਊਨ ਫੇਸ-1, 2 ਅਤੇ 3 ਵਰਗੇ ਨਾਮੀ ਇਲਾਕਿਆਂ ਦੀ ਹੈ। ਇਨ੍ਹਾਂ ਵਿੱਚੋਂ ਕਈ ਇਮਾਰਤਾਂ ਅਜਿਹੀਆਂ ਤੰਗ ਗਲੀਆਂ ਵਿੱਚ ਬਣੀਆਂ ਹੋਈਆਂ ਹਨ ਜਿੱਥੇ ਕਿਸੇ ਐਮਰਜੈਂਸੀ ਦੀ ਸਥਿਤੀ ਵਿੱਚ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਦਾ ਪਹੁੰਚਣਾ ਵੀ ਅਸੰਭਵ ਹੈ।ਸਥਾਨਕ ਲੋਕਾਂ ਦਾ ਦੋਸ਼ ਹੈ ਕਿ ਨਿਗਮ ਵੱਲੋਂ ਨਾਜਾਇਜ਼ ਉਸਾਰੀਆਂ ਨੂੰ ਰੋਕਣ ਲਈ ਨੋਟਿਸ ਤਾਂ ਜਾਰੀ ਕੀਤੇ ਜਾਂਦੇ ਹਨ, ਪਰ ਠੋਸ ਕਾਰਵਾਈ ਨਾਮਾਤਰ ਹੀ ਹੁੰਦੀ ਹੈ। ਇਮਾਰਤ ਬਣਨ ਦੀ ਸ਼ੁਰੂਆਤ ਤੋਂ ਲੈ ਕੇ ਉਸ ਦੇ ਮੁਕੰਮਲ ਹੋਣ ਤੱਕ ਨਿਗਮ ਦੇ ਬਿਲਡਿੰਗ ਇੰਸਪੈਕਟਰ ਅਤੇ ਟਾਊਨ ਪਲੈਨਿੰਗ ਸ਼ਾਖਾ ਦੇ ਅਧਿਕਾਰੀਆਂ ਦੀ ਨਿਗਰਾਨੀ ਨਕਾਰਾ ਸਾਬਤ ਹੁੰਦੀ ਹੈ। ਸੂਤਰਾਂ ਮੁਤਾਬਕ ਕਈ ਅਜਿਹੇ ਮਾਮਲੇ ਹਨ ਜਿੱਥੇ ਡੇਢ ਜਾਂ ਦੋ ਮੰਜ਼ਿਲਾਂ ਦੀ ਮਨਜ਼ੂਰੀ ਲੈ ਕੇ ਬਹੁ-ਮੰਜ਼ਿਲਾ ਇਮਾਰਤਾਂ ਖੜ੍ਹੀਆਂ ਕਰ ਦਿੱਤੀਆਂ ਗਈਆਂ। ਨਿਗਮ ਅਧਿਕਾਰੀਆਂ ਤੇ ਸਿਆਸੀ ਦਬਾਅ ਅਤੇ ਕਥਿਤ ਮਿਲੀਭੁਗਤ ਦੇ ਲੱਗ ਰਹੇ ਦੋਸ਼ਾਂ ਕਾਰਨ ਹੀ ਇਹ ਕਾਰਵਾਈ ਸਿਰਫ਼ ਫ਼ਾਈਲਾਂ ਤੱਕ ਸੀਮਤ ਹੋ ਕੇ ਰਹਿ ਗਈ ਹੈ।ਨਿਯਮਾਂ ਮੁਤਾਬਕ ਅਜਿਹੇ ਵਪਾਰਕ ਅਦਾਰਿਆਂ ਲਈ ਫਾਇਰ ਸੇਫਟੀ ਐਨ.ਓ.ਸੀ.ਅਤੇ ਇਮਾਰਤ ਦੀ ਸਮਰੱਥਾ ਅਨੁਸਾਰ ਅੱਗ ਬੁਝਾਊ ਯੰਤਰ, ਅਲਾਰਮ ਅਤੇ ਐਮਰਜੈਂਸੀ ਨਿਕਾਸ ਦੇ ਪ੍ਰਬੰਧ ਲਾਜ਼ਮੀ ਹਨ। ਪਰ ਸ਼ਹਿਰ ਦੇ ਜ਼ਿਆਦਾਤਰ ਛੋਟੇ ਹੋਟਲਾਂ ਵਿੱਚ ਇਹ ਪ੍ਰਬੰਧ ਗਾਇਬ ਹਨ। ਹੁਣ ਇਹ ਜ਼ਰੂਰੀ ਹੋ ਗਿਆ ਹੈ ਕਿ ਨਗਰ ਨਿਗਮ ਦੀ ਟਾਊਨ ਪਲੈਨਿੰਗ ਸ਼ਾਖਾ ਅਤੇ ਫਾਇਰ ਵਿਭਾਗ ਦੇ ਜ਼ਿੰਮੇਵਾਰ ਅਧਿਕਾਰੀਆਂ ਦੀ ਜਵਾਬਦੇਹੀ ਤੈਅ ਕੀਤੀ ਜਾਵੇ। ਮਾਹਰਾਂ ਦਾ ਮੰਨਣਾ ਹੈ ਕਿ ਸਿਰਫ਼ ਨੋਟਿਸ ਜਾਰੀ ਕਰਕੇ ਪੱਲਾ ਝਾੜਨ ਦੀ ਬਜਾਏ ਨਾਜਾਇਜ਼ ਉਸਾਰੀਆਂ ਨੂੰ ਸਮੇਂ ਸਿਰ ਢਾਹੁਣਾ ਅਤੇ ਨਿਯਮਾਂ ਨੂੰ ਸਖ਼ਤੀ ਨਾਲ ਲਾਗੂ ਕਰਨਾ ਲਾਜ਼ਮੀ ਹੈ, ਤਾਂ ਜੋ ਕਿਸੇ ਵੱਡੇ ਜਾਨੀ-ਮਾਲੀ ਹਾਦਸੇ ਤੋਂ ਬਚਿਆ ਜਾ ਸਕੇ।

# ਲਿ.ਫਟ ਦੇਣ ਦੇ ਬਹਾਨੇ ਬਜ਼ੁਰਗ ਔਰਤ ਦੀਆਂ ਵਾਲੀਆਂ ਲੁੱਟੀਆਂ

ਬਠਿੰਡਾ, 6 ਜੂਨ (ਦੀਪਕ ਸ਼ਰਮਾ) :ਅਪਰਾਧ ਦੀਆਂ ਵਧਦੀਆਂ ਘਟਨਾਵਾਂ ਨੇ ਸਾਬਤ ਕਰ ਦਿੱਤਾ ਹੈ ਕਿ ਕਾਨੂੰਨ ਦਾ ਡਰ ਹੁਣ ਬਦਮਾਸ਼ਾਂ ਦੇ ਦਿਲਾਂ ਵਿੱਚੋਂ ਪੂਰੀ ਤਰ੍ਹਾਂ ਖ਼ਤਮ ਹੋ ਚੁੱਕਾ ਹੈ। ਜਦੋਂ ਆਮ ਨਾਗਰਿਕ ਆਪਣੇ ਘਰ ਦੇ ਜ਼ਰੂਰੀ ਕੰਮਾਂ ਲਈ ਬਾਹਰ ਨਿਕਲਣ ਤੋਂ ਵੀ ਡਰਨ ਲੱਗ ਜਾਣ, ਤਾਂ ਸਮਝੋ ਕਿ ਸੁਰੱਖਿਆ ਵਿਵਸਥਾ ਆਖਰੀ ਸਾਹਾਂ ਤੇ ਹੈ। ਅਜਿਹਾ ਹੀ ਇੱਕ ਚਿੰਤਾਜਨਕ ਮਾਮਲਾ ਭਗਤਾ ਭਾਈਕਾ ਇਲਾਕੇ ਤੋਂ ਸਾਹਮਣੇ ਆਇਆ ਹੈ, ਜਿੱਥੇ ਇੱਕ ਮਹਿਲਾ ਨੂੰ ਨਿਸ਼ਾਨਾ ਬਣਾਇਆ ਗਿਆ। ਇੱਕ ਸ਼ਾਤਰ ਲੁਟੇਰੇ ਨੇ ਰਾਸ਼ਨ ਲੈ ਕੇ ਆ ਰਹੀ ਔਰਤ ਨੂੰ ਲਿਫਟ ਦੇਣ ਦਾ ਝਾਂਸਾ ਦੇ ਕੇ ਉਸ ਦੇ ਗਹਿਣੇ ਲੁੱਟ ਲਏ। ਘਟਨਾ ਕੱਲ੍ਹ ਦੇਰ ਸ਼ਾਮ ਦੀ ਹੈ ਜਦੋਂ ਭਗਤਾ ਭਾਈਕਾ ਦੀ ਨਿਵਾਸੀ ਕਾਂਤਾ ਰਾਣੀ ਪਤਨੀ ਵਰਿੰਦਰ ਕੁਮਾਰ ਹਮੇਸ਼ਾ ਦੀ ਤਰ੍ਹਾਂ ਡਿਪੂ ਤੋਂ ਰਾਸ਼ਨ ਲੈਣ ਗਈ ਸੀ। ਰਸਤੇ ਵਿੱਚ ਇੱਕ ਅਣਜਾਣ ਸ਼ਖਸ ਨੇ ਉਸ ਨਾਲ ਹਮਦਰਦੀ ਜਤਾਉਂਦੇ ਹੋਏ ਮੋਟਰਸਾਈਕਲ ਤੇ ਲਿਫਟ ਦੇਣ ਦਾ ਝਾਂਸਾ ਦਿੱਤਾ ਅਤੇ ਬਹਾਨੇ ਨਾਲ ਗਊਸ਼ਾਲਾ ਰੋਡ ਵੱਲ ਲੈ ਗਿਆ। ਜਿਵੇਂ ਹੀ ਰਸਤਾ ਸੁੰਨਸਾਨ ਹੋਇਆ, ਉਸ ਸ਼ਖਸ ਨੇ ਆਪਣਾ ਅਸਲੀ ਰੰਗ ਦਿਖਾਇਆ ਅਤੇ ਔਰਤ ਦੇ ਕੰਨਾਂ ਵਿੱਚੋਂ ਸੋਨੇ ਦੀਆਂ ਵਾਲੀਆਂ ਖੋਹ ਲਈਆਂ। ਦਰਦ ਨਾਲ ਕਰਾਹ ਰਹੀ ਮਹਿਲਾ ਨੂੰ ਸੜਕ ਕਿਨਾਰੇ ਸੁੱਟ ਕੇ ਉਹ ਲੁਟੇਰਾ ਭੱਜਣ ਵਿੱਚ ਸਫ਼ਲ ਰਿਹਾ। ਰੌਲਾ ਪਾਉਣ ਤੇ ਇਕੱਠੇ ਹੋਏ ਰਾਹਗੀਰਾਂ ਨੇ ਪੀੜਤਾ ਨੂੰ ਸੰਭਾਲਿਆ ਅਤੇ ਪੁਲਿਸ ਨੂੰ ਘਟਨਾ ਦੀ ਜਾਣਕਾਰੀ ਦਿੱਤੀ। ਘਟਨਾ ਤੋਂ ਬਾਅਦ ਪੀੜਤ ਪਰਿਵਾਰ ਦੇ ਨਾਲ-ਨਾਲ ਪੂਰੇ ਇਲਾਕੇ ਦੇ ਲੋਕਾਂ ਵਿੱਚ ਪੁਲਿਸ ਪ੍ਰਸ਼ਾਸਨ ਪ੍ਰਤੀ ਭਾਰੀ ਨਾਰਾਜ਼ਗੀ ਦੇਖਣ ਨੂੰ ਮਿਲ ਰਹੀ ਹੈ।

# ਜੂਨ 84 ਘੱਲੂਘਾਰਾ ਦਿਵਸ ਨੂੰ ਸਮਰਪਿਤ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ



ਸ੍ਰੀ ਮੁਕਤਸਰ ਸਾਹਿਬ, 6 ਜੂਨ ( ਐਚ ਐਸ ਕਪੂਰ) : ਜੂਨ 1984 ਦੇ ਘੱਲੂਘਾਰਾ ਦਿਵਸ ਮੌਕੇ ਸ਼ਹੀਦ ਸਿੰਘਾਂ , ਸਿੰਘਣੀਆਂ ਅਤੇ ਹੋਰ ਅਨੇਕਾਂ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਸ਼ਹੀਦ ਗੰਜ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਸ੍ਰੀ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਜੀਤ ਸਿੰਘ ਰਾਗੀ ਜਥੇ ਵੱਲੋਂ ਸੰਗਤਾਂ ਵਿਰਾਗਮਈ ਕੀਰਤਨ ਸਰਵਣ ਕਰਵਾਇਆ ਗਿਆ।ਇਸ ਮੌਕੇ ਗੁਰੂ ਘਰ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ।ਸਮਾਗਮ ਦੌਰਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ ਅਤੇ ਉਨ੍ਹਾਂ ਦੀਆਂ ਕੁਰਬਾਨੀਆਂ ਨੂੰ ਯਾਦ ਕੀਤਾ ਗਿਆ ਅਤੇ ਅਤੇ ਸ਼ਹੀਦ ਸਿੰਘਾਂ ਦੇ ਪਰਿਵਾਰਿਕ ਮੈਂਬਰਾਂ ਨੂੰ ਸ੍ਰੀ ਦਰਬਾਰ ਸਾਹਿਬ ਵੱਲੋਂ ਸਰੋਪਾਏ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰਬੰਧਕਾਂ ਅਤੇ ਸੰਗਤਾਂ ਵੱਲੋ ਸਮਾਗਮ ਵਿੱਚ ਹਾਜ਼ਰੀ ਭਰੀ ਗਈ । ਇਸ ਮੌਕੇ ਜੱਥੇਦਾਰ ਨਵਤੇਜ ਸਿੰਘ ਕਾਉਣੀ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਭਾਈ ਨਿਰਮਲਜੀਤ ਸਿੰਘ ਮੈਨੇਜਰ ਸ੍ਰੀ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਜੂਨ 1984 ਦੀਆਂ ਘਟਨਾਵਾਂ ਸਿੱਖ ਇਤਿਹਾਸ ਦਾ ਮਹੱਤਵਪੂਰਨ ਅਧਿਆਇ ਹੈ, ਇਸ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ ਅਤੇ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਹਰ ਸਾਲ ਧਾਰਮਿਕ ਸਮਾਗਮ ਕਰਵਾਏ ਜਾਂਦੇ ਹਨ। ਇਸ ਮੌਕੇ ਇਲਾਕੇ ਦੀਆਂ ਵੱਖ-ਵੱਖ ਸਮਾਜਿਕ ,ਧਾਰਮਿਕ ਅਤੇ ਰਾਜਨੀਤਿਕ ਸੰਸਥਾਵਾਂ ਦੇ ਆਗੂਆਂ ਤੋਂ ਇਲਾਵਾ ਸ੍ਰੀ ਦਰਬਾਰ ਸਾਹਿਬ ਦੇ ਸਮੁੱਚੇ ਸਟਾਫ ਨੇ ਇਸ ਸ਼ਹੀਦੀ ਸਮਾਗਮ ਵਿੱਚਆਪਣੀ ਹਾਜ਼ਰੀ ਭਰੀ।ਇਸ ਸਮਾਗਮ ਦੌਰਾਨ ਸੰਗਤਾਂ ਦੀ ਸਹੂਲਤ ਲਈ ਲੋੜੀਂਦੇ ਪ੍ਰਬੰਧ ਕੀਤੇ ਗਏ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ਇਸ ਮੌਕੇ ਵੱਖ ਵੱਖ ਧਾਰਮਿਕ ਸੰਸਥਾਵਾਂ ਵੱਲੋਂ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਵੀ ਲਗਾਈਆਂ ਗਈਆਂ।

# ਬਠਿੰਡਾ ਨਗਰ ਨਿਗਮ ਦੇ ਮੇਅਰ ਲਈ ਜਨਰਲ ਵਰਗ ਦਾ ਨੋਟੀਫਿਕੇਸ਼ਨ, ਮਹਿਤਾ ਦੀ ਦਾਅਵੇਦਾਰੀ ਮਜ਼ਬੂਤ



ਬਠਿੰਡਾ, 6 ਜੂਨ (ਦੀਪਕ ਰਮਾ) :ਪੰਜਾਬ ਸਰਕਾਰ ਵੱੋਂ ਜਾਰੀ ਤਾਜ਼ਾ ਨੋਟੀਫਿਕੇਸ਼ਨ ਤੋਂ ਬਾਅਦ ਬਠਿੰਡਾ ਨਗਰ ਨਿਗਮ ਵਿੱਚ ਮੇਅਰ ਦੀ ਕੁਰਸੀ ਨੂੰ ਲੈ ਕੇ ਪਿਛਲੇ ਕਈ ਦਿਨਾਂ ਤੋਂ ਚੱਲ ਰਹੀਆਂ ਸਿਆਸੀ ਅਟਕਲਾਂ 'ਤੇ ਪੂਰੀ ਤਰ੍ਹਾਂ ਵਿਰਾਮ ਲੱਗ ਗਿਆ ਹੈ। ਸਰਕਾਰ ਦੇ ਨਵੇਂ ਫੈਸਲੇ ਨਾਲ ਹੁਣ ਇਹ ਸਾਫ਼ ਹੋ ਚੁੱਕਾ ਹੈ ਕਿ ਸਥਾਨਕ ਨਗਰ ਨਿਗਮ ਦਾ ਅਗਲਾ ਮੇਅਰ ਜਨਰਲ ਵਰਗ ਵਿੱਚੋਂ ਹੀ ਥਾਪਿਆ ਜਾਵੇਗਾ। ਸੂਬਾ ਸਰਕਾਰ ਦੇ ਇਸ ਅਧਿਕਾਰਤ ਐਲਾਨ ਤੋਂ ਬਾਅਦ ਸੋਸ਼ਲ ਮੀਡੀਆ ਅਤੇ ਸਿਆਸੀ ਗਲਿਆਰਿਆਂ ਵਿੱਚ ਫੈਲੀਆਂ ਉਨ੍ਹਾਂ ਅਫ਼ਵਾਹਾਂ ਨੂੰ ਠੱਲ੍ਹ ਪੈ ਗਈ ਹੈ, ਜਿਨ੍ਹਾਂ ਵਿੱਚ ਮੇਅਰ ਦਾ ਅਹੁਦਾ ਪਛੜੀਆਂ ਸ਼੍ਰੇਣੀਆਂ ਜਾਂ ਜਨਰਲ ਵਰਗ ਦੀ ਮਹਿਲਾ ਲਈ ਰਾਖਵਾਂ ਹੋਣ ਦੇ ਦਾਅਵੇ ਕੀਤੇ ਜਾ ਰਹੇ ਸਨ। ਇਸ ਨਵੇਂ ਸਿਆਸੀ ਸਮੀਕਰਨ ਕਾਰਨ ਸਥਾਨਕ ਰਾਜਨੀਤੀ ਵਿੱਚ ਆਮ ਆਦਮੀ ਪਾਰਟੀ ਦੇ ਸਰਗਰਮ ਆਗੂ ਪਦਮਜੀਤ ਮਹਿਤਾ ਦਾ ਮੁੜ ਮੇਅਰ ਬਣਨਾ ਲਗਭਗ ਤੈਅ ਮੰਨਿਆ ਜਾ ਰਿਹਾ ਹੈ, ਕਿਉਂਕਿ ਨੋਟੀਫਿਕੇਸ਼ਨ ਆਉਣ ਤੋਂ ਪਹਿਲਾਂ ਹੀ ਪਾਰਟੀ ਦੇ ਅੰਦਰੂਨੀ ਹਲਕਿਆਂ ਵਿੱਚ ਉਨ੍ਹਾਂ ਦੇ ਨਾਮ ਨੂੰ ਲੈ ਕੇ ਆਮ ਸਹਿਮਤੀ ਬਣੀ ਹੋਈ ਸੀ।ਜ਼ਿਕਰਯੋਗ ਹੈ ਕਿ ਹਾਲ ਹੀ ਵਿੱਚ ਸੰਪੰਨ ਹੋਈਆਂ ਨਗਰ ਨਿਗਮ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਨੇ ਜ਼ਬਰਦਸਤ ਸਿਆਸੀ ਪ੍ਰਦਰਸ਼ਨ ਕਰਦਿਆਂ ਸ਼ਹਿਰ ਦੇ ਕੁੱਲ 50 ਵਾਰਡਾਂ ਵਿੱਚੋਂ 35 ਸੀਟਾਂ 'ਤੇ ਹੂੰਝਾਫੇਰ ਜਿੱਤ ਦਰਜ ਕਰਕੇ ਸਪੱਸ਼ਟ ਬਹੁਮਤ ਹਾਸਲ ਕੀਤਾ ਸੀ। ਰਾਜਨੀਤਿਕ ਹਲਕਿਆਂ ਵਿੱਚ ਚਰਚਾ ਹੈ ਕਿ ਪਦਮਜੀਤ ਮਹਿਤਾ ਪਾਰਟੀ ਦੇ ਅੰਦਰ ਇੱਕ ਨੌਜਵਾਨ ਅਤੇ ਬੇਹੱਦ ਸਰਗਰਮ ਚਿਹਰੇ ਵਜੋਂ ਜਾਣੇ ਜਾਂਦੇ ਹਨ, ਜਿਨ੍ਹਾਂ ਦੇ ਪਰਿਵਾਰ ਦੀ ਵਪਾਰਕ ਖੇਤਰ ਵਿੱਚ ਮਜ਼ਬੂਤ ਪਕੜ ਹੈ। ਇਸ ਦੇ ਨਾਲ ਹੀ ਸ਼ਹਿਰ ਦੇ ਵੱਖ-ਵੱਖ ਵਰਗਾਂ ਅਤੇ ਖਾਸ ਕਰਕੇ ਹਿੰਦੂ ਭਾਈਚਾਰੇ ਵਿੱਚ ਉਨ੍ਹਾਂ ਦੇ ਚੰਗੇ ਪ੍ਰਭਾਵ ਨੂੰ ਵੇਖਦਿਆਂ ਪਾਰਟੀ ਉਨ੍ਹਾਂ ਤੇ ਭਰੋਸਾ ਜਤਾਉਣ ਦੇ ਰੌਅ ਵਿੱਚ ਹੈ।

# ਸੇਵਾ ਕੇਂਦਰ ਮੁਲਾਜ਼ਮਾਂ 'ਤੇ ਪੁਲਿਸ ਵੱਲੋਂ ਲਾਠੀਚਾਰਜ

## ਮੰਗਾਂ ਨੂੰ ਲੈ ਕੇ ਅਮਨ ਅਰੋੜਾ ਦੀ ਰਿਹਾਇਸ਼ 'ਤੇ ਕਰਨਾ ਸੀ ਸ਼ਾਂਤੀ ਪੂਰਵਕ ਰੋਸ ਮਾਰਚ

ਸੁਨਾਮ ਊਧਮ ਸਿੰਘ ਵਾਲਾ, 6 ਜੂਨ (ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ): ਸੇਵਾ ਕੇਂਦਰ ਕਰਮਚਾਰੀ ਯੂਨੀਅਨ ਦੇ ਪੰਜਾਬ ਪ੍ਰਧਾਨ ਬਲਜਿੰਦਰ ਸਿੰਘ ਮਾਝਾ ਦੀ ਅਗਵਾਈ ਵਿੱਚ ਅੱਜ ਵੱਡੀ ਗਿੱਣਤੀ ਵਿੱਚ ਸੇਵਾ ਕੇਂਦਰ ਕਰਮਚਾਰੀਆਂ ਵੱਲੋਂ ਆਪਣੀਆਂ ਮੰਗਾਂ ਨੂੰ ਲੈਕੇ ਸੁਨਾਮ ਦੀ ਨਵੀਂ ਅਨਾਜ ਮੰਡੀ ਵਿਖੇ ਇਕੱਠੇ ਹੋਏ ਅਤੇ ਪੰਜਾਬ ਸਰਕਾਰ ਅਤੇ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਦੇ ਘਰ ਜਾ ਕੇ ਉਹਨਾਂ ਨੂੰ ਇੱਕ ਮੰਗ ਪੱਤਰ ਦੇਣਾ ਸੀ ਪੰਜਾਬ ਭਰ ਵਿਚੋਂ ਪਹੁੰਚੇ ਸੇਵਾ ਕੇਂਦਰ। ਮੁਲਾਜ਼ਮਾ ਦਾ ਵੱਡੇ ਇਕੱਠ ਨੂੰ ਦੇਖਦੇ ਹੋਏ, ਸੁਨਾਮ ਨੂੰ ਪੁਲਿਸ ਛਾਉਣੀ ਵਿੱਚ ਤਬਦੀਲ ਕਰ ਦਿੱਤਾ ਗਿਆ ਤਾਂ ਜੋ ਕੋਈ ਵੀ ਸੇਵਾ ਕੇਂਦਰ ਕਰਮਚਾਰੀ ਕੈਬਨਿਟ ਮੰਤਰੀ ਅਮਨ ਅਰੋੜਾ ਦੀ ਰਿਹਾਇਸ਼ ਵੱਲ ਨਾ ਜਾ ਸਕੇ। ਮੌਕੇ ਤੇ ਵੱਡੀ ਗਿੱਣਤੀ ਵਿੱਚ ਪਹੁੰਚੇ ਪੁਲਿਸ ਪ੍ਰਸ਼ਾਸਨ ਨੇ ਉਨ੍ਹਾਂ ਨੂੰ ਅਨਾਜ ਮੰਡੀ ਤੋਂ ਹੀ ਗ੍ਰਿਫ਼ਤਾਰ ਕਰ ਲਿਆ ਅਤੇ ਜ਼ਿਲ੍ਹੇ ਭਰ ਦੇ ਕਈ ਥਾਣਿਆਂ ਵਿੱਚ ਨਜ਼ਰਬੰਦ ਕਰ ਦਿੱਤਾ। ਮੀਡੀਆ ਨਾਲ ਗੱਲਬਾਤ ਕਰਦਿਆਂ ਪੰਜਾਬ ਸੇਵਾ ਕੇਂਦਰ ਪੰਜਾਬ ਦੇ ਪ੍ਰਧਾਨ ਬਲਜਿੰਦਰ ਸਿੰਘ ਮਾਝਾ, ਨੇ ਕਿਹਾ ਕਿ ਉਨ੍ਹਾਂ ਨੂੰ ਪੂਰਾ ਮਹੀਨਾ ਕੰਮ ਕਰਨ ਦੇ ਲਗਭਗ ਦਸ ਹਜ਼ਾਰ ਰੁਪਏ ਪ੍ਰਤੀ ਮਹੀਨਾ ਮਿਲਦੇ ਹਨ। ਜੇਕਰ ਕੋਈ ਛੁੱਟੀ ਜਾਂ ਗਲਤੀ ਹੋ ਜਾਂਦੀ ਹੈ ਤਾਂ ਉਸ ਰਕਮ ਵਿੱਚੋਂ ਉਨ੍ਹਾਂ ਦੀ ਤਨਖਾਹ ਕੱਟ ਲਈ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇੰਨੀ ਮਹਿੰਗਾਈ ਕਾਰਨ ਸਾਨੂੰ ਸਾਡੇ ਘਰ ਚਲਾਉਣਾ ਬਹੁਤ ਮੁਸ਼ਕਲ ਹੋ ਗਿਆ ਹੈ ਅਤੇ ਉਹ ਆਪਣੀਆਂ ਮੰਗਾਂ ਕੈਬਨਿਟ ਮੰਤਰੀ ਅਮਨ ਅਰੋੜਾ ਨੂੰ ਇੱਕ ਮੰਗ ਪੱਤਰ ਰਾਹੀਂ ਪੇਸ਼ ਕਰਨਾ ਚਾਹੁੰਦੇ ਸਨ। ਪੰਜਾਬ ਦੀਆਂ ਸਮੂਹ ਕਿਸਾਨ ਜਥੇਬੰਦੀਆਂ ਵੀ ਉਹਨਾਂ ਦੇ ਸਮਰਥਨ ਵਿੱਚ ਉਨ੍ਹਾਂ ਦੇ ਨਾਲ ਆ ਖੜਇਆ ਅਤੇ ਅਨਾਜ ਮੰਡੀ ਵਿੱਚ ਪੰਜਾਬ ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਦੇ ਹੋਏ ਮੰਗ ਕੀਤੀ ਕਿ ਪੁਲਿਸ ਪ੍ਰਸ਼ਾਸਨ ਦੁਆਰਾ ਗ੍ਰਿਫ਼ਤਾਰ ਕੀਤੇ ਗਏ ਸਾਰੇ ਸੇਵਾ ਕੇਂਦਰ ਕਰਮਚਾਰੀਆਂ ਨੂੰ ਜਲਦੀ ਤੋਂ ਜਲਦੀ ਰਿਹਾਅ ਕੀਤਾ ਜਾਵੇ। ਜੇਕਰ ਉਨ੍ਹਾਂ ਨੂੰ ਜਲਦੀ ਰਿਹਾਅ ਨਹੀਂ ਕੀਤਾ ਗਿਆ ਤਾਂ ਇਹ ਵਿਰੋਧ ਪ੍ਰਦਰਸ਼ਨ ਲੰਬੇ ਸਮੇਂ ਤੱਕ ਜਾਰੀ ਰਹੇਗਾ ਕਿਸਾਨ ਜਥੇਬੰਦੀਆਂ ਅਤੇ ਸੇਵਾ ਕੇਂਦਰ ਕਰਮਚਾਰੀਆਂ ਵੱਲੋਂ ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ

# ਸੇਵਾ ਕੇਂਦਰਾਂ ਦੇ ਕੱਚੇ ਮੁਲਾਜ਼ਮਾਂ 'ਤੇ ਵਰ੍ਹਦੀਆਂ ਡਾਂਗਾਂ ਵਿੱਚ ਭੱਜਦਿਆਂ ਨੂੰ ਬਚਾਉਣ ਪਹੁੰਚੀ ਦਾਮਨ ਬਾਜਵਾ



ਸੁਨਾਮ ਊਧਮ ਸਿੰਘ ਵਾਲਾ, 6 ਜੂਨ (ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ) : ਭਾਜਪਾ ਜ਼ਿਲ੍ਹਾ ਪ੍ਰਧਾਨ ਦਾਮਨ ਬਾਜਵਾ ਨੇ ਕਿਹਾ ਕਿ ਸੇਵਾ ਕੇਂਦਰਾਂ ਦੇ ਕੱਚੇ ਮੁਲਾਜ਼ਮਾਂ ਵੱਲੋਂ ਆਪਣੀ ਮੰਗਾਂ ਨੂੰ ਲੈ ਕੇ ਸੁਨਾਮ ਊਧਮ ਸਿੰਘ ਵਾਲਾ ਵਿਖੇ ਪੰਜਾਬ ਸਰਕਾਰ ਦੇ ਖਿਲਾਫ਼ ਸ਼ਾਂਤੀ ਰੋਸ਼ ਪ੍ਰਦਰਸ਼ਨ ਕੀਤਾ ਜਾਣ ਸੀ, ਮੌਜੂਦਾ ਪੰਜਾਬ ਸਰਕਾਰ ਅਤੇ ਸੁਨਾਮ ਤੋਂ ਵਿਧਾਇਕ ਅਮਨ ਅਰੋੜਾ ਦੀ ਸ਼ਹਿ 'ਤੇ ਜੋ ਪ੍ਰਸ਼ਾਸਨ ਵੱਲੋਂ ਲਾਠੀਚਾਰਜ ਕੀਤਾ ਗਿਆ ਇਹ ਕਿਸੇ ਅੱਤਿਆਚਾਰ ਤੋਂ ਘੱਟ ਨਹੀਂ। ਭਾਜਪਾ ਜ਼ਿਲ੍ਹਾ ਪ੍ਰਧਾਨ ਦਾਮਨ ਨੇ ਦੱਸਿਆ ਕਿ ਇਸ ਸਬੰਧੀ ਮੈਨੂੰ ਕਿਸੇ ਸੇਵਾ ਕੇਂਦਰ ਮੁਲਾਜ਼ਮ ਵੀਰ ਦੀ ਕਾਲ ਆਈ ਕਿ ਮੈਡਮ ਪੁਲਿਸ ਪ੍ਰਸ਼ਾਸਨ ਸਾਨੂੰ ਰੋਸ਼ ਪ੍ਰਦਰਸ਼ਨ ਕਰਨ ਤੋਂ ਰੋਕ ਰਿਹਾ ਹੈ ਤੇ ਸਾਡੇ ਮੁਲਾਜ਼ਮਾਂ ਨੂੰ ਡਾਗਾਂ ਨਾਲ ਕੁੱਟ ਰਹੇ ਹਨ ਅਸੀਂ ਜਾਖਲ ਰੋਡ 'ਤੇ ਵੱਖ-ਵੱਖ ਗਲੀਆਂ ਵਿੱਚ ਹਾਂ ਤਾਂ ਮੈਂ ਉਸ ਸਮੇਂ ਹੀ ਜਾਖਲ ਰੋਡ ਤੇ ਪਹੁੰਚ ਕੇ ਸੇਵਾ ਕੇਂਦਰ ਮੁਲਾਜ਼ਮ ਭੈਣਾਂ ਅਤੇ ਭਰਾਵਾਂ ਨੂੰ ਇੱਕ ਜਗ੍ਹਾ ਤੇ ਇਕੱਠਾ ਕੀਤਾ ਅਤੇ ਉਨ੍ਹਾਂ ਤੇ ਹੋਏ ਲਾਠੀਚਾਰਜ ਦੀ ਸਾਰੀ ਗੱਲ ਸੁਣੀ। ਇਸ ਮੌਕੇ ਦਾਮਨ ਬਾਜਵਾ ਨੇ ਮੌਜੂਦਾ ਪੰਜਾਬ ਸਰਕਾਰ ਤੇ ਇੱਥੋਂ ਦੇ ਵਿਧਾਇਕ ਅਮਨ ਅਰੋੜਾ 'ਤੇ ਸਵਾਲ ਖੜੇ ਕਰਦਿਆਂ ਕਿਹਾ ਕਿ ਜੇਕਰ ਇਹ ਸੇਵਾ ਕੇਂਦਰ ਵਾਲੇ ਮੁਲਾਜ਼ਮਾਂ ਤੁਹਾਡੇ ਕੋਲ ਆਪਣੀਆਂ ਮੰਗਾਂ ਲੈ ਕੇ ਆ ਰਹੇ ਹਨ ਤਾਂ ਤੁਹਾਡਾ ਤੁਹਾਡੀ ਆਪਣੀ ਸਰਕਾਰ ਹੋਣ ਦੇ ਨਾਤੇ ਫਰਜ਼ ਬਣਦਾ ਹੈ ਕਿ ਇਨਾਂ ਦੀਆਂ ਮੰਗਾਂ ਨੂੰ ਸੁਣਿਆ ਜਾਵੇ ਤੇ ਉਸ ਤੇ ਵਿਚਾਰ ਕੀਤਾ ਜਾਵੇ ਨਾ ਕਿ ਇਹਨਾਂ ਨੂੰ ਇਹਨਾਂ ਦੀਆਂ ਮੰਗਾਂ ਸੁਣਨ ਦੇ ਬਦਲੇ ਡਾਂਗਾਂ ਮਾਰੀਆ ਜਾਣ। ਇਸ ਮੌਕੇ ਪਹੁੰਚੇ ਸੇਵਾ ਕੇਂਦਰ ਮੁਲਾਜ਼ਮਾਂ ਨੇ ਕਿਹਾ ਕਿ ਅਸੀਂ ਸ਼ਾਂਤੀਮਈ ਢੰਗ ਦੇ ਨਾਲ ਅਨਾਜ ਮੰਡੀ ਸੁਨਾਮ ਵਿਖੇ ਆਪਣਾ ਰੋਸ ਪ੍ਰਦਰਸ਼ਨ ਕਰਨ ਦੇ ਲਈ ਇਕੱਠੇ ਹੋ ਰਹੇ ਸੀ ਪੁਲਿਸ ਪ੍ਰਸ਼ਾਸਨ ਵੱਲੋਂ ਸਾਨੂੰ ਡਾਂਗਾਂ ਮਾਰ ਮਾਰ ਕੇ ਕੁੱਟਿਆ ਗਿਆ ਅਤੇ ਸਾਡੇ ਇਕੱਠੇ ਹੋਏ ਸੇਵਾ ਕੇਂਦਰ ਮੁਲਾਜ਼ਮਾਂ ਨੂੰ ਵੱਖ-ਵੱਖ ਬੱਸਾਂ ਵਿੱਚ ਭਰ ਕੇ ਵੱਖ-ਵੱਖ ਥਾਣਿਆਂ ਦੇ ਵਿੱਚ ਲਏ ਗਏ, ਉਨ੍ਹਾਂ ਕਿਹਾ ਕਿ ਸਰਕਾਰ ਦੀ ਇਸ ਘਟੀਆ ਹਰਕਤ ਦਾ ਲੋਕ ਆਉਣ ਵਾਲੇ ਸਮੇਂ ਵਿੱਚ ਜ਼ਰੂਰ ਜਵਾਬ ਦੇਣਗੇ।

# ਬਿਜਲੀ ਮੁਲਾਜ਼ਮਾਂ ਵੱਲੋਂ ਬੇਰੁਜ਼ਗਾਰ ਲਾਈਨਮੈਨਾਂ 'ਤੇ ਲਾਠੀਚਾਰਜ ਕਰਨ ਵਾਲੇ ਪੁਲਿਸ ਮੁਲਾਜ਼ਮਾਂ ਨੂੰ ਮੁਅੱਤਲ ਕਰਨ ਦੀ ਮੰਗ

ਬਠਿੰਡਾ, 6 ਜੂਨ (ਦੀਪਕ ਸ਼ਰਮਾ) :ਪਟਿਆਲਾ ਬਿਜਲੀ ਬੋਰਡ ਦੇ ਮੁੱਖ ਦਫ਼ਤਰ ਅੱਗੇ ਆਪਣੀਆਂ ਹੱਕੀ ਮੰਗਾਂ ਲਈ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਬੇਰੁਜ਼ਗਾਰ ਆਈ ਟੀ ਆਈ ਅਪ੍ਰੈਂਟਿਸਸ਼ਿਪ ਲਾਈਨਮੈਨਾਂ ਉੱਪਰ ਪੰਜਾਬ ਸਰਕਾਰ ਦੀ ਸ਼ਹਿ 'ਤੇ ਪੁਲਿਸ ਵੱਲੋਂ ਕੀਤੇ ਗਏ ਅੰਨ੍ਹੇਵਾਹ ਲਾਠੀਚਾਰਜ ਦਾ ਮਾਮਲਾ ਪੂਰੀ ਤਰ੍ਹਾਂ ਗਰਮਾ ਗਿਆ ਹੈ। ਇਸ ਬੇਰਹਿਮ ਪੁਲਿਸ ਕਾਰਵਾਈ ਦੀ ਬਿਜਲੀ ਮੁਲਾਜ਼ਮਾਂ ਦੀ ਸਿਰਮੌਰ ਜਥੇਬੰਦੀ ਟੈਕਨੀਕਲ ਸਰਵਿਸਜ਼ ਯੂਨੀਅਨ ਰਜਿਸਟਰਡ 49 ਪੰਜਾਬ ਰਾਜ ਬਿਜਲੀ ਬੋਰਡ ਦੇ ਸਰਕਲ ਬਠਿੰਡਾ ਦੇ ਆਗੂਆਂ ਨੇ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਜਥੇਬੰਦੀ ਦੇ ਸਰਕਲ ਪ੍ਰਧਾਨ ਹਰਜਿੰਦਰ ਸਿੰਘ, ਮੀਤ ਪ੍ਰਧਾਨ ਗੁਰਮੀਤ ਸਿੰਘ, ਸਕੱਤਰ ਬੇਅੰਤ ਸਿੰਘ, ਮੀਤ ਸਕੱਤਰ ਅੰਗਰੇਜ਼ ਸਿੰਘ ਅਤੇ ਖਜ਼ਾਨਚੀ ਭੀਮ ਸੈਨ ਨੇ ਇੱਕ ਸਾਂਝਾ ਪ੍ਰੈਸ ਨੋਟ ਜਾਰੀ ਕਰਦਿਆਂ ਸਰਕਾਰ ਦੀ ਇਸ ਟਕਰਾਅ ਵਾਲੀ ਨੀਤੀ ਦੀ ਸਖ਼ਤ ਆਲੋਚਨਾ ਕੀਤੀ ਹੈ।ਯੂਨੀਅਨ ਆਗੂਆਂ ਨੇ ਬਿਜਲੀ ਨਿਗਮ ਦੀ ਮੈਨੇਜਮੈਂਟ ਅਤੇ ਸੂਬਾ ਸਰਕਾਰ ਤੋਂ ਮੰਗ ਕੀਤੀ ਹੈ ਕਿ ਮੁੱਖ ਦਫ਼ਤਰ ਪਟਿਆਲਾ ਅੱਗੇ ਲੰਮੇ ਸਮੇਂ ਤੋਂ ਸੰਘਰਸ਼ ਕਰ ਰਹੇ ਇਨ੍ਹਾਂ ਨੌਜਵਾਨਾਂ ਨਾਲ ਪਹਿਲਾਂ ਹੋਈਆਂ ਸਹਿਮਤੀਆਂ ਮੁਤਾਬਕ ਨਵਾਂ ਸੀ ਆਰ ਏ ਜਾਰੀ ਕਰਕੇ ਜਲਦੀ ਭਰਤੀ ਪ੍ਰਕਿਰਿਆ ਸ਼ੁਰੂ ਕੀਤੀ ਜਾਵੇ। ਉਨ੍ਹਾਂ ਜ਼ੋਰ ਦੇ ਕੇ ਆਖਿਆ ਕਿ ਬਿਜਲੀ ਨਿਗਮ ਅੰਦਰ ਹਜ਼ਾਰਾਂ ਦੀ ਗਿਣਤੀ ਵਿੱਚ ਖਾਲੀ ਪਈਆਂ ਅਸਾਮੀਆਂ ਨੂੰ ਤੁਰੰਤ ਭਰਿਆ ਜਾਵੇ ਅਤੇ ਅਪ੍ਰੈਂਟਿਸਸ਼ਿਪ ਤੇ ਆਈ ਟੀ ਆਈ ਪਾਸ ਨੌਜਵਾਨਾਂ ਨੂੰ ਉਨ੍ਹਾਂ ਦੀ ਯੋਗਤਾ ਦੇ ਆਧਾਰ 'ਤੇ ਤੁਰੰਤ ਅਦਾਰੇ ਅੰਦਰ ਲਾਈਨਮੈਨ ਅਤੇ ਸਹਾਇਕ ਲਾਈਨਮੈਨ ਵਜੋਂ ਨਿਯੁਕਤ ਕੀਤਾ ਜਾਵੇ। ਜਥੇਬੰਦੀ ਨੇ ਪੰਜਾਬ ਸਰਕਾਰ ਅਤੇ ਬਿਜਲੀ ਨਿਗਮ ਦੀ ਮੈਨੇਜਮੈਂਟ ਨੂੰ ਸਪੱਸ਼ਟ ਚੇਤਾਵਨੀ ਦਿੱਤੀ ਹੈ ਕਿ ਜੇਕਰ ਇਨ੍ਹਾਂ ਬੇਰੁਜ਼ਗਾਰ ਨੌਜਵਾਨਾਂ ਨੂੰ ਉਨ੍ਹਾਂ ਦਾ ਬਣਦਾ ਹੱਕ ਦੇਣ ਦੀ ਬਜਾਏ ਸਰਕਾਰ ਨੇ ਦਮਨਕਾਰੀ ਜਾਂ ਟਕਰਾਅ ਦੀ ਨੀਤੀ ਜਾਰੀ ਰੱਖੀ, ਤਾਂ ਟੈਕਨੀਕਲ ਸਰਵਿਸਜ਼ ਯੂਨੀਅਨ ਇਨ੍ਹਾਂ ਸਾਥੀਆਂ ਦੇ ਸੰਘਰਸ਼ ਦਾ ਹਰ ਪੱਧਰ 'ਤੇ ਪੂਰਨ ਸਹਿਯੋਗ ਕਰੇਗੀ। ਆਗੂਆਂ ਨੇ ਕਿਹਾ ਕਿ ਇਸ ਤਿੱਖੇ ਸੰਘਰਸ਼ ਦੌਰਾਨ ਨਿਕਲਣ ਵਾਲੇ ਕਿਸੇ ਵੀ ਨਤੀਜੇ ਦੀ ਸਿੱਧੀ ਜ਼ਿੰਮੇਵਾਰੀ ਪੰਜਾਬ ਸਰਕਾਰ ਅਤੇ ਬਿਜਲੀ ਨਿਗਮ ਦੀ ਮੈਨੇਜਮੈਂਟ ਦੀ ਹੋਵੇਗੀ। ਇਸ ਦੇ ਨਾਲ ਹੀ ਜਥੇਬੰਦੀ ਨੇ ਪਟਿਆਲਾ ਵਿਖੇ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਨੌਜਵਾਨਾਂ ਉੱਪਰ ਅੰਨ੍ਹੇਵਾਹ ਲਾਠੀਚਾਰਜ ਕਰਨ ਵਾਲੇ ਪੁਲਿਸ ਮੁਲਾਜ਼ਮਾਂ ਨੂੰ ਬਿਨਾਂ ਕਿਸੇ ਦੇਰੀ ਦੇ ਤੁਰੰਤ ਮੁਅੱਤਲ ਕਰਨ ਦੀ ਜ਼ੋਰਦਾਰ ਮੰਗ ਕੀਤੀ ਹੈ।

# ਜਿੱਤ ਦੇ ਸ਼ੁਕਰਾਨੇ ਵਜੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਭਲਕੇ




ਬੁਢਲਾਡਾ, 6 ਜੂਨ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ) :ਨਗਰ ਕੌਂਸਲ ਦੀਆਂ ਚੋਣਾਂ ਵਿੱਚ ਵਾਰਡ ਨੰਬਰ 12 ਤੋਂ ਆਮ ਆਦਮੀ ਪਾਰਟੀ ਦੇ ਜੇਤੂ ਰਹੇ ਉਮੀਦਵਾਰ ਸਤਨਾਮ ਸਿੰਘ ਖਨਾਲੀਆ ਵੱਲੋਂ ਸ਼ੁਕਰਾਨੇ ਵਜੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਮਿਤੀ 7/6/26 ਦਿਨ ਐਤਵਾਰ ਨੂੰ ਸਵੇਰੇ 7:30 ਵਜੇ ਤੋਂ 9 ਵਜੇ ਤੱਕ ਉਨ੍ਹਾਂ ਦੇ ਘਰ ਵਾਰਡ ਨੰਬਰ 12 ਨੇੜੇ ਵੇਅਰ ਹਾਊਸ ਦੇ ਗੋਦਾਮ ਫੁੱਲੂਵਾਲਾ ਰੋਡ ਬੁਢਲਾਡਾ ਵਿਖੇ ਪੈਣਗੇ।ਇਸ ਮੌਕੇ ਉਨ੍ਹਾਂ ਵੱਲੋਂ ਸਮੂਹ ਵਾਰਡ ਵਾਸੀਆਂ ਅਤੇ ਇਲਾਕਾ ਨਿਵਾਸੀਆਂ ਨੂੰ ਬੇਨਤੀ ਕਰਦਿਆਂ ਕਿਹਾ ਕਿ ਵਾਰਡ ਨੰਬਰ 12 ਤੋਂ ਵਾਹਿਗੁਰੂ ਅਤੇ ਆਪ ਸਭ ਦੀ ਕਿਰਪਾ ਸਦਕਾ ਐਮ ਸੀ ਦੀਆਂ ਚੋਣਾਂ ਵਿੱਚ ਮੈਨੂੰ ਜੇਤੂ ਬਣਾਇਆ ਗਿਆ ਹੈ, ਉਸਦੇ ਲਈ ਮੈਂ ਤਹਿ ਦਿਲੋਂ ਧੰਨਵਾਦੀ ਹਾਂ। ਉਨ੍ਹਾਂ ਕਿਹਾ ਕਿ ਇਸ ਜਿੱਤ ਦੀ ਖੁਸ਼ੀ ਵਿੱਚ ਉਨ੍ਹਾਂ ਵੱਲੋਂ ਆਪਣੇ ਘਰ ਵਾਰਡ ਨੰਬਰ 12 ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਜਾ ਰਹੇ ਹਨ, ਜਿਸਦੇ ਲਈ ਉਨ੍ਹਾਂ ਸਮੂਹ ਵਾਰਡ ਵਾਸੀਆਂ ਅਤੇ ਇਲਾਕਾ ਨਿਵਾਸੀਆਂ ਨੂੰ ਖੁਸ਼ੀ ਵਿੱਚ ਉਨ੍ਹਾਂ ਦੇ ਗ੍ਰਹਿ ਵਿਖੇ ਸਮੇਂ ਸਿਰ ਪਹੁੰਚਣ ਦੀ ਕਿਰਪਾਲਤਾ ਕੀਤੀ।

# ਬੇਰੁਜ਼ਗਾਰ ਲਾਈਨਮੈਨਾਂ 'ਤੇ ਕੀਤੇ ਵਹਿਸੀ ਅੱਤਿਆਚਾਰ ਖਿਲਾਫ ਬੀਕੇਯੂ ਉਗਰਾਹਾਂ ਨੇ ਫੂਕੀ ਪੰਜਾਬ ਸਰਕਾਰ ਦੀ ਅਰਥੀ



ਲਹਿਰਾਗਾਗਾ 6 ਜੂਨ (ਰਾਮੇਸ਼ਵਰ ਸ਼ਰਮਾ/ਖੁਸਵਿੰਦਰ ਸ਼ਰਮਾ) ਰੁਜ਼ਗਾਰ ਮੰਗਦੇ ਬੇਰੁਜ਼ਗਾਰ ਲਾਈਨਮੈਨਾ ਤੇ ਸਰਕਾਰੀ ਸਹਿ ਪ੍ਰਾਪਤ ਪਟਿਆਲਾ ਪੁਲਿਸ ਪ੍ਰਸ਼ਾਸਨ ਦੁਆਰਾ ਕੀਤੇ ਗੈਰ -ਮਾਨਵੀ , ਵਹਿਸ਼ੀ ਅੱਤਿਆਚਾਰ ਦੇ ਖਿਲਾਫ ਅੱਜ ਲਹਿਰਾਗਾਗਾ ਵਿਖੇ ਸਮੂਹ ਇਨਸਾਫ ਪਸੰਦ ਜਨਤਕ ਜਥੇਬੰਦੀਆਂ ਦਾ ਲੋਕ-ਰੋਹ ਲਾਵਾ ਬਣ ਕੇ ਫੁੱਟਿਆ ਇਸ ਜਲ੍ਹਿਆਂ ਵਾਲੇ ਬਾਗ ਵਰਗੇ ਅੱਤਿਆਚਾਰ ਦੇ ਖਿਲਾਫ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੀ ਅਰਥੀ ਫੂਕੀ ਗਈ। ਇਸ ਮੌਕੇ ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਪਟਿਆਲਾ ਪੁਲਿਸ ਨੇ ਅੱਤਿਆਚਾਰ ਦੇ ਸਾਰੇ ਰਿਕਾਰਡ ਤੋੜ ਦਿੱਤੇ ।ਇਹ ਅੱਤਿਆਚਾਰ ਨੇ ਜਲ੍ਹਿਆਂ ਵਾਲੇ ਬਾਗ ਦਾ ਸਾਕਾ ਤਾਜ਼ਾ ਕਰ ਦਿੱਤਾ। ਬੁਉਹਨਾਂ ਕਿਹਾ ਕਿ ਲੋਕਤੰਤਰ ਵਿੱਚ ਹਰੇਕ ਨਾਗਰਿਕ ਨੂੰ ਆਪਣੇ ਹੱਕ ਲਈ ਸੰਘਰਸ਼ ਕਰਨ ਦਾ ਪੂਰਾ ਅਧਿਕਾਰ ਹੈ। ਬੁਲਾਰਿਆਂ ਨੇ ਚੇਤਾਵਨੀ ਦਿੱਤੀ ਕਿ ਸਰਕਾਰ ਤਾਨਾਸ਼ਾਹੀ ਰਾਹ ਛੱਡ ਕੇ, ਬੇਰੁਜਗਾਰ ਲਾਈਨਮੈਨਾਂ ਨਾਲ ਤੁਰੰਤ ਗੱਲ ਕਰਕੇ, ਉਹਨਾਂ ਦੇ ਰੁਜ਼ਗਾਰ ਦਾ ਪ੍ਰਬੰਧ ਕਰੇ। ਜੇਕਰ ਸਰਕਾਰ ਨੇ ਆਪਣਾ ਤਾਨਾਸ਼ਾਹੀ ਵਤੀਰਾ ਨਾ ਬਦਲਿਆ ਤਾਂ ਆਉਣ ਵਾਲੇ ਸਮੇਂ ਵਿੱਚ ਸਮੁੱਚੀਆਂ ਜਨਤਕ ਜਥੇਬੰਦੀਆਂ ਸਖਤ ਐਕਸ਼ਨ ਲਈ ਮਜਬੂਰ ਹੋਣਗੀਆਂ। ਇਸ ਸਮੇਂ ਬੀਕੇਯੂ ਉਗਰਾਹਾਂ ਦੇ ਗੁਰਪ੍ਰੀਤ ਸੰਗਤਪੁਰਾ, ਦਰਸ਼ਨ ਚੰਗਾਲੀ ਵਾਲਾ ,ਬਿੰਦਰ ਖੋਖਰ ,ਹਰਸੇਵਕ ਲਹਿਲਾਂ ਨਿੱਕਾ ਸੰਗਤੀਵਾਲਾ, ਦਰਸ਼ਨ ਕੋਟੜਾ ,ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਬੱਲਾ ਸਿੰਘ, ਜਮਹੂਰੀ ਅਧਿਕਾਰ ਸਭਾ ਦੇ ਜਗਜੀਤ ਭੁਟਾਲ, ਡੀਟੀਐਫ ਦੇ ਹਰਭਗਵਾਨ ਗੁਰਨੇ, ਇਮਪਲਾਈਜ ਫੈਡਰੇਸ਼ਨ ਦੇ ਪੂਰਨ ਖਾਈ, ਰਾਮ ਚੰਦਰ, ਬੇਰੁਜ਼ਗਾਰ ਲ ਲਾਈਨਮੈਨਾਂ ਦੇਗੁਰਬਾਜ ਸਿੰਘ, ਜਗਸੀਰ ਸਿੰਘ, ਕੁੱਲ ਹਿੰਦ ਕਿਸਾਨ ਫੈਡਰੇਸ਼ਨ ਦੇ ਲਛਮਣ ਅਲੀ ਸ਼ੇਰ ਹਾਜ਼ਰ ਸਨ।

# ਛਾਂਦਾਰ ਅਤੇ ਵਾਤਾਵਰਨ ਪੱਖੀ ਬੂਟੇ ਲਗਾਏ




ਦਿੜ੍ਹਬਾ ਮੰਡੀ, 6 ਜੂਨ (ਸੁਖਵਿੰਦਰ ਸਿੰਘ ਵਿਰਕ) : ਵਿਸ਼ਵ ਵਾਤਾਵਰਣ ਦਿਵਸ ਦੇ ਮੌਕੇ 'ਤੇ ਜਿਓ-ਬੀਪੀ ਵੱਲੋਂ ਵਾਤਾਵਰਣ ਸੰਭਾਲ ਅਤੇ ਹਰਿਆਲੀ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਵਿਸ਼ਾਲ ਰੁੱਖ ਲਗਾਓ ਮੁਹਿੰਮ ਦਾ ਆਗਾਜ਼ ਕੀਤਾ ਗਿਆ। ਇਹ ਮੁਹਿੰਮ ਜਿਓ-ਬੀਪੀ ਦੇ ਸਟੇਟ ਹੈੱਡ ਉਲਾਸ ਬਾਤਰਾ ਦੀ ਪ੍ਰੇਰਣਾ ਸਦਕਾ ਐਸ.ਓ.ਐਮ. ਆਯੂਬ ਮੌਲਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਸੇਲਜ਼ ਮੈਨੇਜਰ ਪੀਯੂਸ਼ ਕੁਮਾਰ ਦੀ ਅਗਵਾਈ ਹੇਠ ਚਲਾਈ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਅਮਨ ਫੀਲਿੰਗ ਸਟੇਸ਼ਨ ਦੇ ਡੀਲਰ ਅਮਨਪ੍ਰੀਤ ਸਿੰਘ ਨਹਿਲ ਨੇ ਦੱਸਿਆ ਕਿ ਮੁਹਿੰਮ ਦੌਰਾਨ ਵੱਖ-ਵੱਖ ਥਾਵਾਂ ਤੇ ਛਾਂਦਾਰ ਅਤੇ ਵਾਤਾਵਰਣ ਪੱਖੀ ਬੂਟੇ ਲਗਾਏ ਗਏ। ਉਨ੍ਹਾਂ ਦੱਸਿਆ ਕਿ ਇਨ੍ਹਾਂ ਬੂਟਿਆਂ ਵਿੱਚ ਮੁੱਖ ਤੌਰ ਤੇ ਨਿੰਮ, ਬਰੋਟਾ, ਪਿੱਪਲ, ਟਾਹਲੀ, ਡੇਕ, ਪੀਲਕਣ, ਸ਼ਹਿਤੂਤ ਅਤੇ ਹੋਰ ਛਾਂਦਾਰ ਰੁੱਖਾਂ ਨੂੰ ਸ਼ਾਮਲ ਕੀਤਾ ਗਿਆ ਹੈ। ਇਨ੍ਹਾਂ ਬੂਟਿਆਂ ਨੂੰ ਵੱਖ-ਵੱਖ ਥਾਵਾਂ ਤੇ ਲਗਾਉਣ ਦਾ ਮਕਸਦ ਆਉਣ ਵਾਲੇ ਸਮੇਂ ਵਿੱਚ ਆਮ ਲੋਕਾਂ ਲਈ ਛਾਂ ਦੀ ਸਹੂਲਤ ਉਪਲਬਧ ਕਰਵਾਉਣਾ ਅਤੇ ਵਾਤਾਵਰਣ ਨੂੰ ਪ੍ਰਦੂਸ਼ਣ ਤੋਂ ਬਚਾਉਣਾ ਹੈ।ਉਨ੍ਹਾਂ ਕਿਹਾ ਕਿ ਰੁੱਖ ਮਨੁੱਖੀ ਜੀਵਨ ਦਾ ਅਹਿਮ ਆਧਾਰ ਹਨ ਅਤੇ ਵਧ ਰਹੇ ਪ੍ਰਦੂਸ਼ਣ, ਗਲੋਬਲ ਵਾਰਮਿੰਗ ਅਤੇ ਜਲਵਾਯੂ ਪਰਿਵਰਤਨ ਵਰਗੀਆਂ ਚੁਣੌਤੀਆਂ ਦਾ ਮੁਕਾਬਲਾ ਕਰਨ ਲਈ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਲੋੜ ਹੈ। ਜਿਓ-ਬੀਪੀ ਦੀ ਇੱਕ ਧਰਤੀ, ਇੱਕ ਭਵਿੱਖ ਮੁਹਿੰਮ ਤਹਿਤ ਕੁਦਰਤ ਦੀ ਮੁੜ ਬਹਾਲੀ, ਮਜ਼ਬੂਤ ਭਾਈਚਾਰਿਆਂ ਦੀ ਉਸਾਰੀ ਅਤੇ ਸੁਰੱਖਿਅਤ ਭਵਿੱਖ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਇਸ ਮੌਕੇ ਵਾਤਾਵਰਣ ਪ੍ਰੇਮੀਆਂ ਅਤੇ ਆਮ ਲੋਕਾਂ ਨੂੰ ਵੀ ਮੁਫ਼ਤ ਬੂਟੇ ਵੰਡੇ ਗਏ ਅਤੇ ਉਨ੍ਹਾਂ ਨੂੰ ਆਪਣੇ ਘਰਾਂ, ਖੇਤਾਂ, ਸਕੂਲਾਂ ਅਤੇ ਜਨਤਕ ਥਾਵਾਂ ਤੇ ਰੁੱਖ ਲਗਾਉਣ ਲਈ ਪ੍ਰੇਰਿਤ ਕੀਤਾ ਗਿਆ। ਮੁਹਿੰਮ ਵਿੱਚ ਸ਼ਾਮਲ ਕਰਮਚਾਰੀਆਂ ਅਤੇ ਹੋਰ ਹਾਜ਼ਰ ਲੋਕਾਂ ਨੇ ਬੂਟਿਆਂ ਦੀ ਸੰਭਾਲ ਕਰਨ ਅਤੇ ਵਾਤਾਵਰਣ ਦੀ ਰੱਖਿਆ ਲਈ ਆਪਣਾ ਯੋਗਦਾਨ ਪਾਉਣ ਦਾ ਸੰਕਲਪ ਵੀ ਲਿਆ।ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਵਾਤਾਵਰਣ ਦੀ ਸੰਭਾਲ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ ਅਤੇ ਹਰ ਵਿਅਕਤੀ ਵੱਲੋਂ ਲਗਾਇਆ ਗਿਆ ਇੱਕ ਰੁੱਖ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼-ਸੁਥਰੇ ਅਤੇ ਹਰਿਆ-ਭਰਿਆ ਭਵਿੱਖ ਦੀ ਨੀਂਹ ਬਣ ਸਕਦਾ ਹੈ।

# ਜਗਾ ਰਾਮ ਤੀਰਥ ਸਕੂਲ ਵਿਖੇ ਵਾਤਾਵਰਨ ਸੰਭਾਲ ਲਈ ਲਗਾਏ ਬੂਟੇ




ਤਲਵੰਡੀ ਸਾਬੋ, 6 ਜੂਨ (ਰਾਮ ਜਿੰਦਲ ਜਗਾ) : ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਜਗਾ ਰਾਮ ਤੀਰਥ ਵਿਖੇ ਅੱਜ ਵਿਸ਼ਵ ਵਾਤਾਵਰਨ ਦਿਵਸ ਬਹੁਤ ਹੀ ਉਤਸ਼ਾਹ ਅਤੇ ਵਚਨਬੱਧਤਾ ਨਾਲ ਮਨਾਇਆ ਗਿਆ। ਸਕੂਲ ਦੇ ਈਕੋ ਕਲੱਬ ਦੀ ਅਗਵਾਈ ਵਿੱਚ ਕੈਂਪਸ ਨੂੰ ਹਰਿਆ-ਭਰਿਆ ਅਤੇ ਪ੍ਰਦੂਸ਼ਨ ਮੁਕਤ ਬਣਾਉਣ ਲਈ ਇੱਕ ਵਿਸ਼ੇਸ਼ ਪੌਦੇ ਲਗਾਉਣ ਦੀ ਮੁਹਿੰਮ ਚਲਾਈ ਗਈ ਇਸ ਮੌਕੇ ਹਾਜ਼ਰ ਸਟਾਫ਼ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਮੈਥ ਅਧਿਆਪਕ ਸ੍ਰੀ ਹਰਮੇਸ਼ ਕੁਮਾਰ ਨੇ ਇੱਕ ਵਿਸ਼ੇਸ਼ ਸੁਨੇਹਾ ਦਿੱਤਾ। ਉਨ੍ਹਾਂ ਕਿਹਾ ਕਿ ਅੱਜ ਗਲੋਬਲ ਵਾਰਮਿੰਗ ਅਤੇ ਵਾਤਾਵਰਨ ਵਿਗੜਨ ਦੀ ਸਮੱਸਿਆ ਦਾ ਇੱਕੋ-ਇੱਕ ਪੱਕਾ ਹੱਲ ਵੱਧ ਤੋਂ ਵੱਧ ਰੁੱਖ ਲਗਾਉਣਾ ਅਤੇ ਉਨ੍ਹਾਂ ਦੀ ਸੰਭਾਲ ਕਰਨਾ ਹੈ। ਉਨ੍ਹਾਂ ਸਮੂਹ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਜੀਵਨ ਦੇ ਹਰ ਖ਼ਾਸ ਦਿਨ ਤੇ ਇੱਕ ਪੌਦਾ ਜ਼ਰੂਰ ਲਗਾਉਣ। ਹਿੰਦੀ ਅਧਿਆਪਕ ਸ੍ਰੀ ਵੀਨੀਤ ਕੁਮਾਰ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਮਨੁੱਖ ਅਤੇ ਕੁਦਰਤ ਦਾ ਰਿਸ਼ਤਾ ਸਦੀਆਂ ਪੁਰਾਣਾ ਹੈ। ਜੇਕਰ ਅਸੀਂ ਅੱਜ ਕੁਦਰਤ ਦੀ ਸੰਭਾਲ ਨਹੀਂ ਕਰਾਂਗੇ। ਇਸ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਸ੍ਰੀ ਜਗਮੀਤ ਸਿੰਘ ਲਾਇਬਰੇਰੀਅਨ ਵੱਲੋਂ ਵਿਸ਼ੇਸ਼ ਤੌਰ ਤੇ ਵੱਖ-ਵੱਖ ਕਿਸਮਾਂ ਦੇ ਛਾਂਦਾਰ, ਫਲਦਾਰ ਅਤੇ ਫੁੱਲਾਂ ਵਾਲੇ ਬੂਟਿਆਂ ਦਾ ਪ੍ਰਬੰਧ ਕੀਤਾ ਗਿਆ। ਪੌਦੇ ਲਗਾਉਣ ਦੀ ਇਸ ਰਸਮ ਦੌਰਾਨ ਕੈਂਪਸ ਮੈਨੇਜਰ ਹਰਭਜਨ ਸਿੰਘ ਨੇ ਸਕੂਲ ਦੀ ਦਿੱਖ ਨੂੰ ਸੁੰਦਰ ਬਣਾਉਣ ਅਤੇ ਲਗਾਏ ਗਏ ਪੌਦਿਆਂ ਦੀ ਸਹੀ ਦੇਖਭਾਲ ਯਕੀਨੀ ਬਣਾਉਣ ਦਾ ਜ਼ਿੰਮਾ ਲਿਆ। ਇਸ ਮੌਕੇ ਸੁਖਵਿੰਦਰ ਸਿੰਘ ਨੇ ਵੀ ਪੌਦੇ ਲਗਾਉਣ ਵਿੱਚ ਅਹਿਮ ਯੋਗਦਾਨ ਪਾਇਆ। ਵਿਦਿਆਰਥੀਆਂ ਵੱਲੋਂ ਗੁਰਨੂਰ ਸਿੰਘ ਅਤੇ ਉਸ ਦੇ ਸਾਥੀਆਂ ਨੇ ਬੜੇ ਉਤਸ਼ਾਹ ਨਾਲ ਟੋਏ ਪੁੱਟਣ ਅਤੇ ਪੌਦਿਆਂ ਨੂੰ ਪਾਣੀ ਦੇਣ ਦੀ ਸੇਵਾ ਨਿਭਾਈ।

# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਵੱਖ-ਵੱਖ ਅਹੁਦੇਦਾਰਾਂ ਨਾਲ ਮੀਟਿੰਗ



ਮਲੋਟ, 6 ਜੂਨ ( ਐਚ ਐਸ ਕਪੂਰ ) : ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਰਾਜ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਸ਼ੁਰੂ ਕੀਤੀ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਸੂਬੇ ਵਿੱਚ ਨਸ਼ਿਆਂ ਦਾ ਮੁਕੰਮਲ ਤੌਰ 'ਤੇ ਖਾਤਮਾ ਕਰਨ ਲਈ ਪਿੰਡਾਂ ਅਤੇ ਵਾਰਡਾਂ ਵਿੱਚ ਜ਼ਮੀਨੀ ਪੱਧਰ 'ਤੇ ਠੋਸ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਇਹ ਜਾਣਕਾਰੀ ਸ੍ਰੀ ਪੰਕਜ ਕੁਮਾਰ ਐਸ.ਡੀ.ਐਮ. ਮਲੋਟ ਨੇ ਹਲਕਾ ਇੰਚਾਰਜਾਂ, ਬਲਾਕ ਕੋਆਰਡੀਨੇਟਰਾਂ, ਵਲੰਟੀਅਰਾਂ, ਪੰਚਾਇਤੀ ਨੁਮਾਇੰਦਿਆਂ ਅਤੇ ਵਿਲੇਜ ਡਿਫੈਂਸ ਕਮੇਟੀ ਦੇ ਮੈਂਬਰਾਂ ਨਾਲ ਮਲੋਟ ਵਿਖੇ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਦਿੱਤੀ।ਉਹਨਾਂ ਦੱਸਿਆ ਕਿ ਸਰਕਾਰ ਨਸ਼ਿਆਂ ਦੇ ਖਾਤਮੇ ਲਈ ਜੰਗੀ ਪੱਧਰ 'ਤੇ ਕੰਮ ਕਰ ਰਹੀ ਹੈ ਅਤੇ ਨਸ਼ਿਆਂ 'ਤੇ ਕਾਬੂ ਪਾਉਣ ਲਈ ਪੰਜਾਬ ਸਰਕਾਰ ਵੱਲੋਂ ਵੱਡੀ ਕਾਰਵਾਈ ਕਰਦਿਆਂ ਨਸ਼ਾ ਤਸਕਰਾਂ ਵਿਰੁੱਧ ਸਖਤ ਕਾਰਵਾਈ ਕੀਤੀ ਜਾ ਰਹੀ ਹੈ।ਇਸ ਮੌਕੇ ਡੀ.ਐਸ.ਪੀ. ਜਸਪਾਲ ਸਿੰਘ ਨੇ ਕਿਹਾ ਕਿ ਕਿ ਜੇਕਰ ਤੁਹਾਡੇ ਆਸ-ਪਾਸ ਕੋਈ ਨਸ਼ਾ ਵੇਚਦਾ ਹੈ ਤਾਂ ਉਸ ਦੀ ਜਾਣਕਾਰੀ ਪੁਲਿਸ ਪ੍ਰਸ਼ਾਸਨ ਨੂੰ ਦਿੱਤੀ ਜਾਵੇ ਉਸ 'ਤੇ ਤੁਰੰਤ ਕਾਰਵਾਈ ਕੀਤੀ ਜਾਵੇਗੀ ਅਤੇ ਸੂਚਨਾਂ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ।ਉਹਨਾਂ ਕਿਹਾ ਕਿ ਪੰਜਾਬ ਸਰਕਾਰ ਪੰਜਾਬ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਦ੍ਰਿੜ੍ਹ ਹੈ ਅਤੇ ਜਿੱਥੇ ਨਸ਼ਿਆਂ ਦੇ ਸੁਦਾਗਰਾਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ ਤੇ ਉਹਨਾਂ ਦੀਆਂ ਜਾਇਦਾਦਾਂ ਵੀ ਜਬਤ ਕੀਤੀਆਂ ਜਾ ਰਹੀਆਂ ਹਨ, ਉੱਥੇ ਹੀ ਇਸ ਦੇ ਮਾੜੇ ਪ੍ਰਭਾਵਾਂ ਪ੍ਰਤੀ ਲੋਕਾਂ ਨੂੰ ਵੱਡੀ ਪੱਧਰ 'ਤੇ ਜਾਗਰੂਕ ਵੀ ਕੀਤਾ ਜਾ ਰਿਹਾ ਹੈ।ਇਸ ਮੌਕੇ ਗੁਰਪ੍ਰੀਤ ਸਿੰਘ ਵਿਰਦੀ ਹਲਕਾ ਕੋਆਰਡੀਨੇਟਰ ਨਸ਼ਾ ਮੁਕਤੀ ਮੋਰਚਾ, ਨਵਦੀਪ ਸਿੰਘ ਔਲਖ ਹਲਕਾ ਵਾਈਸ ਕੋਆਰਡੀਨੇਟਰ, 'ਆਪ' ਆਗੂ ਰਮੇਸ਼ ਅਰਨੀਵਾਲਾ, ਦੀਪਕ ਕੁਮਾਰ ਬਲਾਕ ਕੋਆਰਡੀਨੇਟਰ, ਰਮਨ ਕੁਮਾਰ ਬਲਾਕ ਕੋਆਰਡੀਨੇਟਰ, ਮਨਜੀਤ ਸਿੰਘ ਬੱਲਮਗੜ੍ਹ ਬਲਾਕ ਕੋਆਰਡੀਨੇਟਰ, ਇਕਬਾਲ ਸਿੰਘ ਭੰਗਚੜ੍ਹੀ ਬਲਾਕ ਕੋਆਰਡੀਨੇਟਰ, ਲਾਭ ਸਿੰਘ ਬਲਾਕ ਕੋਆਰਡੀਨੇਟਰ, ਕੁਲਦੀਪ ਸਿੰਘ ਗੰਧੜ ਬਲਾਕ ਕੋਆਰਡੀਨੇਟਰ, ਗੁਰਚਰਨ ਸਿੰਘ ਬਲਾਕ ਕੋਆਰਡੀਨੇਟਰ, ਗੁਰਦੀਪ ਸਿੰਘ ਸੋਥਾ ਬਲਾਕ ਕੋਆਰਡੀਨੇਟਰ, ਗੁਰਤੇਜ ਢਿੱਲੋਂ ਬਲਾਕ ਕੋਆਰਡੀਨੇਟਰ, ਅਸ਼ੋਕ ਕੁਮਾਰ ਔਲਖ ਬਲਾਕ ਕੋਆਰਡੀਨੇਟਰ, ਸ਼ਹਿਰੀ ਪ੍ਰਧਾਨ ਰਾਜੀਵ ਉੱਪਲ, ਕੌਂਸਲਰ ਜਸਮੀਤ ਬਰਾੜ, ਜਗਤੇਜ਼ ਸਿੰਘ, ਗਗਨਦੀਪ ਸਿੰਘ, ਨਵਦੀਪ ਸਿੰਘ ਛਿੰਦਾ, ਜਗਨ ਨਾਥ ਸ਼ਰਮਾ, ਨਿਰਮਲ ਸਿੰਘ ਪ੍ਰਧਾਨ ਬੀ ਸੀ ਸੈਲ, ਸੁਰਜੀਤ ਸਿੰਘ ਅਤੇ ਵੱਡੀ ਗਿਣਤੀ ਵਿੱਚ ਬਲਾਕ ਕੋਆਰਡੀਨੇਟਰ, ਵਲੰਟੀਅਰਜ਼, ਪੰਚਾਇਤੀ ਨੁਮਾਇੰਦੇ ਅਤੇ ਵਿਲੇਜ ਡਿਫੈਂਸ ਕਮੇਟੀ ਦੇ ਮੈਂਬਰ ਮੌਜੂਦ ਸਨ।

# ਸਰਕਾਰੀ ਕਾਲਜ ਵਿਖੇ ਮਨਾਇਆ ਗਿਆ ਵਿਸ਼ਵ ਵਾਤਾਵਰਨ ਦਿਵਸ




ਸੁਨਾਮ, 6 ਜੂਨ (ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ) :ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ (ਸੁਨਾਮ) ਵਿਖੇ ਪ੍ਰਿੰਸੀਪਲ ਡੀ.ਡੀ.ਓ. ਸ੍ਰੀ ਸ਼ਾਮ ਸੁੰਦਰ ਸ਼ਰਮਾ ਦੀ ਰਹਿਨੁਮਾਈ ਹੇਠ ਐਨ.ਐਸ.ਐਸ. ਵਿਭਾਗ ਵੱਲੋਂ ਲਾਇਨਜ਼ ਕਲੱਬ 63 (ਪ੍ਰਾਇਸ) ਅਤੇ ਜੰਗਲਾਤ ਵਿਭਾਗ ਸਨਾਮ ਅਤੇ ਸੰਗਰੂਰ ਦੇ ਸਹਿਯੋਗ ਨਾਲ ਵਿਸ਼ਵ ਵਾਤਾਵਰਨ ਦਿਵਸ ਮਨਾਇਆ ਗਿਆ। ਇਸ ਮੌਕੇ ਵਾਈਸ ਪ੍ਰਿੰਸੀਪਲ ਡਾਕਟਰ ਅੰਚਲਾ ਅਤੇ ਐਨ.ਐਸ.ਐਸ. ਵਿਭਾਗ ਪ੍ਰੋਗਰਾਮ ਅਫਸਰ ਪ੍ਰੋਫੈਸਰ ਗੁਰਪ੍ਰੀਤ ਸਿੰਘ, ਡਾਕਟਰ ਮਨੀਤਾ ਜੋਸ਼ੀ, ਪ੍ਰੋਫੈਸਰ ਕਾਲਾ ਸਿੰਘ, ਡਾਕਟਰ ਮਨਪ੍ਰੀਤ ਹਾਂਡਾ ਨੇ ਪਹੁੰਚੇ ਮਹਿਮਾਨਾਂ ਦਾ ਸਵਾਗਤ ਕੀਤਾ। ਜੰਗਲਾਤ ਵਿਭਾਗ ਤੋਂ ਬਲਾਕ ਅਫਸਰ ਮੈਡਮ ਗੁਰਪ੍ਰੀਤ ਕੌਰ ਅਤੇ ਲਾਇਨਸ ਕਲੱਬ (ਪ੍ਰਾਇਸ) ਤੇ ਪ੍ਰਧਾਨ ਪਵਿੱਤਰ ਸਿੰਗਲਾ ਜੀ ਨੇ ਵਲੰਟੀਅਰਜ ਨੂੰ ਵਾਤਾਵਰਨ ਦਿਵਸ ਦੀ ਵਧਾਈ ਦਿੰਦੇ ਹੋਏ, ਵਾਤਾਵਰਣ ਵਿੱਚ ਵੱਧ ਤੋਂ ਵੱਧ ਬੂਟੇ ਲਗਾਉਣ ਲਈ ਪ੍ਰੇਰਿਤ ਕਰਦੇ ਹੋਏ, ਅੱਜ ਦੇ ਦਿਨ ਦੀ ਮਹੱਤਤਾ ਬਾਰੇ ਵੀ ਜਾਣੂ ਕਰਵਾਇਆ। ਇਸ ਮੌਕੇ ਜਿੱਥੇ ਜੰਗਲਾਤ ਵਿਭਾਗ ਵੱਲੋਂ ਕਾਲਜ ਦੇ ਵੱਖ-ਵੱਖ ਪਾਰਕਾਂ ਵਿੱਚ ਬੂਟੇ ਲਗਾਏ ਗਏ ਉੱਥੇ ਹੀ ਲਾਈਨ ਕਲੱਬ (ਪ੍ਰਾਇਸ) ਨੇ ਪੌਦਿਆਂ ਦੇ ਨਾਲ ਨਾਲ ਐਨ.ਐਸ.ਐਸ. ਵਿਭਾਗ ਨੂੰ ਪਾਣੀ ਦੀ ਪਾਈਪ ਦੇ ਦਿੱਤੀ ਤਾਂ ਜੋ ਇਨਾ ਲਗਾਏ ਗਏ ਬੂਟਿਆਂ ਨੂੰ ਬਾਅਦ ਵਿੱਚ ਇਹਨਾਂ ਦੀ ਸੰਭਾਲ ਕੀਤੀ ਜਾਵੇ। ਇਸ ਪ੍ਰੋਗਰਾਮ ਦੇ ਆਖਿਰ ਵਿੱਚ ਜਸਪ੍ਰੀਤ ਕੌਰ, ਖੁਸ਼ਕਰਨ ਸਿੰਘ (ਬੇਦੀ) ਨੂੰ ਲਗਾਈ ਗਈ ਟ੍ਰੇਨਿੰਗ ਲਈ ਸਨਮਾਨਿਤ ਕੀਤਾ। ਨਾਲ ਹੀ ਪੋਸਟਰ ਮੇਕਿੰਗ ਮੁਕਾਬਲੇ ਦੇ ਜੇਤੂ ਵਲੰਟੀਅਰਜ ਨੂੰ ਵੀ ਸਨਮਾਨਿਤ ਕੀਤਾ ਗਿਆ। ਇਸ ਮੌਕੇ ਲਾਇਨਸ ਕਲੱਬ ਤੋਂ ਪਵਿੱਤਰ ਸਿੰਗਲਾ, ਅੰਕੁਰ ਜਖਮੀ , ਰਾਕੇਸ਼ ਬੱਬੂ, ਰੁਪਿੰਦਰ, ਜੰਗਲਾਤ ਵਿਭਾਗ ਤੋਂ ਮੈਡਮ ਗੁਰਪ੍ਰੀਤ ਕੌਰ, ਰੁਪਿੰਦਰ ਸਿੰਘ, ਸੁਖਚੈਨ ਸਿੰਘ, ਮਨਪ੍ਰੀਤ ਸਿੰਘ ਅਤੇ ਕਾਲਜ ਵਿੱਚ ਡਾਕਟਰ ਪਰਮਿੰਦਰ ਕੌਰ, ਡਾਕਟਰ ਕੁਲਦੀਪ ਸਿੰਘ ਵਾਹਿਆ, ਕੁਲਦੀਪ ਸਿੰਘ ਸ਼ਾਮਿਲ ਹੋਏ।



# ਪਟਿਆਲਾ-ਆਸ/ਪਾਸ



# ਜੂਨ '84 ਸਾਲਾਨਾ ਵਰ੍ਹੇਗੰਢ ਮੌਕੇ ਅਰਦਾਸ ਸਮਾਗਮ ਦੌਰਾਨ ਸਮੂਹ ਸ਼ਹੀਦਾਂ ਨੂੰ ਸ਼ਰਧਾ ਸਤਿਕਾਰ ਭੇਟ

### ➢ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਢਹਿ ਢੇਰੀ ਕਰਨ ਲਈ ਰਚੀ ਸਾਜਿਸ਼, ਕੌਮ ਕਦੇ ਵੀ ਭੁਲਾ ਨਹੀਂ ਸਕਦੀ : ਪ੍ਰੋ. ਬਡੂੰਗਰ, ਜਥੇ: ਗੜ੍ਹੀ

### ➢ਗੁਰਦੁਆਰਾ ਪ੍ਰਬੰਧਕਾਂ ਨੇ ਬੰਦੀ ਸਿੱਖ ਭਾਈ ਗੁਰਮੀਤ ਸਿੰਘ ਸਮੇਤ ਸ਼ਹੀਦ ਪਰਿਵਾਰਾਂ ਨੂੰ ਸਿਰੋਪਾਓ ਭੇਟ ਕੀਤੇ



ਪਟਿਆਲਾ, 6 ਜੂਨ (ਰੁਪਾਣਾ/ਵਿਨੋਦ ਸ਼ਰਮਾ/ਅਮਰਜੀਤ) : ਸ੍ਰੀ ਅਕਾਲ ਤਖਤ ਸਾਹਿਬ ਵਿਖੇ ਜੂਨ '84 ਦੇ ਸ਼ਹੀਦਾਂ ਦੀ ਸਾਲਾਨਾ ਯਾਦ 'ਚ ਸ਼੍ਰੋਮਣੀ ਕਮੇਟੀ ਪ੍ਰਬੰਧ ਅਧੀਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਸ਼ਹੀਦੀ ਸਮਾਗਮ ਕਰਵਾਇਆ ਗਿਆ। ਸ਼ਹੀਦਾਂ ਦੀ ਯਾਦ ਵਿਚ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਅਰਦਾਸ ਸਮਾਗਮ ਦੌਰਾਨ ਜੂਨ 1984 ਦੇ ਸ਼ਹੀਦਾਂ ਨੂੰ ਸ਼ਰਧਾ ਸਤਿਕਾਰ ਭੇਟ ਕੀਤਾ ਗਿਆ। ਇਸ ਮੌਕੇ ਹਜ਼ੂਰੀ ਕੀਰਤਨੀ ਜਥਿਆਂ ਪਾਸੋਂ ਗੁਰਬਾਣੀ ਸਰਵਣ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ, ਉਥੇ ਹੀ ਭਾਈ ਗੁਰਪਿਆਰ ਸਿੰਘ ਦੇ ਢਾਡੀ ਜਥੇ ਨੇ ਵੀ ਸੰਗਤਾਂ ਨੂੰ ਗੁਰੂ ਇਤਿਹਾਸ ਨਾਲ ਜੋੜਨ ਦਾ ਉਪਰਾਲਾ ਕੀਤਾ। ਇਸ ਦੌਰਾਨ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਸਰਬੱਤ ਦੇ ਭਲੇ ਦੀ ਅਰਦਾਸ ਵੀ ਕੀਤੀ। ਇਸ ਦੌਰਾਨ ਸ਼੍ਰੋਮਣੀ ਅਕਾਲੀ ਦਲ ਅਤੇ ਸ਼੍ਰੋਮਣੀ ਕਮੇਟੀ ਮੈਂਬਰਾਂ ਨੇ ਅਰਦਾਸ ਸਮਾਗਮ ਵਿਚ ਸ਼ਿਰਕਤ ਕਰਦਿਆਂ ਸ਼ਹੀਦਾਂ ਨੂੰ ਸ਼ਰਧਾ ਸਤਿਕਾਰ ਭੇਟ ਕਰਦਿਆਂ ਆਖਿਆ ਕਿਹਾ ਕਿ ਜੂਨ '84 ਦੁਖਾਂਤ ਕੌਮ ਲਈ ਨਾਭੁੱਲਣਯੋਗ ਦਰਦ ਬਣ ਚੁੱਕਿਆ ਹੈ। ਇਸ ਮੌਕੇ ਅਰਦਾਸ ਸਮਾਗਮ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਸ਼੍ਰੋਮਣੀ ਅਕਾਲੀ ਦਲ ਦੇ ਸ਼ਹਿਰੀ ਪ੍ਰਧਾਨ ਅਮਿੱਤ ਸਿੰਘ ਰਾਠੀ ਤੋਂ ਇਲਾਵਾ ਜੂਨ '84 ਦੇ ਸਾਕੇ ਦੌਰਾਨ ਸ਼ਹੀਦੀਆਂ ਪਾਉਣ ਵਾਲੇ ਪਰਿਵਾਰਾਂ ਨੇ ਵੀ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਜੂਨ 1984 ਦੇ ਸ਼ਹੀਦਾਂ ਨੂੰ ਯਾਦ ਕਰਦਿਆਂ ਸੰਗਤਾਂ ਨੂੰ ਜਾਣੂੰ ਕਰਵਾਇਆ, ਉਥੇ ਹੀ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਅਤੇ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਨੇ ਸ਼ਹੀਦਾਂ ਨੂੰ ਸ਼ਰਧਾ ਸਤਿਕਾਰ ਭੇਟ ਕਰਦਿਆਂ ਕਿਹਾ ਕਿ ਦੁਨੀਆ ਦੇ ਇਤਿਹਾਸਕ ਅਤੇ ਮੁਕੱਦਸ ਅਸਥਾਨ ਸ੍ਰੀ ਅਕਾਲ ਤਖਤ ਸਾਹਿਬ ਨੂੰ ਢਹਿ ਢੇਰੀ ਕਰਨ ਲਈ ਉਸ ਸਮੇਂ ਦੀ ਕੇਂਦਰੀ ਹਕੂਮਤੀ ਸਰਕਾਰ ਦੇ ਇਸ਼ਾਰੇ 'ਤੇ ਭਾਰਤੀ ਫੌਜਾਂ ਵੱਲੋਂ ਕੀਤਾ ਗਿਆ ਹਮਲਾ ਸਿੱਖਾਂ ਦੀ ਨਸਲਕੁਸ਼ੀ ਕਰਨ ਵਾਲਾ ਕਦਮ ਸੀ। ਉਨ੍ਹਾਂ ਕਿਹਾ ਕਿ ਧਰਮ ਦੀ ਰੱਖਿਆ ਕਰਦਿਆਂ ਸੰਘਰਸ਼ੀ ਯੋਧਿਆਂ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ, ਭਾਈ ਸ਼ੁਬੇਗ ਸਿੰਘ ਅਤੇ ਭਾਈ ਅਮਰੀਕ ਸਿੰਘ ਸਮੇਤ ਅਨੇਕਾਂ ਹੀ ਸਿੰਘਾਂ ਨੇ ਭਾਰਤੀ ਫੌਜਾਂ ਨੂੰ ਮੂੰਹ ਤੋੜਵਾਂ ਜਵਾਬ ਦਿੰਦਿਆਂ ਸ਼ਹੀਦੀਆਂ ਪ੍ਰਾਪਤ ਕੀਤੀਆਂ ਅਤੇ ਸਬਕ ਸਿਖਾਇਆ ਕਿ ਸਿੱਖ ਕੌਮ ਕਦੇ ਵੀ ਅਜਿਹੇ ਹਮਲਿਆਂ ਨੂੰ ਬਰਦਾਸ਼ਤ ਨਹੀਂ ਕਰੇਗੀ। ਸ੍ਰੀ ਅਕਾਲ ਤਖਤ ਸਾਹਿਬ ਨੂੰ ਢਹਿ ਢੇਰੀ ਕਰਨ ਲਈ ਭਾਰਤ ਸਰਕਾਰ ਵੱਲੋਂ ਕੀਤਾ ਗਿਆ ਹਮਲਾ ਸੋਚੀ ਸਮਝੀ ਸਾਜਿਸ਼ ਸੀ, ਜਿਸ ਨੂੰ ਕੌਮ ਕਦੇ ਵੀ ਭੁਲਾ ਨਹੀਂ ਸਕਦੀ। ਉਨ੍ਹਾਂ ਕਿਹਾ ਕਿ ਜੂਨ 1984 ਸਿੱਖ ਕੌਮ ਨੂੰ ਦਿੱਤਾ ਗਿਆ ਅਜਿਹਾ ਦਰਦ ਹੈ, ਜਿਸ ਦੀ ਚੀਸ ਰਹਿੰਦੀ ਦੁਨੀਆ ਤੱਕ ਪੈਂਦੀ ਰਹੇਗੀ। ਉਨ੍ਹਾਂ ਕਿਹਾ ਕਿ ਅਜਿਹੇ ਦੁਖਾਂਤ ਅਤੇ ਘਟਨਾਵਾਂ ਪ੍ਰਤੀ ਕੌਮ ਨੂੰ ਸੁਚੇਤ ਰਹਿਣ ਦੀ ਲੋੜ ਹੈ। ਅਰਦਾਸ ਸਮਾਗਮ ਦੌਰਾਨ ਗੁਰਦੁਆਰਾ ਪ੍ਰਬੰਧਕ ਮੈਨੇਜਰ ਭਾਗ ਸਿੰਘ ਅਤੇ ਸਮੂਹ ਮੈਂਬਰ ਸਾਹਿਬਾਨ ਨੇ ਬੰਦੀ ਸਿੱਖ ਭਾਈ ਗੁਰਮੀਤ ਸਿੰਘ, ਬੀਬੀ ਜਸਮੀਤ ਕੌਰ ਛੀਨਾ ਸਮੇਤ ਸ਼ਹੀਦ ਪਰਿਵਾਰਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਵੀ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਬਾ ਸੁਖਦੇਵ ਸਿੰਘ, ਹੈਡ ਗ੍ਰੰਥੀ ਗਿਆਨੀ ਅਕਾਲੀ ਫੂਲਾ ਸਿੰਘ, ਹੈਡ ਗ੍ਰੰਥੀ ਭਾਈ ਹਰਵਿੰਦਰ ਸਿੰਘ, ਮੀਤ ਮੈਨੇਜਰ ਨਵਜਿੰਦਰ ਸਿੰਘ, ਮਨਜੀਤ ਸਿੰਘ, ਸਾਬਕਾ ਮੈਨੇਜਰ ਅਜਾਇਬ ਸਿੰਘ ਗਿੱਲ, ਸਾਬਕਾ ਸਕੱਤਰ ਗੁਰਦਰਸ਼ਨ ਸਿੰਘ, ਅਮਰਿੰਦਰ ਸਿੰਘ ਤੂੜ, ਸਾਬਕਾ ਹੈਡ ਗ੍ਰੰਥੀ ਸੁਖਦੇਵ ਸਿੰਘ ਭਾਈ, ਨਵਲਜੀਤ ਸਿੰਘ, ਸਾਬਕਾ ਚੇਅਰਮੈਨ ਲਖਵੀਰ ਸਿੰਘ ਲੌਟ, ਭੁਪਿੰਦਰ ਸਿੰਘ ਸ਼ੇਖੂਪੁਰਾ, ਗੁਰਦੀਪ ਸਿੰਘ ਸ਼ੇਖੂਪੁਰਾ, ਮਨਿੰਦਰ ਸਿੰਘ, ਨਰਿੰਦਰ ਸਿੰਘ ਸੰਧੂ, ਭਾਈ ਸਰਬਜੀਤ ਸਿੰਘ, ਸੁਰਿੰਦਰ ਸਿੰਘ ਘੁਮਾਣਾ, ਜੋਗਿੰਦਰ ਸਿੰਘ ਪੰਛੀ, ਬਾਬਾ ਕੁਲਦੀਪ ਸਿੰਘ, ਸੁਪਰਵਾਈਜਰ ਵਰਿੰਦਰ ਸਿੰਘ ਗੋਲਡੀ, ਭਾਈ ਹਜ਼ੂਰ ਸਿੰਘ ਆਦਿ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਅਧਿਕਾਰੀ, ਸਟਾਫ ਮੈਂਬਰ ਅਤੇ ਸੰਗਤਾਂ ਆਦਿ ਵੀ ਹਾਜ਼ਰ ਸਨ।

## ਜ਼ਿਲ੍ਹਾ ਕਾਂਗਰਸ ਕਮੇਟੀ 'ਚ ਨਵੀਆਂ ਨਿਯੁਕਤੀਆਂ ਨਾਲ ਪਾਰਟੀ ਨੂੰ ਮਿਲੇਗੀ ਹੋਰ ਮਜ਼ਬੂਤੀ : ਮੋਹਿਤ ਮਹਿੰਦਰਾ

### ☛ਜ਼ਿਲ੍ਹਾ ਪ੍ਰਧਾਨ ਨਰੇਸ਼ ਦੁੱਗਲ ਦੇ ਆਦੇਸ਼ਾਂ ਤਹਿਤ ਮੋਹਨ ਸ਼ਰਮਾ, ਜੋਗਾ ਸਿੰਘ ਪਵਾਰ, ਚੰਦਰਸ਼ੇਖਰ ਅਤੇ ਅਸ਼ਵਨੀ ਸ਼ਰਮਾ ਨੂੰ ਮਿਲੀਆਂ ਅਹਿਮ ਜ਼ਿੰਮੇਵਾਰੀਆਂ

ਪਟਿਆਲਾ, 6 ਜੂਨ (ਰੁਪਾਣਾ) : ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਮੋਹਿਤ ਮਹਿੰਦਰਾ ਵੱਲੋਂ ਜ਼ਿਲ੍ਹਾ ਕਾਂਗਰਸ ਕਮੇਟੀ ਵਿੱਚ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ ਹਨ। ਇਹਨਾਂ ਨਿਯੁਕਤੀਆਂ ਦਾ ਸਵਾਗਤ ਕਰਦਿਆਂ ਉਹਨਾਂ ਨੇ ਕਿਹਾ ਹੈ ਕਿ ਇਨ੍ਹਾਂ ਨਿਯੁਕਤੀਆਂ ਨਾਲ ਪਾਰਟੀ ਦੀ ਸੰਗਠਨਾਤਮਕ ਢਾਂਚੇ ਨੂੰ ਹੋਰ ਮਜ਼ਬੂਤੀ ਮਿਲੇਗੀ ਅਤੇ ਜ਼ਮੀਨੀ ਪੱਧਰ 'ਤੇ ਕਾਂਗਰਸ ਪਾਰਟੀ ਦੀਆਂ ਨੀਤੀਆਂ ਅਤੇ ਲੋਕ ਹਿਤੈਸ਼ੀ ਪ੍ਰੋਗਰਾਮਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਲੋਕਾਂ ਤੱਕ ਪਹੁੰਚਾਇਆ ਜਾ ਸਕੇਗਾ। ਮੋਹਿਤ ਮਹਿੰਦਰਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਕਾਂਗਰਸ ਕਮੇਟੀ ਦੇ ਪ੍ਰਧਾਨ ਨਰੇਸ਼ ਦੁੱਗਲ ਦੀ ਯੋਗ ਯੋਗ ਅਗਵਾਈ ਹੇਠ ਅਤੇ ਪਾਰਟੀ ਵਿੱਚ ਕੁਝ ਮਹੱਤਵਪੂਰਨ ਨਿਯੁਕਤੀਆਂ ਕੀਤੀਆਂ ਗਈਆਂ ਹਨ। ਇਨ੍ਹਾਂ ਨਿਯੁਕਤੀਆਂ ਤਹਿਤ ਮੋਹਨ ਸ਼ਰਮਾ ਨੂੰ ਜ਼ਿਲ੍ਹਾ ਕਾਂਗਰਸ ਕਮੇਟੀ ਦਾ ਵਾਈਸ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਜੋਗਾ ਸਿੰਘ ਪਵਾਰ ਅਤੇ ਚੰਦਰਸ਼ੇਖਰ ਨੂੰ ਜਨਰਲ ਸਕੱਤਰ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ, ਜਦਕਿ ਅਸ਼ਵਨੀ ਸ਼ਰਮਾ ਨੂੰ ਸਕੱਤਰ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਹੀ ਲੋਕਾਂ ਦੀਆਂ ਸਮੱਸਿਆਵਾਂ ਅਤੇ ਮੁੱਦਿਆਂ ਲਈ ਆਵਾਜ਼ ਬੁਲੰਦ ਕਰਦੀ ਰਹੀ ਹੈ। ਨਵੇਂ ਅਹੁਦੇਦਾਰਾਂ ਦੀ ਨਿਯੁਕਤੀ ਨਾਲ ਪਾਰਟੀ ਦੇ ਸੰਗਠਨ ਨੂੰ ਨਵੀਂ ਊਰਜਾ ਮਿਲੇਗੀ ਅਤੇ ਜ਼ਿਲ੍ਹੇ ਭਰ ਵਿੱਚ ਪਾਰਟੀ ਦਾ ਜਨ ਅਧਾਰ ਹੋਰ ਮਜ਼ਬੂਤ ਹੋਵੇਗਾ। ਉਨ੍ਹਾਂ ਨੇ ਸਮੂਹ ਕਾਂਗਰਸੀ ਵਰਕਰਾਂ ਨੂੰ ਪਾਰਟੀ ਦੀ ਮਜ਼ਬੂਤੀ ਅਤੇ ਲੋਕ ਸੇਵਾ ਲਈ ਇਕਜੁੱਟ ਹੋ ਕੇ ਕੰਮ ਕਰਨ ਦੀ ਅਪੀਲ ਵੀ ਕੀਤੀ।



## ਸੇਲ ਟੈਕਸ ਵਿਭਾਗ ਦੇ ਕਰੋੜਾਂ ਰੁਪਏ ਜਮ੍ਹਾਂ ਨਾ ਕਰਵਾਉਣ ਦੇ ਦੋਸ਼ 'ਚ ਫਰਮ ਮਾਲਕ ਖ਼ਿਲਾਫ਼ ਕੇਸ ਦਰਜ

ਸਮਾਣਾ, 6 ਜੂਨ (ਵਿਜੇ ਕੁਮਾਰ) ਪੁਲਿਸ ਨੇ ਸੇਲ ਟੈਕਸ ਵਿਭਾਗ ਦੇ 3 ਕਰੋੜ 16 ਲੱਖ 91 ਹਜ਼ਾਰ 420 ਰੁਪਏ ਨਾ ਜਮ੍ਹਾਂ ਕਰਵਾਉਣ ਦੇ ਦੋਸ਼ ਵਿੱਚ ਇੱਕ ਫਰਮ ਦੇ ਮਾਲਕ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ। ਜਾਣਕਾਰੀ ਅਨੁਸਾਰ, ਸੇਲ ਟੈਕਸ ਵਿਭਾਗ ਵਾਰਡ ਨੰਬਰ 6, ਸਿਵਲ ਲਾਈਨ ਪਟਿਆਲਾ ਵੱਲੋਂ ਅਧਿਕਾਰਤ ਰਾਜਵੰਤ ਸਿੰਘ ਨੇ ਸਿਟੀ ਥਾਣਾ (ਸਮਾਣਾ) ਵਿੱਚ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤ ਮੁਤਾਬਕ ਦੋਸ਼ੀ ਫਰੁਣ ਗੋਪਾਲ ਪੁੱਤਰ ਸੰਜੇ ਭੱਟੀ ਵਾਸੀ ਵੜੈਚ ਕਲੋਨੀ ਸਮਾਣਾ , ਜੋ ਕਿ ਗੋਇਲ ਟ੍ਰੇਡਿੰਗ ਕੰਪਨੀ ਕਮਾਸਪੁਰ ਰੋਡ ਦਾ ਮਾਲਕ ਹੈ, ਜੀ.ਐਸ.ਟੀ. ਨੰਬਰ ਲੈ ਕੇ ਆਪਣਾ ਵਪਾਰ ਕਰਦਾ ਹੈ ਪਰ ਉਸ ਨੇ ਸਾਲ 2018/19 ਤੋਂ ਵਿਭਾਗ ਦਾ ਬਣਦਾ ਜੀ.ਐਸ.ਟੀ. ਨਹੀਂ ਭਰਿਆ, ਜੋ ਕਿ ਕੁੱਲ 3,16,91,420 ਰੁਪਏ ਬਣਦਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ, ਐਸ.ਐਸ.ਪੀ. ਪਟਿਆਲਾ ਦਫ਼ਤਰ ਵੱਲੋਂ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਨ ਤੋਂ ਬਾਅਦ, ਉਹਨਾਂ ਦੇ ਹੁਕਮਾਂ 'ਤੇ ਹੀ ਇਹ ਕੇਸ ਦਰਜ ਕੀਤਾ ਗਿਆ ਹੈ।

## ਭਾਖੜਾ 'ਚੋਂ ਮਿਲੀ ਅਣਪਛਾਤੀ ਲਾਸ਼

ਸਮਾਣਾ, 6 ਜੂਨ (ਵਿਜੇ ਕੁਮਾਰ) : ਸ਼ੁੱਕਰਵਾਰ ਬਾਦ ਦੁਪਹਿਰ ਪਿੰਡ ਫਤਿਹਪੁਰ ਨੇੜਿਓਂ ਲੰਘਦੀ ਭਾਖੜਾ ਨਹਿਰ 'ਚੋਂ ਇੱਕ ਅਣਪਛਾਤੇ ਨੌਜਵਾਨ ਦੀ ਲਾਸ਼ ਮਿਲਣ 'ਤੇ ਗੋਤਾਖੋਰ ਸ਼ੰਕਰ ਭਾਰਦਵਾਜ ਵੱਲੋਂ ਸਿਵਲ ਹਸਪਤਾਲ ਲਿਆਂਦਾ ਗਿਆ, ਜਿੱਥੇ ਸਿਟੀ ਪੁਲਸ ਮੁਲਾਜ਼ਮਾਂ ਨੇ 72 ਘੰਟੇ ਲਈ ਹਸਪਤਾਲ ਦੀ ਮੋਰਚਰੀ ਵਿੱਚ ਰਖਵਾ ਕੇ ਜਨਤਕ ਜਾਣਕਾਰੀ ਸਾਂਝੀ ਕੀਤੀ। ਜਾਣਕਾਰੀ ਦਿੰਦਿਆਂ ਸਿਟੀ ਪੁਲਸ ਦੇ ਏ.ਐਸ.ਆਈ. ਜਗਦੀਸ਼ ਕੁਮਾਰ ਨੇ ਦੱਸਿਆ ਕਿ 30/35 ਸਾਲ ਦਾ ਨੌਜਵਾਨ ਜਿਸ ਦੀ ਦਾੜੀ ਕੱਟੀ ਹੋਈ ਹੈ, ਇੱਕ ਬਾਂਹ ਉੱਪਰ ਟੈਟੂ ਤੇ ਦੂਜੀ ਬਾਂਹ 'ਤੇ ਸਾਹਿਲ ਲਿਖਿਆ ਹੋਇਆ ਹੈ। ਸਰੀਰ 'ਤੇ ਕੋਈ ਕੱਪੜਾ ਨਹੀਂ ਪਰ ਉਂਗਲ ਵਿੱਚ ਦੋ ਛਾਪਾਂ, ਕੜਾ ਤੇ ਖਮਣੀ ਬੰਨੀ ਹੋਈ ਹੈ, ਜਿਸ ਦੀ ਲਾਸ਼ ਨੂੰ ਸ਼ਨਾਖਤ ਲਈ ਸਮਾਣਾ ਦੇ ਹਸਪਤਾਲ ਵਿੱਚ ਰੱਖਿਆ ਹੋਇਆ ਹੈ। ਜੇਕਰ ਕੋਈ ਉਕਤ ਨੌਜਵਾਨ ਸਬੰਧੀ ਸ਼ਨਾਖਤ ਕਰਦਾ ਹੈ, ਤਾਂ ਉਹ 95929-12426 'ਤੇ ਸੰਪਰਕ ਕਰ ਸਕਦਾ ਹੈ।

## ਰਣਜੋਧ ਸਿੰਘ ਹਡਾਣਾ ਦੀ ਅਗਵਾਈ ਹੇਠ ਨਸ਼ਾ-ਮੁਕਤ ਪੰਜਾਬ ਸਿਰਜਣ ਲਈ ਲੋਕਾਂ ਨੇ ਜਿੱਤ ਦੀ ਮੋਹਰ ਲਗਾਈ



ਭੁਨਰਹੇੜੀ, 6 ਜੂਨ (ਗੁਰਜੀਤ ਸਿੰਘ ਢੌਟ) :ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਰੰਗਲਾ ਅਤੇ ਨਸ਼ਾ-ਮੁਕਤ ਬਣਾਉਣ ਲਈ ਵਿੱਢੀ ਮੁਹਿੰਮ ਤਹਿਤ ਅੱਜ ਹਲਕਾ ਸਨੌਰ ਵਿੱਚ ਇੱਕ ਇਤਿਹਾਸਕ ਸਫ਼ਲਤਾ ਦੇਖਣ ਨੂੰ ਮਿਲੀ। ਚੀਕਾ ਰੋਡ, ਨੇੜੇ ਜੋੜੀਆਂ ਸੜਕਾਂ ਸਥਿਤ ਪੈਲੇਸ ਵਿਖੇ ਹਲਕਾ ਇੰਚਾਰਜ ਅਤੇ ਚੇਅਰਮੈਨ ਸਰਦਾਰ ਰਣਜੋਧ ਸਿੰਘ ਹਡਾਣਾ ਦੀ ਯੋਗ ਅਗਵਾਈ ਹੇਠ ਉਲੀਕਿਆ ਗਿਆ 'ਯੁੱਧ ਨਸ਼ਿਆਂ ਵਿਰੁੱਧ' ਪ੍ਰੋਗਰਾਮ ਹਲਕਾ ਨਿਵਾਸੀਆਂ ਦੇ ਅਥਾਹ ਸਹਿਯੋਗ ਅਤੇ ਜੋਸ਼ ਸਦਕਾ ਬਹੁਤ ਹੀ ਖੁਸ਼ੀ ਅਤੇ ਕਾਮਯਾਬੀ ਨਾਲ ਨੇਪਰੇ ਚੜ੍ਹਿਆ। ਇਸ ਮੌਕੇ ਹਲਕੇ ਭਰ ਤੋਂ ਪਹੁੰਚੇ ਲੋਕਾਂ ਦੇ ਭਾਰੀ ਇਕੱਠ ਨੇ ਸਾਬਤ ਕਰ ਦਿੱਤਾ ਕਿ ਜਨਤਾ ਨਸ਼ਿਆਂ ਦੇ ਕੋਹੜ ਨੂੰ ਜੜ੍ਹੋਂ ਪੁੱਟਣ ਲਈ ਪੂਰੀ ਤਰ੍ਹਾਂ ਤਿਆਰ ਹੈ। ਇਕੱਠ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਰਣਜੋਧ ਸਿੰਘ ਹਡਾਣਾ ਨੇ ਬੇਹੱਦ ਪ੍ਰਭਾਵਸ਼ਾਲੀ ਅੰਦਾਜ਼ ਵਿੱਚ ਕਿਹਾ ਕਿ ਅੱਜ ਪੈਲੇਸ ਵਿੱਚ ਉਮੜਿਆ ਇਹ ਜਨ-ਸੈਲਾਬ ਇਸ ਗੱਲ ਦਾ ਪ੍ਰਤੱਖ ਸਬੂਤ ਹੈ ਕਿ ਹਲਕੇ ਦਾ ਹਰ ਨੌਜਵਾਨ, ਮਾਤਾਵਾਂ, ਭੈਣਾਂ ਅਤੇ ਬਜ਼ੁਰਗ ਪੰਜਾਬ ਨੂੰ ਦੇਸ਼ ਦਾ ਮੋਹਰੀ ਤੇ ਨਸ਼ਾ-ਮੁਕਤ ਸੂਬਾ ਦੇਖਣ ਲਈ ਪੂਰੀ ਤਰ੍ਹਾਂ ਵਚਨਬੱਧ ਹਨ। ਇਸ ਮੌਕੇ ਹਰਜੋਤ ਕੌਰ ਐੱਸ ਡੀ ਐਮ, ਰਣਵੀਰ ਸਿੰਘ ਡੀ ਐੱਸ ਪੀ, ਪ੍ਰਦੀਪ ਜੋਸ਼ਨ ਪ੍ਰਧਾਨ ਨਗਰ ਕੌਂਸਲ, ਬਲਦੇਵ ਸਿੰਘ ਚੇਅਰਮੈਨ ਦੇਵੀਗੜ੍ਹ, ਚਰਨਜੀਤ ਸਿੰਘ ਨੈਣਾ ਚੇਅਰਮੈਨ ਭੁਨਰਹੇੜੀ , ਹੈਪੀ ਪਹਾੜੀਪੁਰ ਚੇਅਰਮੈਨ ਸਨੌਰ , ਹਰਪ੍ਰੀਤ ਸਿੰਘ ਵਾਈਸ ਚੇਅਰਮੈਨ ਸਨੌਰ, ਸਿਮਰਜੀਤ ਸਿੰਘ ਸੋਹਲ ਵਾਈਸ ਚੇਅਰਮੈਨ ਭੁਨਰਹੇੜੀ, ਬਲਜਿੰਦਰ ਸਰਾਓ ਜਿਲਾ ਪ੍ਰਧਾਨ ਨਸ਼ਾ ਮੁਕਤੀ ਮੋਰਚਾ, ਗੁਰਮੀਤ ਪੰਜੋਲਾ ਹਲਕਾ ਕੋਆਰਡੀਨੇਟਰ, ਗੁਰਮੀਤ ਸਿੰਘ ਅਸਰਪੁਰ ਕੋਰਡੀਨੇਟਰ, ਮਦਨ ਵਰਮਾ ਕੋਆਰਡੀਨੇਟਰ, ਬਲਵਿੰਦਰ ਕੌਰ ਸਰਪੰਚ, ਗੁਰਵਿੰਦਰ ਸਿੰਘ ਅਦਾਲਤੀਵਾਲਾ ਅਤੇ ਬਲਾਕ ਸਨੌਰ ਅਤੇ ਬਲਾਕ ਭੁਨਰਹੇੜੀ ਦੇ ਸਾਰੇ ਸਰਪੰਚ ਅਤੇ ਐੱਮ ਸੀ ਸਾਹਿਬਾਨ ਹਾਜ਼ਰ ਸਨ।

## ਵਿਧਾਇਕ ਦੇਵ ਮਾਨ ਦੀ ਅਗਵਾਈ 'ਚ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਤਹਿਤ ਦੂਜੇ ਪੜਾਅ ਦੀ ਵਿਸ਼ੇਸ਼ ਮੀਟਿੰਗ



ਨਾਭਾ, 6 ਜੂਨ (ਬਲਜਿੰਦਰ ਮਾਨ) : ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਦੂਜੇ ਪੜਾਅ ਤਹਿਤ ਨਾਭਾ ਦੇ ਨਿਜੀ ਹੋਟਲ ਵਿਖੇ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਵਿੱਚ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ, ਐਸ ਡੀ ਐਮ ਨਾਭਾ ਅਰਵਿੰਦਰ ਪਾਲ ਸਿੰਘ ਸੋਮਲ, ਪੁਲਿਸ ਪ੍ਰਸ਼ਾਸਨ ਤੋਂ ਡੀਐਸਪੀ ਗੁਰਿੰਦਰ ਸਿੰਘ ਬੱਲ, ਕੋਤਵਾਲੀ ਥਾਣਾ ਮੁੱਖੀ ਗੁਰਵਿੰਦਰ ਸਿੰਘ ਸੰਧੂ ਸਦਰ ਥਾਣਾ ਮੁਖੀ ਜਸਪ੍ਰੀਤ ਸਿੰਘ, ਬੀਡੀਪੀਓ ਨਾਭਾ ਤੋਂ ਇਲਾਵਾ ਪਿੰਡਾਂ ਦੇ ਸਰਪੰਚਾਂ, ਪੰਚਾਂ ਅਤੇ ਕੌਂਸਲਰਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਮੀਟਿੰਗ ਦੌਰਾਨ ਨਸ਼ਿਆਂ ਵਰਗੀ ਗੰਭੀਰ ਸਮੱਸਿਆ ਨੂੰ ਜੜ੍ਹੋਂ ਖਤਮ ਕਰਨ ਲਈ ਕਮਿਊਨਿਟੀ ਦੀ ਭਾਗੀਦਾਰੀ ਅਤੇ ਲੋਕ ਲਹਿਰ ਦੀ ਮਹੱਤਤਾ ਉਤੇ ਜ਼ੋਰ ਦਿੱਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਕਿਹਾ ਕਿ ਨਾਭਾ ਹਲਕੇ ਵਿੱਚ ਵਿਲੇਜ ਡਿਫੈਂਸ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ ਅਤੇ ਨਸ਼ਿਆਂ ਖ਼ਿਲਾਫ਼ ਵੱਡੇ ਪੱਧਰ 'ਤੇ ਸਫਲਤਾ ਮਿਲੀ ਹੈ। ਐਸ ਡੀ ਐਮ ਨਾਭਾ ਅਰਵਿੰਦਰ ਪਾਲ ਸਿੰਘ ਸੋਮਲ ਅਤੇ ਨਾਭਾ ਦੇ ਡੀਐਸਪੀ ਗੁਰਿੰਦਰ ਸਿੰਘ ਬੱਲ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਇਸ ਮਹੱਤਵਪੂਰਨ ਮੁਹਿੰਮ ਨੂੰ ਕਾਮਯਾਬ ਬਣਾਉਣ ਲਈ ਸਰਪੰਚਾਂ ਅਤੇ ਕੌਂਸਲਰਾਂ ਨਾਲ ਮੀਟਿੰਗ ਕਰਕੇ ਉਨ੍ਹਾਂ ਨੂੰ ਜਾਗਰੂਕ ਕੀਤਾ ਗਿਆ ਹੈ। ਇਸ ਮੌਕੇ ਨਸ਼ਾ ਮੁਕਤੀ ਮੋਰਚਾ ਨਾਭਾ ਹਲਕੇ ਦੇ ਕੋਆਰਡੀਨੇਟਰ ਭੁਪਿੰਦਰ ਸਿੰਘ ਕੱਲਰਮਾਜਰੀ ਨੇ ਕਿਹਾ ਕਿ ਪਿੰਡਾਂ ਵਿੱਚ ਬਣਾਈਆਂ ਗਈਆਂ ਵਿਲੇਜ ਡਿਫੈਂਸ ਕਮੇਟੀਆਂ ਨਸ਼ਿਆਂ ਦੇ ਖ਼ਾਤਮੇ ਲਈ ਅਹਿਮ ਭੂਮਿਕਾ ਨਿਭਾਅ ਰਹੀਆਂ ਹਨ ਅਤੇ ਨਸ਼ਾ ਤਸਕਰਾਂ ਖ਼ਿਲਾਫ਼ ਕਾਰਵਾਈ ਵਿੱਚ ਪ੍ਰਸ਼ਾਸਨ ਦੀ ਮਦਦ ਕਰਨਗੀਆਂ।

## ਐਡੂਮੌਂਟ ਵਰਲਡ ਸਕੂਲ 'ਚ 'ਆਰਟ ਆਫ਼ ਲਿਵਿੰਗ' ਦਾ ਪੰਜ ਦਿਨਾਂ ਕੈਂਪ ਸੰਪੰਨ

ਨਾਭਾ, 6 ਜੂਨ (ਬਲਜਿੰਦਰ ਮਾਨ) : ਨਾਭਾ ਦੇ ਪ੍ਰਸਿੱਧ ਐਡੂਮੌਂਟ ਵਰਲਡ ਸਕੂਲ ਵਿੱਚ ਅਧਿਆਪਕਾਂ ਦੀ ਮਾਨਸਿਕ, ਸਰੀਰਕ ਅਤੇ ਭਾਵਨਾਤਮਕ ਤੰਦਰੁਸਤੀ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਸਕੂਲ ਮੈਨੇਜਮੈਂਟ ਵੱਲੋਂ 1 ਜੂਨ ਤੋਂ 5 ਜੂਨ ਤੱਕ 'ਆਰਟ ਆਫ਼ ਲਿਵਿੰਗ' ਦਾ ਪੰਜ ਦਿਨਾਂ ਵਿਸ਼ੇਸ਼ ਕੈਂਪ ਆਯੋਜਿਤ ਕੀਤਾ ਗਿਆ। ਇਹ ਕੈਂਪ ਗਿਆਨਵਰਧਕ, ਪ੍ਰੇਰਣਾਦਾਇਕ ਅਤੇ ਲਾਭਦਾਇਕ ਸਾਬਤ ਹੋਇਆ,ਜਿਸ ਵਿੱਚ ਅਧਿਆਪਕਾਂ ਨੇ ਉਤਸ਼ਾਹ ਨਾਲ ਭਾਗ ਲਿਆ। ਕੈਂਪ ਦੌਰਾਨ ਤਜਰਬੇਕਾਰ ਟ੍ਰੇਨਰ ਮੈਡਮ ਚਾਂਦਨੀ ਨੇ ਪ੍ਰਾਣਾਯਾਮ, ਸੁਦਰਸ਼ਨ ਕਿਰਿਆ ਅਤੇ ਧਿਆਨ (ਮੇਡੀਟੇਸ਼ਨ) ਦੀਆਂ ਵਿਧੀਆਂ ਸਿਖਾਈਆਂ। ਕੈਂਪ ਦੇ ਅੰਤ ਵਿੱਚ ਅਧਿਆਪਕਾਂ ਨੇ ਆਪਣੇ ਅਨੁਭਵ ਸਾਂਝੇ ਕਰਦਿਆਂ ਕਿਹਾ ਕਿ ਇਸ ਪ੍ਰੋਗਰਾਮ ਨੇ ਉਨ੍ਹਾਂ ਨੂੰ ਮਾਨਸਿਕ ਤੌਰ 'ਤੇ ਵਧੇਰੇ ਸ਼ਾਂਤ, ਆਤਮ-ਵਿਸ਼ਵਾਸੀ ਅਤੇ ਉਤਸ਼ਾਹੀ ਬਣਾਇਆ ਹੈ। ਉਨ੍ਹਾਂ ਨੇ ਇਨ੍ਹਾਂ ਅਭਿਆਸਾਂ ਨੂੰ ਨਿਯਮਿਤ ਤੌਰ 'ਤੇ ਜਾਰੀ ਰੱਖਣ ਦਾ ਸੰਕਲਪ ਵੀ ਲਿਆ। ਸਕੂਲ ਦੀ ਮੈਨੇਜਮੈਂਟ ਕਮੇਟੀ ਨੇ ਆਰਟ ਆਫ਼ ਲਿਵਿੰਗ ਦੀ ਟੀਮ ਦਾ ਧੰਨਵਾਦ ਕੀਤਾ।



## ਰਾਜੇਸ਼ ਕੁਮਾਰ ਨੇ ਪ੍ਰਿੰਸੀਪਲ ਵਜੋਂ ਕਾਰਜਭਾਰ ਸੰਭਾਲਿਆ



ਪਟਿਆਲਾ, 6 ਜੂਨ (ਚ.ਨ.ਸ) : ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮਾਡਲ ਟਾਊਨ ਪਟਿਆਲਾ ਵਿਖੇ ਰਾਜੇਸ਼ ਕੁਮਾਰ ਨੇ ਬਤੌਰ ਪ੍ਰਿੰਸੀਪਲ ਸਕੂਲ ਦੀ ਕਮਾਨ ਸੰਭਾਲ ਲਈ ਹੈ। ਰਾਜੇਸ਼ ਕੁਮਾਰ ਜੀ ਦਾ ਬਤੌਰ ਪ੍ਰਿੰਸੀਪਲ ਇੱਕ ਲੰਬਾ ਤੇ ਸਫਲ ਤਜਰਬਾ ਹੈ। ਉਹਨਾਂ ਨੇ 10 ਸਾਲ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਕਲਿਆਣ ਵਿੱਚ ਅਤੇ ਪੰਜ ਸਾਲ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮਾੜੂ ਵਿਖੇ ਸਫਲਤਾ ਪੂਰਵਕ ਕੰਮ ਕੀਤਾ ਹੈ। ਮਾਡਲ ਟਾਊਨ ਸਕੂਲ ਦਾ ਕਾਰਜਭਾਰ ਸੰਭਾਲਦਿਆਂ ਉਹਨਾਂ ਨੇ ਇਹ ਕਿਹਾ ਕਿ ਉਹ ਸਕੂਲ ਨੂੰ ਬੁਲੰਦੀ 'ਤੇ ਲਿਜਾਣ ਲਈ ਭਰਪੂਰ ਯਤਨ ਕਰਨਗੇ। ਸਟਾਫ ਮੈਂਬਰ ਸ ਉਹਨਾਂ ਦੇ ਜੁਆਇਨ ਕਰਨ ਸਮੇਂ ਹਾਜ਼ਰ ਰਹੇ। ਸਟਾਫ ਨੇ ਉਨਾਂ ਦਾ ਨਿੱਘਾ ਸਵਾਗਤ ਕੀਤਾ। ਪ੍ਰਿੰਸੀਪਲ ਸਾਹਿਬ ਨੇ ਕਿਹਾ ਕਿ ਉਹ ਸਕੂਲ, ਸਟਾਫ ਅਤੇ ਵਿਦਿਆਰਥੀਆਂ ਦੀ ਬੇਹਤਰੀ ਲਈ ਕੰਮ ਕਰਨਗੇ।

## 'ਮੇਰੀ ਰਸੋਈ' ਸਕੀਮ ਤਹਿਤ ਪਿੰਡ ਗੱਜੂਮਾਜਰਾ 'ਚ ਰਾਸ਼ਨ ਕਿੱਟਾਂ ਵੰਡੀਆਂ



ਸਮਾਣਾ, 6 ਜੂਨ (ਵਿਜੇ ਕੁਮਾਰ) : ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਤਹਿਤ ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਤੇ ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ ਨੇ ਮੇਰੀ ਰਸੋਈ ਯੋਜਨਾ ਤਹਿਤ ਪਿੰਡ ਗਜੂਮਾਜਰਾ ਅਤੇ ਪਿੰਡ ਲਲੌਛੀ ਵਿਖੇ ਸਰਪੰਚ ਸਤਨਾਮ ਸਿੰਘ ਅਤੇ ਬਲਾਕ ਸੰਮਤੀ ਮੈਂਬਰ ਗੁਰਵਿੰਦਰ ਸਿੰਘ ਵੱਲੋ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ ਗਈਆਂ। ਪਿੰਡ ਵਾਸੀਆਂ ਵੱਲੋਂ ਪੰਜਾਬ ਸਰਕਾਰ ਦੀ ਇਸ ਲੋਕ ਭਲਾਈ ਸਕੀਮ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ ਬਿਕਰਮਜੀਤ ਸਿੰਘ, ਗੋਪਾਲ, ਕਰਨੈਲ ਸਿੰਘ, ਰੌਸ਼ਨ ਲਾਲ, ਗੁਰਜੀਤ ਸਿੰਘ, ਪ੍ਰਗਟ ਸਿੰਘ, ਜੋਗਾ ਸਿੰਘ, ਇੰਦਰਜੀਤ ਸਿੰਘ, ਗੁਰਜੀਤ ਸਿੰਘ, ਬਲਵਿੰਦਰ ਸਿੰਘ, ਪਰਮਿੰਦਰ ਸਿੰਘ, ਹਰਪ੍ਰੀਤ ਸਿੰਘ, ਹਰਜੋਤ ਸਿੰਘ, ਜਸਵੀਰ ਸਿੰਘ ਲਾਡੀ, ਗੁਰਪ੍ਰੀਤ ਸਿੰਘ ਸਣੇ ਪੰਚਾਇਤ ਤੇ ਤਰਸੇਮ ਕੁਮਾਰ ਆਦਿ ਵੀ ਮੌਜੂਦ ਸਨ।

## ਪੈਟਰੋਲ-ਡੀਜ਼ਲ ਦੀਆਂ ਕੀਮਤਾਂ 'ਚ ਵਾਧਾ, ਆਮ ਲੋਕਾਂ ਲਈ ਚੁਣੌਤੀਆਂ : ਨਿਰਮਲ ਸਿੰਘ ਭੱਟੀਆਂ



ਸਨੌਰ, 6 ਜੂਨ (ਪ੍ਰਥਮ ਕੁਮਾਰ) : ਤੇਲ ਦੀਆਂ ਲਗਾਤਾਰ ਵੱਧ ਰਹੀਆਂ ਕੀਮਤਾਂ ਅਤੇ ਵਿਰੋਧ ਪ੍ਰਦਰਸ਼ਨ ਕਰ ਰਹੇ ਲੋਕਾਂ ਉੱਤੇ ਕੀਤੇ ਗਏ ਲਾਠੀਚਾਰਜ ਦੀ ਸਖ਼ਤ ਨਿੰਦਿਆ ਕਰਦਿਆਂ ਹਲਕਾ ਸਨੌਰ ਦੇ ਸੀਨੀਅਰ ਕਾਂਗਰਸੀ ਆਗੂ ਚੌਧਰੀ ਨਿਰਮਲ ਸਿੰਘ ਭੱਟੀਆ ਨੇ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੀਆਂ ਨੀਤੀਆਂ ਉੱਤੇ ਤਿੱਖੇ ਸਵਾਲ ਖੜ੍ਹੇ ਕੀਤੇ ਹਨ । ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭੱਟੀਆ ਨੇ ਕਿਹਾ ਕਿ ਪੈਟਰੋਲ ਅਤੇ ਡੀਜ਼ਲ ਦੀਆਂ ਵਧਦੀਆਂ ਕੀਮਤਾਂ ਕਾਰਨ ਆਮ ਲੋਕਾਂ ਦਾ ਜੀਵਨ ਬਹੁਤ ਪ੍ਰਭਾਵਿਤ ਹੋ ਰਿਹਾ ਹੈ। ਮਹਿੰਗਾਈ ਪਹਿਲਾਂ ਹੀ ਲੋਕਾਂ ਦੀ ਕਮਰ ਤੋੜ ਚੁੱਕੀ ਹੈ ਅਤੇ ਹੁਣ ਤੇਲ ਦੀਆਂ ਕੀਮਤਾਂ ਵਿੱਚ ਹੋ ਰਹੇ ਵਾਧੇ ਨਾਲ ਹਰ ਵਰਗ ਉੱਤੇ ਵਾਧੂ ਆਰਥਿਕ ਬੋਝ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ, ਮਜ਼ਦੂਰਾਂ, ਛੋਟੇ ਵਪਾਰੀਆਂ ਅਤੇ ਮੱਧ ਵਰਗ ਦੇ ਪਰਿਵਾਰਾਂ ਲਈ ਘਰੇਲੂ ਖਰਚੇ ਚਲਾਉਣਾ ਦਿਨੋਂ-ਦਿਨ ਮੁਸ਼ਕਲ ਹੁੰਦਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਲੋਕਾਂ ਦੀਆਂ ਸਮੱਸਿਆਵਾਂ ਸੁਣਨੀਆਂ ਚਾਹੀਦੀਆਂ ਹਨ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਤੁਰੰਤ ਤੇਲ ਦੀਆਂ ਕੀਮਤਾਂ ਵਿੱਚ ਰਾਹਤ ਦੇਵੇ ਅਤੇ ਲਾਠੀਚਾਰਜ ਦੀ ਘਟਨਾ ਦੀ ਨਿਰਪੱਖ ਜਾਂਚ ਕਰਵਾ ਕੇ ਜ਼ਿੰਮੇਵਾਰ ਅਧਿਕਾਰੀਆਂ ਖ਼ਿਲਾਫ਼ ਕਾਰਵਾਈ ਕਰੇ। ਇਸ ਮੌਕੇ ਦਿਦਾਰ ਸਿੰਘ ਦੌਣਕਲਾ ਸੈਕਟਰੀ, ਸਤਿਨਾਮ ਸਿੰਘ ਜਨਰਲ ਸੈਕਟਰੀ, ਹਰਮਿੰਦਰ ਸਿੰਘ ਕੁੱਕੂ ਸੈਕਟਰੀ, ਗੁਰਨਾਮ ਸਿੰਘ ਸੈਕਟਰੀ, ਕੁਲਦੀਪ ਸਿੰਘ ਸਾਬਕਾ ਪ੍ਰਧਾਨ ਨਗਰ ਕੌਂਸਲ ਸਨੌਰ, ਕਾਲ਼ਾ ਸਿੰਘ ਰਾਏਪੁਰ ਪ੍ਰਧਾਨ ਕਿਸਾਨ ਸੈੱਲ ਹਲਕਾ ਸਨੌਰ , ਕਾਹਨ ਸਿੰਘ ਮੰਜਾਲ , ਨੱਛਤਰ ਸਿੰਘ, ਗੁਰਮੀਤ ਬਾਵਾ, ਸੋਨੀ ਕਪੂਰੀ ਤੇ ਹੋਰ ਮੌਜੂਦ ਸਨ।

# ਮਹਿਲ ਕਲਾਂ 'ਚ ਕਾਂਗਰਸ ਦੀ ਟਿਕਟ ਲਈ ਸਰਗਰਮੀ ਤੇਜ਼

### ➢ਪਿੰਡ-ਪਿੰਡ ਮੀਟਿੰਗਾਂ ਰਾਹੀਂ ਆਗੂ ਕਰ ਰਹੇ ਨੇ ਤਾਕਤ ਦਾ ਪ੍ਰਦਰਸ਼ਨ

ਸ਼ੇਰਪੁਰ, 6 ਜੂਨ (ਬਲਜੀਤ ਸਿੰਘ ਟਿੱਬਾ) : ਵਿਧਾਨ ਸਭਾ ਹਲਕਾ ਮਹਿਲ ਕਲਾਂ ਵਿੱਚ ਆਉਣ ਵਾਲੀਆਂ ਚੋਣਾਂ ਨੂੰ ਲੈ ਕੇ ਕਾਂਗਰਸ ਪਾਰਟੀ ਦੇ ਸੰਭਾਵੀ ਉਮੀਦਵਾਰਾਂ ਦੀਆਂ ਸਰਗਰਮੀਆਂ ਵਿੱਚ ਲਗਾਤਾਰ ਵਾਧਾ ਦੇਖਣ ਨੂੰ ਮਿਲ ਰਿਹਾ ਹੈ, ਜਿਸ ਨੂੰ ਲੈਕੇ ਸ਼ੇਰਪੁਰ ਦੇ ਨਾਲ ਲਗਦੇ ਪਿੰਡਾਂ ਵਿੱਚ ਮੀਟਿੰਗਾਂ, ਲੋਕ ਸੰਪਰਕ ਮੁਹਿੰਮਾਂ ਅਤੇ ਸਿਆਸੀ ਇਕੱਠਾਂ ਦਾ ਸਿਲਸਿਲਾ ਜਾਰੀ ਹੈ, ਜਿਸ ਤੋਂ ਇਹ ਸਪੱਸ਼ਟ ਹੁੰਦਾ ਹੈ ਕਿ ਪਾਰਟੀ ਦੀ ਟਿਕਟ ਹਾਸਲ ਕਰਨ ਲਈ ਦਾਅਵੇਦਾਰਾਂ ਨੇ ਹੁਣੇ ਤੋਂ ਹੀ ਮੈਦਾਨ ਸਜਾਉਣਾ ਸ਼ੁਰੂ ਕਰ ਦਿੱਤਾ ਹੈ। ਗਤੀਵਿਧੀਆਂ 'ਤੇ ਤਿੱਖੀ ਨਜ਼ਰ ਰੱਖਦਿਆਂ ਦੇਖਿਆ ਕਿ ਕਾਂਗਰਸੀ ਆਗੂ ਕਮਲਜੀਤ ਸਿੰਘ ਚੱਕ ਅਤੇ ਬੰਨ੍ਹੀ ਖੈਹਰਾ ਨਾਲ ਜੁੜੇ ਧੜੇ ਪਿੰਡ ਪੱਧਰ 'ਤੇ ਲਗਾਤਾਰ ਮੀਟਿੰਗਾਂ ਕਰਕੇ ਆਪਣੇ ਸਮਰਥਨ ਆਧਾਰ ਨੂੰ ਮਜ਼ਬੂਤ ਕਰਨ ਵਿੱਚ ਲੱਗੇ ਹੋਏ ਹਨ। ਦੂਜੇ ਪਾਸੇ ਐਡਵੋਕੇਟ ਜਸਬੀਰ ਸਿੰਘ ਖੇੜੀ ਵੱਲੋਂ ਵੀ ਪਿੰਡਾਂ ਵਿੱਚ ਜਾ ਕੇ ਲੋਕਾਂ ਦੇ ਮੁੱਦੇ ਉਠਾਏ ਜਾ ਰਹੇ ਹਨ ਅਤੇ ਸਰਕਾਰ ਵੱਲੋਂ ਅਣਗੌਲੇ ਛੱਡੇ ਗਏ ਮਸਲਿਆਂ ਨੂੰ ਪ੍ਰਮੁੱਖਤਾ ਨਾਲ ਉਭਾਰ ਕੇ ਆਪਣੀ ਸਿਆਸੀ ਮੌਜੂਦਗੀ ਦਰਜ ਕਰਵਾਈ ਜਾ ਰਹੀ ਹੈ। ਰਾਜਨੀਤਿਕ ਜਾਣਕਾਰਾਂ ਦਾ ਮੰਨਣਾ ਹੈ ਕਿ ਮਹਿਲ ਕਲਾਂ ਹਲਕੇ ਵਿੱਚ ਕਾਂਗਰਸ ਦੀ ਟਿਕਟ ਲਈ ਦਾਅਵੇਦਾਰਾਂ ਦੀ ਗਿਣਤੀ ਅੱਧੀ ਦਰਜ਼ਨ ਦੇ ਕਰੀਬ ਹੋਣ ਕਰਕੇ ਪਾਰਟੀ ਦੀ ਸਥਿਤੀ ਇਸ ਵੇਲੇ 'ਇੱਕ ਅਨਾਰ ਸੌ ਬਿਮਾਰ' ਵਾਲੀ ਕਹਾਵਤ ਵਰਗੀ ਨਜ਼ਰ ਆ ਰਹੀ ਹੈ, ਜਿੱਥੇ ਕਈ ਆਗੂ ਆਪਣੇ ਆਪ ਨੂੰ ਮਜ਼ਬੂਤ ਦਾਅਵੇਦਾਰ ਵਜੋਂ ਪੇਸ਼ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਹਾਲਾਂਕਿ ਮੌਜੂਦਾ ਸਮੇਂ ਵਿੱਚ ਮੈਦਾਨੀ ਪੱਧਰ 'ਤੇ ਸਰਗਰਮੀਆਂ ਦੇ ਆਧਾਰ 'ਤੇ ਕੁਝ ਚਿਹਰੇ ਹੀ ਵਧੇਰੇ ਚਰਚਾ ਵਿੱਚ ਦਿਖਾਈ ਦੇ ਰਹੇ ਹਨ, ਜਦਕਿ ਹੋਰ ਦਾਅਵੇਦਾਰਾਂ ਦੀਆਂ ਗਤੀਵਿਧੀਆਂ ਮੁਕਾਬਲੇ ਘੱਟ ਨਜ਼ਰ ਆ ਰਹੀਆਂ ਹਨ। ਤਪਦੇ ਮੌਸਮ ਦੇ ਬਾਵਜੂਦ ਪਿੰਡਾਂ ਵਿੱਚ ਲਗਾਤਾਰ ਹੋ ਰਹੀਆਂ ਮੀਟਿੰਗਾਂ ਇਸ ਗੱਲ ਦਾ ਸੰਕੇਤ ਹਨ ਕਿ ਸੰਭਾਵੀ ਉਮੀਦਵਾਰ ਪਾਰਟੀ ਹਾਈਕਮਾਂਡ ਨੂੰ ਆਪਣੀ ਜਨ ਆਧਾਰਿਤ ਤਾਕਤ ਦਿਖਾਉਣ ਵਿੱਚ ਕੋਈ ਕਸਰ ਨਹੀਂ ਛੱਡਣਾ ਚਾਹੁੰਦੇ। ਹਰ ਆਗੂ ਆਪਣੇ ਸਮਰਥਕਾਂ ਦੀ ਗਿਣਤੀ, ਲੋਕਾਂ ਨਾਲ ਸੰਪਰਕ ਅਤੇ ਸੰਗਠਨਾਤਮਕ ਮਜ਼ਬੂਤੀ ਨੂੰ ਟਿਕਟ ਹਾਸਲ ਕਰਨ ਲਈ ਅਹਿਮ ਮੰਨ ਰਿਹਾ ਹੈ। ਇਸ ਦੇ ਨਾਲ ਹੀ ਹਲਕੇ ਦੇ ਕਾਂਗਰਸੀ ਵਰਕਰਾਂ ਅਤੇ ਸਮਰਥਕਾਂ ਵਿੱਚ ਵੀ ਇਹ ਚਰਚਾ ਜ਼ੋਰਾਂ 'ਤੇ ਹੈ ਕਿ ਪਾਰਟੀ ਆਖਿਰਕਾਰ ਕਿਸ ਚਿਹਰੇ 'ਤੇ ਭਰੋਸਾ ਜਤਾਏਗੀ। ਹਾਲਾਂਕਿ ਟਿਕਟ ਵੰਡ ਦਾ ਫੈਸਲਾ ਪਾਰਟੀ ਹਾਈਕਮਾਂਡ ਦੇ ਹੱਥ ਵਿੱਚ ਹੈ, ਪਰ ਮੌਜੂਦਾ ਸਮੇਂ ਵਿੱਚ ਚੱਲ ਰਹੀ ਸਰਗਰਮੀ ਨੇ ਹਲਕੇ ਦੀ ਸਿਆਸਤ ਨੂੰ ਗਰਮਾ ਦਿੱਤਾ ਹੈ। ਸਿਆਸੀ ਵਿਸ਼ਲੇਸ਼ਕਾਂ ਦਾ ਕਹਿਣਾ ਹੈ ਕਿ ਆਉਣ ਵਾਲੇ ਮਹੀਨਿਆਂ ਵਿੱਚ ਇਹ ਸਰਗਰਮੀਆਂ ਹੋਰ ਤੇਜ਼ ਹੋ ਸਕਦੀਆਂ ਹਨ ਅਤੇ ਦਾਅਵੇਦਾਰਾਂ ਵਿਚਕਾਰ ਮੁਕਾਬਲਾ ਹੋਰ ਦਿਲਚਸਪ ਹੋਣ ਦੀ ਸੰਭਾਵਨਾ ਹੈ। ਫਿਲਹਾਲ ਮਹਿਲ ਕਲਾਂ ਵਿੱਚ ਕਾਂਗਰਸ ਦੀ ਟਿਕਟ ਨੂੰ ਲੈ ਕੇ ਚੱਲ ਰਹੀ ਖਿੱਚੋਤਾਣ ਅਤੇ ਤਾਕਤ ਪ੍ਰਦਰਸ਼ਨ ਨੇ ਸਿਆਸੀ ਮਾਹੌਲ ਨੂੰ ਪੂਰੀ ਤਰ੍ਹਾਂ ਗਰਮਾ ਦਿੱਤਾ ਹੈ।

## ਪੰਜਾਬ ਨੂੰ ਹਰਿਆ-ਭਰਿਆ ਅਤੇ ਖੁਸ਼ਹਾਲ ਬਣਾਉਣ ਲਈ ਵਾਤਾਵਰਨ ਯੋਧੇ ਬਣਨਾ ਸਮੇਂ ਦੀ ਮੰਗ : ਡਾ. ਸੰਧੂ



ਸਮਾਣਾ, 6 ਜੂਨ (ਵਿਜੇ ਕੁਮਾਰ) : ਸਰਬੱਤ ਦਾ ਭਲਾ ਸੰਸਥਾ, ਸਮਾਣਾ ਅਤੇ ਇੰਟੀਗ੍ਰੇਟਿਡ ਰਿਸਰਚ ਐਂਡ ਡਿਵੈਲਪਮੈਂਟ ਫਾਊਂਡੇਸਨ (ਆਈ.ਆਰ.ਡੀ.ਐੱਫ), ਚੰਡੀਗੜ੍ਹ ਵੱਲੋਂ ਕਾਹਨਗੜ੍ਹ ਰੋਡ ਵਿਖੇ ਵਿਸ਼ਵ ਵਾਤਾਵਰਨ ਦਿਵਸ ਮਨਾਇਆ ਗਿਆ। ਇਸ ਮੌਕੇ 'ਤੇ ਡਾ. ਇੰਦਰਪਾਲ ਸਿੰਘ ਸੰਧੂ ਨੇ ਸਰਬੱਤ ਦਾ ਭਲਾ ਫਾਊਂਡੇਸਨ ਅਤੇ ਆਈ.ਆਰ.ਡੀ.ਐੱਫ ਦੇ ਸਹਿਯੋਗ ਨਾਲ ਲਖਵਿੰਦਰ ਸਿੰਘ ਤੇ ਹਰਦੀਪ ਸਿੰਘ ਵੜੈਚ ਦੇ ਫਾਰਮ ਹਾਊਸ ਵਿਖੇ 2 ਕਨਾਲ ਜ਼ਮੀਨ ਵਿੱਚ 60 ਕਿਸਮਾਂ ਦੇ 550 ਪੌਦੇ ਲਗਾ ਕੇ ਮਿੰਨੀ ਜੰਗਲ ਤਿਆਰ ਕਰਨ ਦੀ ਮੁਹਿੰਮ ਦੀ ਸ਼ੁਰੂਆਤ ਕੀਤੀ। ਵਾਤਾਵਰਨ ਦੀ ਰੱਖਿਆ ਲਈ ਡਾ.ਸੰਧੂ ਨੇ ਪੰਜਾਬ ਦੇ ਲੋਕਾਂ ਨੂੰ ਵਾਤਾਵਰਨ ਯੋਧੇ ਬਣਨ ਅਤੇ ਰੁੱਖ ਲਗਾਉਣ ਦੇ ਨਾਲ-ਨਾਲ ਉਨ੍ਹਾਂ ਦੀ ਸੰਭਾਲ ਕਰਨ ਲਈ ਅੱਗੇ ਆਉਣ ਦੀ ਅਪੀਲ ਕੀਤੀ ਤਾਂ ਜੋ ਇਹ ਪੌਦੇ ਖੁਦ ਨਿਰਭਰ ਹੋ ਸਕਣ। ਉਨ੍ਹਾਂ ਨੇ ਦੱਸਿਆ ਕਿ ਰੁੱਖ ਲਗਾਉਣ ਨਾਲ ਪਾਣੀ ਦੀ ਸੰਭਾਲ ਹੁੰਦੀ ਹੈ ਕਿਉਂਕਿ ਰੁੱਖਾਂ ਦੀਆਂ ਜੜ੍ਹਾਂ ਰਾਹੀਂ ਪਾਣੀ ਧਰਤੀ ਵਿੱਚ ਸਮਾ ਜਾਂਦਾ ਹੈ, ਜਿਸ ਨਾਲ ਧਰਤੀ ਦੇ ਹੇਠਲੇ ਪਾਣੀ ਦਾ ਪੱਧਰ ਵਧਦਾ ਹੈ। ਡਾ. ਰਣਜੋਧ ਸਿੰਘ ਬੈਂਸ, ਪ੍ਰਸਾਸਨਿਕ ਅਧਿਕਾਰੀ-ਕਮ-ਸਕੱਤਰ, ਪੰਜਾਬ ਰਾਜ ਕਿਸਾਨ ਅਤੇ ਖੇਤ ਮਜਦੂਰ ਕਮਿਸਨ, ਪੰਜਾਬ ਨੇ ਰਾਜ ਦੇ ਭੂਗਰਭੀ ਜਲ ਸਰੋਤਾਂ 'ਤੇ ਵੱਧ ਰਹੇ ਵਾਤਾਵਰਨਕ ਦਬਾਅ ਤੋਂ ਨਿਜਾਤ ਪਾਉਣ ਲਈ ਖੇਤੀ ਵਿੱਚ ਵਿਭਿੰਨਤਾ ਲਿਆਉਣ ਦੀ ਲੋੜ 'ਤੇ ਜ਼ੋਰ ਦਿੱਤਾ। ਰੋਮਨਪ੍ਰੀਤ ਸਿੰਘ, ਸੈਕੰਡ ਟੀਮ ਲੀਡ, ਰਾਊਂਡਗਲਾਸ ਫਾਊਂਡੇਸਨ ਨੇ ਰਾਜ ਵਿੱਚ ਹਰੀਆਲੀ ਵਧਾਉਣ ਅਤੇ ਰੁੱਖ ਲਗਾਉਣ ਦੀ ਤੁਰੰਤ ਲੋੜ 'ਤੇ ਜੋਰ ਦਿੱਤਾ। ਡਾ. ਸੁਖਵਿੰਦਰ ਸਿੰਘ ਕਾਰਜਕਾਰੀ ਡਾਇਰੈਕਟਰ, ਆਈ.ਆਰ.ਡੀ.ਐੱਫ ਨੇ ਪੰਜਾਬ ਵਿੱਚ ਵਾਤਾਵਰਨ ਸੰਭਾਲ ਅਤੇ ਪਿੰਡਾਂ ਦੇ ਪੁਨਰਜਾਗਰਣ ਲਈ ਸੰਸਥਾ ਦੇ ਮਿਸ਼ਨ ਅਤੇ ਉਦੇਸਾਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ 'ਤੇ ਸਮਾਗਮ ਵਿੱਚ ਪਹੁੰਚੇ ਲੋਕਾਂ ਨੂੰ ਪੌਦੇ ਵੀ ਵੰਡੇ ਗਏ। ਇਸ ਸਮਾਗਮ ਵਿੱਚ ਕੌਂਸਲਰ ਹਰਪ੍ਰੀਤ ਸਿੰਘ ਕੁੱਕਾ, ਕਮਲਦੀਪ ਸਿੰਘ ਕਮਾਸਪੁਰ, ਪਰਮਜੀਤ ਸਿੰਘ, ਪਰਮਿੰਦਰ ਸਿੰਘ ਸਮਾਣਾ, ਮਾਸਟਰ ਗੁਰਚਰਨ ਸਿੰਘ, ਭਰਪੂਰ ਸਿੰਘ (ਸਰਪੰਚ), ਬਲਬੀਰ ਸਿੰਘ, ਭਗਵਾਨ ਸਿੰਘ ਭੁੱਲਰ, ਰਮਨਦੀਪ ਸਿੰਘ, ਅੰਗ੍ਰੇਜ ਸਿੰਘ ਰਤਨਹੇੜੀ , ਗੁਰਮੀਤ ਸਿੰਘ (ਮੋਤੀ ਫਾਰਮ), ਹਰਬੰਸ ਸਿੰਘ ਥਿੰਦ, ਲਖਵੀਰ ਸਿੰਘ ਅਸਰਪੁਰ, ਪ੍ਰਭਜੀਤ ਗਾਜੇਵਾਸ ਅਤੇ ਸਤਵਿੰਦਰ ਸਿੰਘ , ਰਣਧੀਰ ਸਿੰਘ ਫਤਿਹਪੁਰ ਹਾਜ਼ਰ ਸਨ।

## ਚੇਅਰਮੈਨ ਤੇਜਿੰਦਰ ਮਹਿਤਾ ਵੱਲੋਂ ਪੌਦਾਰੋਪਣ ਮੁਹਿੰਮ ਦੀ ਸ਼ੁਰੂਆਤ




ਪਟਿਆਲਾ, 6 ਜੂਨ (ਚ.ਨ.ਸ) : ਵਿਸ਼ਵ ਵਾਤਾਵਰਨ ਦਿਵਸ ਮੌਕੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਤੇਜਿੰਦਰ ਮਹਿਤਾ ਨੇ ਬਹਾਦਰਗੜ੍ਹ ਵਿਖੇ ਉਸ ਥਾਂ 'ਤੇ ਗੁਲਮੋਹਰ ਦਾ ਬੂਟਾ ਲਗਾ ਕੇ ਪੌਦਾਰੋਪਣ ਮੁਹਿੰਮ ਦੀ ਸ਼ੁਰੂਆਤ ਕੀਤੀ, ਜੋ ਦਹਾਕਿਆਂ ਤੋਂ ਕੂੜੇ ਦੇ ਡੰਪ ਵਜੋਂ ਜਾਣੀ ਜਾਂਦੀ ਸੀ। ਪੰਜਾਬ ਈਕੋ ਫ੍ਰੈਂਡਲੀ ਐਸੋਸੀਏਸ਼ਨ (ਪੇਫ਼ਾ) ਅਤੇ ਦਿਲੋਂ ਸੇਵਾ ਵੈਲਫੇਅਰ ਸੋਸਾਇਟੀ ਦੇ ਸਾਂਝੇ ਉਪਰਾਲਿਆਂ ਨਾਲ ਇਸ ਸਥਾਨ ਨੂੰ ਹੁਣ ਗੁਰੂ ਤੇਗ ਬਹਾਦਰ ਸਾਹਿਬ ਪਾਰਕ ਵਜੋਂ ਵਿਕਸਤ ਕਰਕੇ ਲੋਕਾਂ ਨੂੰ ਸਮਰਪਿਤ ਕੀਤਾ ਗਿਆ ਹੈ। ਇੱਕ ਸਮੇਂ ਗੰਦਗੀ ਅਤੇ ਬਦਬੂ ਦੀ ਪਛਾਣ ਬਣੀ ਇਹ ਜਗ੍ਹਾ ਹੁਣ ਹਰਿਆਵਲੀ ਅਤੇ ਵਾਤਾਵਰਨ ਸੰਭਾਲ ਦੀ ਮਿਸਾਲ ਬਣਨ ਵੱਲ ਵਧ ਰਹੀ ਹੈ। ਬਹਾਦਰਗੜ੍ਹ ਫੁਟਬਾਲ ਅਕੈਡਮੀ ਦੇ ਬਿਲਕੁਲ ਬਾਹਰ ਸਥਿਤ ਇਹ ਕੂੜੇ ਦਾ ਡੰਪ ਪਟਿਆਲਾ ਦਾ ਐਂਟਰੀ ਪੁਆਇੰਟ ਹੋਣ ਕਾਰਨ ਸ਼ਹਿਰ ਦੀ ਸੁੰਦਰਤਾ ਨੂੰ ਵੀ ਧੱਬਾ ਲਗਾ ਰਿਹਾ ਸੀ। ਡੰਪ ਤੋਂ ਉੱਠਦੀ ਬਦਬੂ ਅਤੇ ਗੰਦਗੀ ਕਾਰਨ ਫੁਟਬਾਲ ਅਕੈਡਮੀ ਵਿੱਚ ਪ੍ਰੈਕਟਿਸ ਕਰਨ ਵਾਲੇ ਬੱਚਿਆਂ ਨੂੰ ਵੀ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਬਾਅਦ ਵਿੱਚ ਦਿਲੋਂ ਸੇਵਾ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਅਮਨਿੰਦਰ ਸਿੰਘ ਜਲਾਲਪੁਰ ਅਤੇ ਉਨ੍ਹਾਂ ਦੀ ਟੀਮ ਵੀ ਇਸ ਮੁਹਿੰਮ ਨਾਲ ਜੁੜ ਗਈ। ਦੋਵੇਂ ਸੰਸਥਾਵਾਂ ਦੇ ਮੈਂਬਰਾਂ ਨੇ ਆਪਣੇ ਪੱਲਿਓਂ ਖ਼ਰਚਾ ਕਰਕੇ ਇੱਥੇ ਮਿੱਟੀ ਪੁਆਈ, ਸਫ਼ਾਈ ਕਰਵਾਈ ਅਤੇ ਇਸ ਜਗ੍ਹਾ ਦੀ ਨੁਹਾਰ ਬਦਲਕੇ ਇਸ ਕੂੜੇ ਦੇ ਢੇਰ ਨੂੰ ਹਰੇ-ਭਰੇ ਪਾਰਕ ਵਿੱਚ ਬਦਲ ਦਿੱਤਾ। ਹੁਣ ਇਸ ਥਾਂ ਵੱਖ-ਵੱਖ ਦੇਸੀ ਕਿਸਮਾਂ ਦੇ 150 ਦੇ ਕਰੀਬ ਬੂਟੇ ਲਗਾਏ ਜਾਣਗੇ। ਸਮਾਗਮ ਨੂੰ ਸੰਬੋਧਿਤ ਕਰਦਿਆਂ ਚੇਅਰਮੈਨ ਤੇਜਿੰਦਰ ਮਹਿਤਾ ਨੇ ਕਿਹਾ ਕਿ ਵਾਤਾਵਰਨ ਸੰਭਾਲ ਦੇ ਖੇਤਰ ਵਿੱਚ ਸਮਾਜ ਸੇਵੀ ਸੰਸਥਾਵਾਂ ਦੇ ਯਤਨ ਸ਼ਲਾਘਾਯੋਗ ਹਨ, ਲੇਕਿਨ ਦਿਲੋਂ ਸੇਵਾ ਸੋਸਾਇਟੀ ਅਤੇ ਪੇਫਾ ਵੱਲੋਂ ਕੀਤਾ ਗਿਆ ਇਹ ਕੰਮ ਇਤਿਹਾਸਿਕ ਅਤੇ ਮਿਸਾਲੀ ਹੈ।ਇਸ ਮੌਕੇ ਪੇਫ਼ਾ ਦੇ ਸੰਸਥਾਪਕ ਮੈਂਬਰ ਅਤੇ ਜ਼ਿਲ੍ਹਾ ਅਟਾਰਨੀ ਦਵਿੰਦਰ ਗੋਇਲ, ਪੇਫ਼ਾ ਪ੍ਰਧਾਨ ਅਤੇ ਸਹਾਇਕ ਫੂਡ ਸਪਲਾਈ ਅਫ਼ਸਰ ਵਰਿੰਦਰ ਜੱਗਾ, ਪੇਫ਼ਾ ਦੇ ਸਲਾਹਕਾਰ ਅਤੇ ਸਮਾਜਿਕ ਚਿੰਤਕ ਅਮਨ ਅਰੋੜਾ, ਫੁਟਬਾਲ ਕੋਚ ਇੰਦਰਜੀਤ ਸਿੰਘ, ਖੇਡ ਅਧਿਆਪਿਕਾ ਕੰਵਲਪ੍ਰੀਤ ਕੌਰ, ਆਮ ਆਦਮੀ ਪਾਰਟੀ ਆਗੂ ਨਿਰਮਲ ਝਨੇੜੀ, ਗੁਰੂ ਡਕਾਲਾ, ਰਾਜੀਵ ਰਾਓ ਸਮੇਤ ਵੱਡੀ ਗਿਣਤੀ ਵਿੱਚ ਸਮਾਜ ਸੇਵੀ, ਖੇਡ ਪ੍ਰੇਮੀ ਅਤੇ ਇਲਾਕਾ ਨਿਵਾਸੀ ਹਾਜ਼ਰ ਸਨ।

ਵਾਹਿਗੁਰੂ ਜੀ ਕਾ ਖ਼ਾਲਸਾ॥
ਵਾਹਿਗੁਰੂ ਜੀ ਕੀ ਫ਼ਤਹਿ॥
ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਅੱਜ ਤੱਕ ਦੇ ਸ਼ਹੀਦਾਂ ਦੀ ਯਾਦ ਵਿੱਚ



ਡਾ. ਸਰਬ ਸਿੰਘ
ਬਾਨੀ ਗੁਰੂ ਅਰਜਨ ਕੀਰਤਨ ਮੰਡਲ

ਸ਼ਹੀਦੀ ਜੋੜ-ਮੇਲ
ਅੱਜ ਦਾ ਪ੍ਰੋਗਰਾਮ
7-6-2026
ਦਿਨ-ਐਤਵਾਰ



ਭਾਈ ਤਖਤ ਸਿੰਘ ਜੀ
ਸਾਬਕਾ ਪ੍ਰਧਾਨ ਗੁਰੂ ਅਰਜਨ ਕੀਰਤਨ ਮੰਡਲ

ਧਾਲੀਵਾਲ ਕਲੋਨੀ (ਬੈਕਸਾਈਡ ਰਾਜਿੰਦਰਾ ਹਸਪਤਾਲ), ਪਟਿਆਲਾ।
ਕੀਰਤਨ ਰਾਤ 7.00 ਵਜੇ ਤੋਂ 9.00 ਵਜੇ ਤੱਕ।
ਸੰਪਰਕ ਕਰੋ : 98887-42047, 99157-70074

ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਸਭਾ ਕਮੇਟੀਆਂ ਦੇ ਸਹਿਯੋਗ ਨਾਲ ਗੁਰੂ ਅਰਜਨ ਕੀਰਤਨ ਮੰਡਲ (ਰਜਿ.) ਪਟਿਆਲਾ



# ਪਟਿਆਲਾ-ਆਸ/ਪਾਸ



## 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਬਣੀ ਲੋਕ ਲਹਿਰ: ਡਾ. ਬਲਬੀਰ ਸਿੰਘ

ਪਟਿਆਲਾ 6 ਜੂਨ (ਰੁਪਾਨਾ) : ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਨੂੰ ਹੋਰ ਮਜ਼ਬੂਤ ਕਰਦਿਆਂ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਹੈ ਕਿ 'ਯੁੱਧ ਨਸ਼ਿਆਂ ਵਿਰੁੱਧ ਦੇ ਦੂਜੇ ਪੜਾਅ ਦੌਰਾਨ ਇਹ ਮੁਹਿੰਮ ਹੁਣ ਲੋਕ ਲਹਿਰ ਦਾ ਰੂਪ ਧਾਰ ਚੁੱਕੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼ੁਰੂ ਕੀਤੀ ਗਈ ਇਸ ਮੁਹਿੰਮ ਨੂੰ ਲੋਕਾਂ ਵੱਲੋਂ ਭਾਰੀ ਸਮਰਥਨ ਮਿਲ ਰਿਹਾ ਹੈ, ਜੋ ਇਸਦੀ ਸਫਲਤਾ ਦਾ ਸਭ ਤੋਂ ਵੱਡਾ ਸਬੂਤ ਹੈ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਨਸ਼ਾ ਇੱਕ ਬਿਮਾਰੀ ਹੈ ਅਤੇ ਜਿਵੇਂ ਹਰ ਬਿਮਾਰੀ ਦਾ ਇਲਾਜ ਸੰਭਵ ਹੁੰਦਾ ਹੈ, ਉਸੇ ਤਰ੍ਹਾਂ ਨਸ਼ੇ ਦਾ ਇਲਾਜ ਵੀ ਪੂਰੀ ਤਰ੍ਹਾਂ ਸੰਭਵ ਹੈ। ਉਨ੍ਹਾਂ ਦ੍ਰਿੜਤਾ ਨਾਲ ਕਿਹਾ ਕਿ ਸਰਕਾਰ ਨਸ਼ੇ ਕਰਦੇ ਨੌਜਵਾਨਾਂ ਨੂੰ ਮੁੜ ਸਮਾਜ ਦੀ ਮੁੱਖ ਧਾਰਾ ਵਿੱਚ ਲਿਆਉਣ ਲਈ ਵਚਨਬੱਧ ਹੈ। ਉਨ੍ਹਾਂ ਨੇ ਦੱਸਿਆ ਕਿ ਲੋਕਾਂ ਦੀ ਸਹੂਲਤ ਲਈ ਈ-ਰਿਕਸ਼ਿਆਂ ਵਿੱਚ ਲਗਾਏ ਗਏ ਸ਼ਿਕਾਇਤ ਬਕਸਿਆਂ ਦਾ ਕਾਫ਼ੀ ਵਧੀਆ ਨਤੀਜਾ ਸਾਹਮਣੇ ਆਇਆ ਹੈ। ਇਨ੍ਹਾਂ ਬਕਸਿਆਂ ਰਾਹੀਂ ਲੋਕ ਬਿਨਾਂ ਕਿਸੇ ਡਰ ਦੇ ਨਸ਼ਿਆਂ ਨਾਲ ਸੰਬੰਧਿਤ ਸ਼ਿਕਾਇਤਾਂ ਦਰਜ ਕਰਵਾ ਰਹੇ ਹਨ, ਜਿਸ ਨਾਲ ਪ੍ਰਸ਼ਾਸਨ ਨੂੰ ਤੁਰੰਤ ਕਾਰਵਾਈ ਕਰਨ ਵਿੱਚ ਮਦਦ ਮਿਲ ਰਹੀ ਹੈ।ਸਿਹਤ ਮੰਤਰੀ ਨੇ ਇਹ ਵੀ ਕਿਹਾ ਕਿ ਪਿੰਡ ਪੱਧਰ 'ਤੇ ਵੀ ਇਸ ਮੁਹਿੰਮ ਨੂੰ ਵੱਡਾ ਜ਼ੋਰ ਮਿਲ ਰਿਹਾ ਹੈ। ਵੀ.ਡੀ.ਸੀ. ਮੈਂਬਰ ਘਰ-ਘਰ ਜਾ ਕੇ ਲੋਕਾਂ ਨੂੰ ਨਸ਼ਿਆਂ ਦੇ ਨੁਕਸਾਨਾਂ ਬਾਰੇ ਜਾਗਰੂਕ ਕਰ ਰਹੇ ਹਨ ਅਤੇ ਨੌਜਵਾਨਾਂ ਨੂੰ ਇਸ ਬੁਰਾਈ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰ ਰਹੇ ਹਨ। ਇਹ ਜਾਗਰੂਕਤਾ ਮੁਹਿੰਮ ਸਮਾਜ ਵਿੱਚ ਸਕਾਰਾਤਮਕ ਬਦਲਾਅ ਲਿਆ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡਾਂ ਨੂੰ ਉਤਸ਼ਾਹਿਤ ਕਰ ਰਹੀ ਹੈ। ਪਿੰਡਾਂ ਅਤੇ ਸ਼ਹਿਰਾਂ ਵਿੱਚ ਖੇਡ ਮੈਦਾਨ ਤਿਆਰ ਕੀਤੇ ਜਾ ਰਹੇ ਹਨ ਅਤੇ ਨੌਜਵਾਨਾਂ ਨੂੰ ਸਪੋਰਟਸ ਕਿੱਟਾਂ ਵੀ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਤਾਂ ਜੋ ਉਹ ਆਪਣੀ ਊਰਜਾ ਨੂੰ ਸਹੀ ਦਿਸ਼ਾ ਵਿੱਚ ਲਾ ਸਕਣ। ਡਾ. ਬਲਬੀਰ ਸਿੰਘ ਨੇ ਅੰਤ ਵਿੱਚ ਕਿਹਾ ਕਿ ਇਹ ਮੁਹਿੰਮ ਸਿਰਫ਼ ਸਰਕਾਰ ਦੀ ਨਹੀਂ, ਸਗੋਂ ਹਰ ਪੰਜਾਬੀ ਦੀ ਜ਼ਿੰਮੇਵਾਰੀ ਹੈ। ਜੇਕਰ ਸਾਰਾ ਸਮਾਜ ਇਕੱਠੇ ਹੋ ਕੇ ਇਸ ਬੁਰਾਈ ਦੇ ਖ਼ਿਲਾਫ਼ ਖੜ੍ਹਾ ਹੋਵੇ, ਤਾਂ ਨਸ਼ਾ ਮੁਕਤ ਪੰਜਾਬ ਦਾ ਸੁਪਨਾ ਜ਼ਰੂਰ ਸਾਕਾਰ ਹੋਵੇਗਾ। ਇਸ ਮੌਕੇ ਐਸ ਡੀ ਐਮ ਗੁਰਦੇਵ ਸਿੰਘ ਧੰਮ, ਪੁਲੀਸ ਵਿਭਾਗ ਦੇ ਅਧਿਕਾਰੀ, ਕੌਂਸਲਰਜ਼ ਜਸਬੀਰ ਗਾਂਧੀ, ਦੇਵਿੰਦਰ ਕੌਰ, ਮੋਹਿਤ ਕੁਮਾਰ, ਜਤਿੰਦਰ ਕੌਰ ਐਸ ਕੇ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵੀ ਡੀ ਸੀ ਮੈਂਬਰ ਮੌਜੂਦ ਸਨ।





ਗੁਰਦੁਆਰਾ ਸ੍ਰੀ ਭੱਠਾ ਸਾਹਿਬ ਕੁਲਾਰਾਂ ਵਿਖੇ 6 ਜੂਨ ਘੱਲੂਘਾਰਾ ਦਿਵਸ ਦੇ ਸਬੰਧ ਵਿੱਚ ਨੌਜਵਾਨਾਂ ਅਤੇ ਸਮੂਹ ਸਾਧ ਸੰਗਤ ਵੱਲੋਂ ਲਗਾਈ ਜਲ ਜੀਰੇ ਦੀ ਛਬੀਲ ਦਾ ਦ੍ਰਿਸ਼।
(ਫੋਟੋ ਤੇ ਵੇਰਵਾ : ਸੁਖਜਿੰਦਰ ਸਿੰਘ ਕੁਲਾਰਾਂ)

## ਕਾਂਗਰਸੀ ਉਮੀਦਵਾਰ ਸਮੀਨਾ ਬਾਨੋ ਦਾ ਸਨਮਾਨ



ਨਾਭਾ, 6 ਜੂਨ (ਗੁਰਚਰਨ ਸਿੰਘ ਚੌਧਰੀਮਾਜਰਾ) : ਨਗਰ ਕੌਂਸਲ ਨਾਭਾ ਦੇ ਹੋਈਆ ਚੋਣਾਂ ਵਿੱਚ 23 ਨੰ. ਵਾਰਡ ਤੋਂ ਕਾਗਰਸੀ ਉਮੀਦਵਾਰ ਸਮੀਨਾ ਬਾਨੋ ਜਿੱਤਣ 'ਤੇ ਕਾਂਗਰਸ ਪਾਰਟੀ ਦੇ ਐਸ.ਸੀ. ਸੈਲ ਪੰਜਾਬ ਦੇ ਜਰਨਲ ਸਕੱਤਰ ਕੁਲਵਿੰਦਰ ਸਿੰਘ ਸੁੱਖੇਵਾਲ ਵੱਲੋਂ ਸਰੋਪਾਓ ਪਾ ਕੇ ਕੀਤਾ ਸਨਮਾਨਿਤ ਅਤੇ ਮੂੰਹ ਮਿੱਠਾ ਕਰਵਾਇਆ। ਇਸ ਸਮੇਂ ਕੁਲਵਿੰਦਰ ਸਿੰਘ ਸੁੱਖੇਵਾਲ ਨੇ ਕਿਹਾ ਕਿ ਕਾਗਰਸ ਦੇ ਉਮੀਦਵਾਰ ਸਮੀਨਾ ਸ਼ਾਨਦਾਰ ਜਿੱਤ ਹਾਸਲ ਕੀਤੀ ਹੈ। ਇਸ ਸਮੀਨਾ ਨੇ ਸਾਬਕਾ ਕੈਬਨਿਟ ਮੰਤਰੀ ਸ. ਸਾਧੂ ਸਿੰਘ ਧਰਮਸੋਤ ਦਾ ਧੰਨਵਾਦ ਕੀਤਾ, ਜਿਨਾਂ ਨੇ ਮੈਨੂੰ ਕਾਗਰਸ ਪਾਰਟੀ ਦਾ ਟਿਕਟ ਦੇ ਕੇ ਮੈਨੂੰ ਚੋਣ ਲੜਨ ਦਾ ਮੌਕਾ ਦਿੱਤਾ ਮੈਂ ਧੰਨਵਾਦੀ ਹਾਂ, ਸਾਡੇ ਪੰਜਾਬ ਦੇ ਐਸ.ਸੀ. ਸੈਲ ਦੇ ਜਰਨਲ ਸਕੱਤਰ ਕੁਲਵਿੰਦਰ ਸਿੰਘ ਸੁੱਖੇਵਾਲ ਜਿਨ੍ਹਾਂ ਨੇ ਮੈਨੂੰ ਸਨਮਾਨ ਦੇ ਕੇ ਮਾਨ ਬਖਸ਼ਿਆ ਹੈ।

## ਸੁਰਜੀਤ ਸਿੰਘ ਰੱਖੜਾ ਵੱਲੋਂ 'ਆਪ' ਦੇ ਬਲਾਕ ਇੰਚਾਰਜਾਂ ਤੇ ਵੱਖ-ਵੱਖ ਵਿੰਗ ਪ੍ਰਧਾਨਾਂ ਨਾਲ ਮੀਟਿੰਗ

ਸਮਾਣਾ, 6 ਜੂਨ (ਜਵੰਦਾ) : ਸਾਬਕਾ ਕੈਬਨਿਟ ਮੰਤਰੀ ਅਤੇ 'ਆਪ' ਆਗੂ ਸੁਰਜੀਤ ਸਿੰਘ ਰੱਖੜਾ ਵੱਲੋਂ ਰੱਖੜਾ ਟੈਕਨਾਲੋਜੀ ਵਿਖੇ ਹਲਕਾ ਸਮਾਣਾ ਦੇ 'ਆਪ' ਦੇ ਬਲਾਕ ਇੰਚਾਰਜਾਂ ਅਤੇ ਵੱਖ-ਵੱਖ ਵਿੰਗਾਂ ਦੇ ਪ੍ਰਧਾਨ ਸਹਿਬਾਨ ਨਾਲ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਹਲਕਾ ਸਮਾਣਾ ਦੇ ਸਰਬਪੱਖੀ ਵਿਕਾਸ, ਸੰਗਠਨ ਦੀ ਮਜ਼ਬੂਤੀ ਅਤੇ ਮਾਨ ਸਰਕਾਰ ਦੀਆਂ ਲੋਕ-ਹਿਤੈਸ਼ੀ ਨੀਤੀਆਂ ਤੇ ਭਲਾਈ ਯੋਜਨਾਵਾਂ ਨੂੰ ਘਰ-ਘਰ ਤੱਕ ਪਹੁੰਚਾਉਣ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਸਮਾਣਾ ਦੇ ਵਿਕਾਸ ਅਤੇ ਲੋਕ ਭਲਾਈ ਲਈ ਪਾਰਟੀ ਦੇ ਸਮੂਹ ਆਗੂਆਂ ਅਤੇ ਵਰਕਰਾਂ ਨੂੰ ਇੱਕਜੁੱਟ ਹੋ ਕੇ ਕੰਮ ਕਰਨ ਦੀ ਲੋੜ ਹੈ, ਤਾਂ ਜੋ ਮਾਨ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ-ਹਿਤੈਸ਼ੀ ਯੋਜਨਾਵਾਂ ਦਾ ਲਾਭ ਸਮਾਜ ਦੇ ਹਰ ਵਰਗ ਤੱਕ ਪਹੁੰਚ ਸਕੇ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਹਲਕਾ ਸਮਾਣਾ ਵਿੱਚ ਹੋਰ ਵੀ ਵੱਡੇ ਪੱਧਰ 'ਤੇ ਵਿਕਾਸ ਕਾਰਜ ਸ਼ੁਰੂ ਕੀਤੇ ਜਾਣਗੇ, ਜਿਸ ਨਾਲ ਇਲਾਕੇ ਦੀ ਤਰੱਕੀ ਨੂੰ ਹੋਰ ਗਤੀ ਮਿਲੇਗੀ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਹੋਣਗੀਆਂ। ਇਸ ਸਮੇਂ ਮੀਟਿੰਗ 'ਚ ਹਾਜ਼ਰ ਅਹੁਦੇਦਾਰਾਂ ਨੇ ਸੁਰਜੀਤ ਸਿੰਘ ਰੱਖੜਾ ਦੀ ਅਗਵਾਈ ਵਿੱਚ ਪਾਰਟੀ ਦੀ ਇੱਕਜੁੱਟਤਾ ਨੂੰ ਹੋਰ ਮਜ਼ਬੂਤ ਕਰਨ, ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਨੂੰ ਲੋਕਾਂ ਤੱਕ ਪਹੁੰਚਾਉਣ ਅਤੇ ਸਮਾਣਾ ਦੇ ਵਿਕਾਸ ਲਈ ਪੂਰੀ ਗਏ ਤਨਦੇਹੀ ਨਾਲ ਕੰਮ ਕਰਨ ਦਾ ਭਰੋਸਾ ਦਿਵਾਇਆ। ਇਸ ਮੌਕੇ ਚਰਨਜੀਤ ਸਿੰਘ ਧਾਲੀਵਾਲ, ਹਲਕਾ ਸੰਗਠਨ ਇੰਚਾਰਜ ਐਡਵੋਕੇਟ ਗੁਲਜ਼ਾਰ ਸਿੰਘ ਵਿਰਕ, ਹਲਕਾ ਇੰਚਾਰਜ ਵੀ.ਸੀ. ਵਿੰਗ ਰਵਿੰਦਰ ਸੋਹਲ, ਹਲਕਾ ਇੰਚਾਰਜ ਸੋਸ਼ਲ ਮੀਡੀਆ ਸੰਨਦੀਪ ਸ਼ਰਮਾ, ਹਲਕਾ ਇੰਚਾਰਜ ਲੀਗਲ ਸੈੱਲ ਐਡਵੋਕੇਟ ਪ੍ਰਿਤਪਾਲ ਸਿੰਘ, ਬਲਾਕ ਇੰਚਾਰਜ ਜਸਵੰਤ ਸਿੰਘ, ਬਲਾਕ ਇੰਚਾਰਜ ਬਲਜਿੰਦਰ ਸਿੰਘ, ਬਲਾਕ ਇੰਚਾਰਜ ਇੰਦਰਜੀਤ ਸਿੰਘ, ਬਲਾਕ ਇੰਚਾਰਜ ਨਵਪ੍ਰੀਤ ਸਿੰਘ, ਸਾਬਕਾ ਬਲਾਕ ਇੰਚਾਰਜ ਗੁਰਪਿਆਰ ਸਿੰਘ, ਬਲਾਕ ਇੰਚਾਰਜ ਨਿਸ਼ਾਨ ਸਿੰਘ ਚੀਮਾ, ਯੂਥ ਵਿੰਗ ਇੰਚਾਰਜ ਸੁਖਜਿੰਦਰ ਸਿੰਘ, ਬਲਾਕ ਇੰਚਾਰਜ ਐੱਸ.ਸੀ. ਵਿੰਗ ਰਾਮ ਸਿੰਘ ਬੱਲੀਪੁਰ, ਯੂਥ ਬਲਾਕ ਇੰਚਾਰਜ ਰਾਜਵਿੰਦਰ ਸਿੰਘ, ਬਲਾਕ ਇੰਚਾਰਜ ਜਤਿੰਦਰ ਝੰਡ,ਬਲਾਕ ਇੰਚਾਰਜ ਰਣਜੀਤ ਸਿੰਘ ਅਤੇ ਹੋਰ ਮੋਹਤਬਰ ਮੌਜੂਦ ਰਹੇ।



## ਜ਼ਿਲ੍ਹਾ ਪ੍ਰੀਸ਼ਦ ਦਾ ਚੇਅਰਮੈਨ ਬਣਨ 'ਤੇ ਗੁਰਦੇਵ ਸਿੰਘ ਟਿਵਾਣਾ ਦਾ ਸਾਬਕਾ ਚੇਅਰਮੈਨ ਅਬਲੋਵਾਲ ਵੱਲੋਂ ਸਨਮਾਨ

ਪਟਿਆਲਾ, 6 ਜੂਨ (ਰੁਪਾਣਾ) : ਜ਼ਿਲ੍ਹਾ ਪ੍ਰੀਸ਼ਦ ਪਟਿਆਲਾ ਦੇ ਨਵ-ਨਿਯੁਕਤ ਚੇਅਰਮੈਨ ਗੁਰਦੇਵ ਸਿੰਘ ਟਿਵਾਣਾ ਨੂੰ ਸਾਬਕਾ ਚੇਅਰਮੈਨ ਸੁਰਜੀਤ ਸਿੰਘ ਅਬਲੋਵਾਲ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਵੱਲੋਂ ਵਧਾਈ ਦਿੱਤੀ ਅਤੇ ਉਨ੍ਹਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਵਿਧਾਇਕ ਚੇਤਨ ਸਿੰਘ ਜੌੜੇਮਾਜਰਾ , ਮਾਰਕਿਟ ਕਮੇਟੀ ਸਮਾਣਾ ਦੇ ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ ਵੀ ਮੌਜੂਦ ਸਨ, ਜਿਨ੍ਹਾਂ ਨੇ ਨਵ-ਨਿਯੁਕਤ ਚੇਅਰਮੈਨ ਗੁਰਦੇਵ ਸਿੰਘ ਟਿਵਾਣਾ ਨੂੰ ਵਧਾਈਆਂ ਦਿੱਤੀਆਂ ਅਤੇ ਉਨ੍ਹਾਂ ਦੀ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਭੇਟ ਕੀਤੀਆਂ। ਇਸ ਮੌਕੇ ਚੇਅਰਮੈਨ ਸੁਰਜੀਤ ਅਬਲੋਵਾਲ ਨੇ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਮਾਨ ਦੀ ਅਗਵਾਈ ਹੇਠ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਵਚਨਬੱਧ ਹੈ। ਸੁਰਜੀਤ ਅਬਲੋਵਾਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕ ਸੇਵਾ ਅਤੇ ਪਾਰਦਰਸ਼ਤਾ 'ਤੇ ਆਧਾਰਿਤ ਹੈ ਅਤੇ ਪਾਰਟੀ ਵਰਕਰਾਂ ਦੀ ਮਿਹਨਤ ਅਤੇ ਲੋਕਾਂ ਦੇ ਭਰੋਸੇ ਸਦਕਾ ਹੀ ਅੱਜ ਪਾਰਟੀ ਲਗਾਤਾਰ ਮਜ਼ਬੂਤ ਹੋ ਰਹੀ ਹੈ। ਉਨ੍ਹਾਂ ਪਾਰਟੀ ਦੀ ਉੱਚ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਗੁਰਦੇਵ ਟਿਵਾਣਾ ਵੱਲੋਂ ਇਸ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਇਆ ਜਾਵੇਗਾ। ਇਸ ਮੌਕੇ ਦਲਜਿੰਦਰ ਸਿੰਘ ਪੱਪੀ, ਦਰਸ਼ਨ ਸਿੰਘ ਰਣੀਆ, ਅਵੀ ਪਸਿਆਣਾ, ਰਮਨਦੀਪ ਸਿੰਘ ਕੁਤਬਨਪੁਰ, ਨਵਨੀਤ ਸਿੰਘ ਹੈਪੀ ਬੇਦੀ, ਬਲਵਿੰਦਰ ਸਿੰਘ ਮਾਲਵਾ ਵਾਲੇ, ਪ੍ਰਗਟ ਸਿੰਘ ਸਮਾਣਾ, ਕੁਲਵਿੰਦਰ ਸਿੰਘ ਟੋਨੀ, ਸੰਜੂ ਸਿੰਘ ਝੰਡੀ ਮੌਜੂਦ ਸਨ।



## ਸਮਾਣਾ-ਕਮਾਸਪੁਰ ਤੋਂ ਚੀਕਾ ਰੋਡ 18 ਫੁੱਟ ਚੌੜੀ ਸੜਕ ਮਨਜ਼ੂਰ ਹੋਣ 'ਤੇ ਪੰਚਾਇਤਾਂ ਵੱਲੋਂ ਬਰਸਟ ਦਾ ਧੰਨਵਾਦ

ਸਮਾਣਾ, 6 ਜੂਨ (ਵਿਜੇ ਕੁਮਾਰ/ਜਵੰਦਾ/ਸੁਖਜਿੰਦਰ) : ਹਲਕੇ ਦੇ ਵਿਕਾਸ ਕਾਰਜਾਂ ਨੂੰ ਰਫ਼ਤਾਰ ਦਿੰਦਿਆਂ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਇਲਾਕਾ ਨਿਵਾਸੀਆਂ ਦੀ ਮੰਗ ਨੂੰ ਪੂਰਾ ਕਰਦਿਆਂ ਸਮਾਣਾ ਤੋਂ ਕਮਾਸਪੁਰ ਹੋ ਕੇ ਚੀਕਾ ਰੋਡ ਨਾਲ ਜੁੜਦੀ ਸੜਕ ਨੂੰ 18 ਫੁੱਟ ਚੌੜਾ ਕੀਤਾ ਜਾਵੇਗਾ। ਇਸ ਸਬੰਧੀ ਚੇਅਰਮੈਨ ਸ. ਬਰਸਟ ਨੇ ਦੱਸਿਆ ਕਿ ਪੰਜਾਬ ਸਰਕਾਰ ਸੂਬੇ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਮਾਣਾ ਤੋਂ ਕਮਾਸਪੁਰ ਹੋ ਕੇ ਚੀਕਾ ਰੋਡ ਨਾਲ ਜੁੜਦੀ ਇਹ ਸੜਕ ਆਵਾਜਾਈ ਦੇ ਲਿਹਾਜ਼ ਨਾਲ ਬੇਹੱਦ ਅਹਿਮ ਹੈ। ਇਸ ਸੜਕ ਦੇ 18 ਫੁੱਟ ਚੌੜੇ ਹੋਣ ਨਾਲ ਜਿੱਥੇ ਰੋਜ਼ਾਨਾ ਦੀ ਟ੍ਰੈਫਿਕ ਸਮੱਸਿਆ ਦਾ ਪੱਕਾ ਹੱਲ ਹੋਵੇਗਾ, ਉੱਥੇ ਹੀ ਸੜਕ ਹਾਦਸਿਆਂ ਵਿੱਚ ਵੀ ਕਮੀ ਆਵੇਗੀ। ਇਸ ਮੌਕੇ ਸ਼ਾਮ ਲਾਲ ਦੱਤ ਮੈਂਬਰ ਮੰਡੀ ਬੋਰਡ, ਜੈਂਕੀ ਮਹਿਰਾ, ਹਜਾਰੀ ਲਾਲ ਜੌਹਰੀ, ਸਤਪਾਲ ਜੌਹਰੀ,ਯਾਦਵਿੰਦਰ ਸਿੰਘ, ਜਰਨੈਲ ਸਿੰਘ, ਗੁਰਸਿਮਰਨ , ਕੁਲਦੀਪ ਸਿੰਘ , ਪ੍ਰਗਟ ਸਿੰਘ , ਨਿਸ਼ਾਨ ਸਿੰਘ , ਕੀਮਤ ਸਿੰਘ , ਸੋਨੂੰ , ਜਗਸੀਰ ਸਿੰਘ , ਸਰਬਜੀਤ ਸਿੰਘ , ਰਾਮ ਸਿੰਘ , ਨਰਿੰਦਰ ਸਿੰਘ , ਹਨੀ ਮਾਹਲਾ , ਹਰਭਿੰਦਰ ਸਿੰਘ ਰਾਠੀ, ਲਖਵਿੰਦਰ ਸਿੰਘ , ਬਲਬੀਰ ਸਿੰਘ , ਗੁਰਦੀਪ ਸਿੰਘ , ਜਸਪਾਲ ਸਿੰਘ ਬੀਬੀਪੁਰ, ਡਾ.ਹਰਮੇਸ਼, , ਹੇਮਇੰਦਰ ਸਿੰਘ , ਸੁੱਖੀ ਸਮੇਤ ਸੈਂਕੜਿਆਂ ਦੀ ਗਿਣਤੀ ਵਿੱਚ ਲੋਕ ਮੌਜੂਦ ਰਹੇ।



## ਬੇਰੁਜ਼ਗਾਰ ਕਾਮਿਆਂ 'ਤੇ ਹੋਏ ਲਾਠੀਚਾਰਜ ਦੀ ਨਿਖੇਧੀ

ਪਟਿਆਲਾ, 6 ਜੂਨ (ਚ.ਨ.ਸ) : ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ ਯੂਨੀਅਨ ਪੰਜਾਬ, ਹੈੱਡ ਆਫਿਸ ਯੂਨਿਟ ਪਟਿਆਲਾ ਦੀ ਵਰਕਿੰਗ ਕਮੇਟੀ ਵੱਲੋਂ ਅਪਰੈਂਟਿਸ ਲਾਈਨਮੈਨ ਵੱਲੋਂ ਵਿੱਢੇ ਆਪਣੇ ਸ਼ਾਂਤਮਈ ਸੰਘਰਸ਼ ਤੇ ਪੁਲਿਸ ਤਸ਼ੱਦਦ ਦਾ ਗੰਭੀਰ ਨੋਟਿਸ ਲੈਂਦੇ ਹੋਏ ਸਖ਼ਤ ਨਿਖੇਧੀ ਕੀਤੀ ਗਈ ਹੈ। ਸ: ਭਿੰਦਰ ਸਿੰਘ ਚਹਿਲ ਯੂਨਿਟ ਪ੍ਰਧਾਨ ਨੇ ਕਿਹਾ ਕਿ ਆਪਣੇ ਵਿਧਾਨਿਕ ਹੱਕਾਂ ਅਨੁਸਾਰ ਸ਼ਾਂਤਮਈ ਪ੍ਰਦਰਸ਼ਨ ਕਰਦੇ ਹੋਏ ਅਪਰੈਂਟਿਸ ਲਾਈਨਮੈਨਾਂ 'ਤੇ ਪੁਲਿਸ ਤਸ਼ੱਦਦ ਨੇ ਸਰਕਾਰ ਦੇ ਅਕਸ 'ਤੇ ਦਾਗ਼ ਲਾਇਆ ਹੈ। ਜਥੇਬੰਦੀ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਦੋਸ਼ੀ ਪੁਲਿਸ ਅਧਿਕਾਰੀਆਂ 'ਤੇ ਬਣਦੀ ਕਾਰਵਾਈ ਕਰਨ ਦੇ ਨਾਲ ਸੰਘਰਸ਼ ਕਰ ਰਹੇ ਬੇਰੁਜ਼ਗਾਰ ਲਾਈਨਮੈਨਾਂ ਦੀਆਂ ਮੰਗਾਂ ਨੂੰ ਸਦਭਾਵਨਾ ਭਰੇ ਮਾਹੌਲ ਵਿੱਚ ਗੱਲਬਾਤ ਰਾਹੀਂ ਹੱਲ ਕਰੇ। ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਨੂੰ ਚੇਤਾਵਨੀ ਵੀ ਦਿੱਤੀ ਗਈ ਕਿ ਅਜਿਹੇ ਵਰਤਾਰੇ ਦੇ ਸਰਕਾਰ ਤੇ ਪਾਵਰਕੌਮ ਮੈਨੇਜਮੈਂਟ ਨੂੰ ਗੰਭੀਰ ਸਿੱਟੇ ਭੁਗਤਣੇ ਪੈਣ ਨੂੰ ਅੱਖੋਂ ਪਰੋਖੇ ਨਹੀਂ ਕੀਤਾ ਜਾ ਸਕਦਾ।

## 2027 ਦੀਆਂ ਚੋਣਾਂ 'ਚ ਪਟਿਆਲਾ ਸ਼ਹਿਰ ਤੋਂ ਅਕਾਲੀ ਦਲ ਦਾ ਮਜ਼ਬੂਤ ਚਿਹਰਾ ਬਣ ਸਕਦੇ ਨੇ ਹਰਦਿਆਲ ਸਿੰਘ ਭੱਟੀ


ਪਟਿਆਲਾ, 6 ਜੂਨ (ਚ.ਨ.ਸ) : ਸ਼੍ਰੋਮਣੀ ਅਕਾਲੀ ਦਲ ਬੀ.ਸੀ. ਵਿੰਗ ਦੇ ਕੌਮੀ ਮੀਤ ਪ੍ਰਧਾਨ ਸ. ਹਰਦਿਆਲ ਸਿੰਘ ਭੱਟੀ ਨੂੰ ਪਟਿਆਲਾ ਸ਼ਹਿਰ ਵਿਧਾਨ ਸਭਾ ਹਲਕੇ ਤੋਂ ਪਾਰਟੀ ਉਮੀਦਵਾਰ ਬਣਾਉਣ ਦੀ ਮੰਗ ਲਗਾਤਾਰ ਜ਼ੋਰ ਫੜ ਰਹੀ ਹੈ। ਪਾਰਟੀ ਵਰਕਰਾਂ, ਸਮਾਜਿਕ ਸੰਸਥਾਵਾਂ ਅਤੇ ਵੱਖ-ਵੱਖ ਵਰਗਾਂ ਦੇ ਲੋਕਾਂ ਦਾ ਮੰਨਣਾ ਹੈ ਕਿ ਭੱਟੀ ਲੰਮੇ ਸਮੇਂ ਤੋਂ ਲੋਕਾਂ ਦੇ ਮੁੱਦੇ ਉਠਾਉਂਦੇ ਆ ਰਹੇ ਹਨ ਅਤੇ ਉਨ੍ਹਾਂ ਦੀ ਸਾਫ਼-ਸੁਥਰੀ ਛਵੀ ਉਨ੍ਹਾਂ ਨੂੰ ਇੱਕ ਮਜ਼ਬੂਤ ਦਾਅਵੇਦਾਰ ਬਣਾਉਂਦੀ ਹੈ। ਸ. ਹਰਦਿਆਲ ਸਿੰਘ ਭੱਟੀ ਨੇ ਕਿਹਾ ਕਿ ਉਨ੍ਹਾਂ ਦਾ ਮੁੱਖ ਮਕਸਦ ਲੋਕਾਂ ਦੀ ਸੇਵਾ ਕਰਨਾ ਅਤੇ ਪਟਿਆਲਾ ਦੇ ਵਿਕਾਸ ਲਈ ਕੰਮ ਕਰਨਾ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਵਿਕਾਸ, ਨੌਜਵਾਨਾਂ ਲਈ ਰੋਜ਼ਗਾਰ, ਵਪਾਰੀਆਂ ਦੀਆਂ ਸਮੱਸਿਆਵਾਂ ਅਤੇ ਪਿੱਛੜੇ ਵਰਗਾਂ ਦੇ ਹੱਕਾਂ ਦੀ ਰੱਖਿਆ ਲਈ ਉਹ ਹਮੇਸ਼ਾ ਸੰਘਰਸ਼ ਕਰਦੇ ਰਹੇ ਹਨ। ਸ. ਭੱਟੀ ਨੇ ਮੰਗ ਕੀਤੀ ਕਿ ਪਾਵਰਕਾਮ ਵਿੱਚ ਲੰਬੇ ਸਮੇਂ ਤੋਂ ਲਟਕ ਰਹੀਆਂ ਭਰਤੀਆਂ ਨੂੰ ਤੁਰੰਤ ਪੂਰਾ ਕੀਤਾ ਜਾਵੇ, ਮ੍ਰਿਤਕ ਕਰਮਚਾਰੀਆਂ ਦੇ ਆਸ਼ਰਿਤਾਂ ਨੂੰ ਯੋਗਤਾ ਅਨੁਸਾਰ ਨੌਕਰੀਆਂ ਦਿੱਤੀਆਂ ਜਾਣ ਅਤੇ ਸੰਘਰਸ਼ ਕਰ ਰਹੇ ਮੁਲਾਜ਼ਮਾਂ, ਬੇਰੁਜ਼ਗਾਰ ਨੌਜਵਾਨਾਂ ਅਤੇ ਆਸ਼ਰਿਤ ਪਰਿਵਾਰਾਂ ਦੀਆਂ ਜਾਇਜ਼ ਮੰਗਾਂ ਨੂੰ ਗੰਭੀਰਤਾ ਨਾਲ ਵਿਚਾਰ ਕੇ ਜਲਦ ਤੋਂ ਜਲਦ ਸਵੀਕਾਰ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੇ ਲੋਕਾਂ ਦੀਆਂ ਭਾਵਨਾਵਾਂ ਅਤੇ ਹੱਕਾਂ ਦੀ ਪਹਿਰੇਦਾਰ ਪਾਰਟੀ ਹੈ ਅਤੇ 2027 ਦੀਆਂ ਚੋਣਾਂ ਵਿੱਚ ਲੋਕ ਬਦਲਾਅ ਲਈ ਅਕਾਲੀ ਦਲ ਨੂੰ ਮਜ਼ਬੂਤ ਸਮਰਥਨ ਦੇਣਗੇ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਜੇਕਰ ਪਾਰਟੀ ਹਾਈਕਮਾਨ ਉਨ੍ਹਾਂ ਨੂੰ ਪਟਿਆਲਾ ਸ਼ਹਿਰ ਤੋਂ ਸੇਵਾ ਦਾ ਮੌਕਾ ਦਿੰਦੀ ਹੈ, ਤਾਂ ਉਹ ਹਰ ਵਰਗ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਪੂਰੀ ਇਮਾਨਦਾਰੀ ਅਤੇ ਸਮਰਪਣ ਨਾਲ ਕੰਮ ਕਰਨਗੇ।



## ਬੀ.ਡੀ.ਪੀ.ਓ. ਦਫ਼ਤਰ ਨੂੰ ਸਾਢੇ ਤਿੰਨ ਮਹੀਨੇ ਬਾਅਦ ਪਤਾ ਲੱਗਾ ਕਿ ਸਰਪੰਚ ਮੁਅੱਤਲ ਹੈ

### ਪਿੰਡ ਭੁਨਰਹੇੜੀ ਦੇ ਮੁਅੱਤਲ ਸਰਪੰਚ ਵਿਰੁੱਧ ਪੰਚਾਇਤ ਵਿਭਾਗ ਵੱਲੋਂ ਜਾਂਚ ਆਰੰਭ, ਖ਼ਾਤੇ ਬੰਦ

ਦੇਵੀਗੜ੍ਹ, 6 ਜੂਨ (ਗੁਰਜੀਤ ਸਿੰਘ ਢੌਟ) : ਮੁਅਤਲ ਕੀਤੇ ਹੋਏ ਸਰਪੰਚ ਵੱਲੋਂ ਕਿਸ ਦੇ ਆਧਾਰ 'ਤੇ ਲਏ ਗਏ ਫੈਸਲੇ ਬੀਡੀਪੀਓ ਵਿਭਾਗ ਦੀ ਮਿਲੀ ਭੁਗਤ ਹੋਣ ਦਾ ਖਦਸ਼ਾ ਜਤਾਇਆ ਜਾ ਰਿਹਾ ਹੈ। ਇਹ ਗੱਲ ਸ਼ਿਕਾਇਤ ਕਰਤਾ ਬਲਵਿੰਦਰ ਸਿੰਘ ਵੱਲੋਂ ਮੀਡੀਆ ਦੇ ਰੂਬਰੂ ਹੁੰਦੇ ਹੋਏ ਖੁਲਾਸੇ ਕਰਨ ਦੌਰਾਨ ਕੀਤਾ ਗਿਆ ਜਾਣਕਾਰੀ ਅਨੁਸਾਰ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ ਦੇ ਦਫਤਰ ਭੁਨਰਹੇੜੀ ਅਧੀਨ ਪਿੰਡ ਭੁਨਰਹੇੜੀ ਦੇ ਸਰਪੰਚ ਨੂੰ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਦੇ ਉੱਚ ਅਧਿਕਾਰੀ ਵੱਲੋਂ ਤਕਰੀਬਨ ਸਾਢੇ ਤਿੰਨ ਮਹੀਨੇ ਪਹਿਲਾਂ ਪੰਚਾਇਤ ਦੇ ਕੰਮਾਂ ਵਿੱਚ ਊਣਤਾਈਆਂ ਨੂੰ ਲੈ ਕੇ ਮੁਅੱਤਲ ਕਰ ਦਿੱਤਾ ਗਿਆ ਸੀ ਪਰ ਇਹ ਸਰਪੰਚ ਏਨਾ ਸਮਾਂ ਪੰਚਾਇਤ ਦੇ ਕੰਮ ਬਿਨਾ ਕਿਸੇ ਡਰ ਦੇ ਕਰਦਾ ਰਿਹਾ, ਜਿਸ ਦਾ ਪਤਾ ਬੀ.ਡੀ.ਪੀ.ਓ. ਭੁਨਰਹੇੜੀ ਨੂੰ ਸਾਢੇ ਤਿਨ ਮਹੀਨੇ ਬਾਅਦ 'ਚ ਲੱਗਾ, ਜਿਸ ਨਾਲ ਪੰਚਾਇਤੀ ਵਿਭਾਗ ਦੀ ਕਾਰਗੁਜ਼ਾਰੀ 'ਤੇ ਪ੍ਰਸ਼ਨ ਚਿੰਨ੍ਹ ਲੱਗ ਗਿਆ ਹੈ। ਪਤਾ ਲੱਗਣ 'ਤੇ ਵਿਭਾਗ ਦੇ ਅਧਿਕਾਰੀ ਨੇ ਇਸ ਸਰਪੰਚ ਵਿਰੁੱਧ ਜਾਂਚ ਆਰੰਭ ਦਿੱਤੀ ਹੈ। ਇਸ ਸਰਪੰਚ ਵਿਰੁੱਧ ਪਿੰਡ ਭੁੱਨਰਹੇੜੀ ਦੇ ਵਸਨੀਕ ਬਲਵਿੰਦਰ ਸਿੰਘ ਪੁੱਤਰ ਸੁੱਚਾ ਸਿੰਘ ਵੱਲੋਂ ਪਿੰਡ ਦੀ ਪੰਚਾਇਤੀ ਜ਼ਮੀਨ ਉੱਪਰ ਕੁਝ ਲੋਕਾਂ ਵੱਲੋਂ ਨਾਜਾਇਜ਼ ਕਬਜ਼ੇ ਕਰਵਾਏ ਜਾਣ ਸਬੰਧੀ ਇੱਕ ਸ਼ਕਾਇਤ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਦਿੱਤੀ ਗਈ ਸੀ, ਜਿਸ 'ਤੇ ਕਾਰਵਾਈ ਕਰਦਿਆਂ ਡੀਡੀਪੀਓ ਪਟਿਆਲਾ ਵੱਲੋਂ ਪੰਚਾਇਤੀ ਐਕਟ ਤਹਿਤ ਕਾਰਵਾਈ ਕਰਦਿਆਂ ਸਰਪੰਚ ਵਕੀਲ ਮਸਾਲ ਨੂੰ ਮੁਅੱਤਲ ਕਰ ਦਿੱਤਾ ਗਿਆ ਸੀ ਪਰ ਸਰਪੰਚ ਵੱਲੋਂ ਕੀਤੀ ਗਈ ਅਪੀਲ 'ਤੇ ਕੁੱਝ ਸਮਾਂ ਉਸ ਨੂੰ ਰਾਹਤ ਮਿਲੀ ਸੀ ਪਰ 11 ਫਰਵਰੀ 2026 ਨੂੰ ਉੱਚ ਅਧਿਕਾਰੀ ਵੱਲੋਂ ਉਸ ਨੂੰ ਮੁੜ ਮੁਅੱਤਲ ਕਰ ਦਿੱਤਾ ਗਿਆ ਸੀ। ਸ਼ਿਕਾਇਤ ਕਰਤਾ ਬਲਵਿੰਦਰ ਸਿੰਘ ਨੇ ਕਥਿਤ ਦੋਸ਼ ਲਾਇਆ ਕਿ ਸਰਪੰਚ ਵਕੀਲ ਮਸਾਲ ਮੁਅੱਤਲ ਹੋਣ ਦੇ ਬਾਵਜੂਦ 1 ਜੂਨ 2026 ਤੱਕ ਲਗਾਤਾਰ ਪੰਚਾਇਤ ਦੇ ਕੰਮ ਕਰਦਾ ਰਿਹਾ। ਬੀਡੀਪੀਓ ਭੁੱਨਰਹੇੜੀ ਨੂੰ ਇਸ ਮਾਮਲੇ ਦਾ ਪਤਾ ਲੱਗਣ 'ਤੇ ਇਨ੍ਹਾਂ ਹੁਕਮਾਂ 'ਤੇ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਗਰਾਮ ਪੰਚਾਇਤ ਭੁੱਨਰਹੇੜੀ ਦੇ ਖਾਤੇ ਬੰਦ ਕਰਕੇ ਸਰਪੰਚ ਨੂੰ ਪੰਚਾਇਤੀ ਰਿਕਾਰਡ ਜਮ੍ਹਾਂ ਕਰਵਾਉਣ ਦੇ ਹੁਕਮ ਦਿੱਤੇ ਗਏ ਹਨ ਅਤੇ ਇਸ ਦੌਰਾਨ ਹੋਏ ਖਰਚ ਅਤੇ ਕੰਮਾਂ ਦੀ ਜਾਂਚ ਆਰੰਭ ਦਿੱਤੀ ਹੈ। ਜਾਂਚ ਦੌਰਾਨ ਜੇਕਰ ਸਰਪੰਚ ਕਸੂਰਵਾਰ ਪਾਇਆ ਗਿਆ ਤਾਂ ਉਸ ਵਿਰੁੱਧ ਕਾਨੂੰਨੀ ਕਾਰਵਾਈ ਵੀ ਹੋ ਸਕਦੀ ਹੈ। ਇਸ ਤੋਂ ਇਲਾਵਾ ਗਰਾਮ ਪੰਚਾਇਤ ਭੁੱਨਰਹੇੜੀ ਦੀਆਂ ਕੁਝ ਦੁਕਾਨਾਂ ਵਿੱਚ ਕੀਤੀ ਗੜਬੜੀ ਸਬੰਧੀ ਵੀ ਵਿਭਾਗ ਸਖਤ ਕਦਮ ਚੁੱਕਣ ਲਈ ਮਜਬੂਰ ਹੋ ਗਿਆ ਹੈ। ਸੂਤਰਾਂ ਅਨੁਸਾਰ 9 ਨੰਬਰ ਦੁਕਾਨਾਂ ਦੀ ਗੜਬੜੀ ਸਬੰਧੀ ਬੀਡੀਪੀਓ ਸੰਦੀਪ ਸਿੰਘ ਵੱਲੋਂ ਪੰਚਾਇਤ ਅਫਸਰ ਬਲਜੀਤ ਸਿੰਘ ਅਤੇ ਸਬੰਧਤ ਪੰਚਾਇਤ ਸਕੱਤਰ ਚਰਨਜੀਤ ਸਿੰਘ ਨੂੰ ਇਸ ਮਸਲੇ ਦੀ ਜਾਂਚ ਕਰਨ ਲਈ ਕਿਹਾ ਗਿਆ ਹੈ। ਇਸ ਸਬੰਧੀ ਜਦੋਂ ਬੀਡੀਪੀਓ ਸੰਦੀਪ ਸਿੰਘ ਤੋਂ ਜਾਨਣਾ ਚਾਹਿਆ ਤਾਂ ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਇਸ ਹੁਕਮ ਦੀ ਕਾਪੀ ਕਈ ਮਹੀਨੇ ਬਾਅਦ ਮਿਲੀ ਹੈ ਅਤੇ ਕਾਪੀ ਮਿਲਦੇ ਸਾਰ ਹੀ ਸਰਪੰਚ ਵਿਰੁੱਧ ਬਣਦੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਗਰਾਮ ਪੰਚਾਇਤ ਦੇ ਹੋਰ ਕੰਮ ਚਲਾਉਣ ਲਈ ਜਲਦੀ ਹੀ ਪ੍ਰਬੰਧਕ ਲਗਾਇਆ ਜਾਵੇਗਾ। ਇਸ ਤੋਂ ਇਲਾਵਾ ਪੰਚਾਇਤੀ ਜ਼ਮੀਨ 'ਤੇ ਕੀਤੇ ਨਾਜਾਇਜ਼ ਕਬਜ਼ੇ ਮਾਲ ਵਿਭਾਗ ਰਾਹੀਂ ਨਿਸ਼ਾਨਦੇਹੀ ਕਰਵਾ ਕੇ ਹਟਾ ਦਿੱਤੇ ਜਾਣਗੇ।ਇੱਥੇ ਇੱਕ ਗੱਲ ਹੋਰ ਵਰਨਣਯੋਗ ਹੈ ਕਿ ਭੁਨਰਹੇੜੀ ਗ੍ਰਾਮ ਪੰਚਾਇਤ ਕਾਫੀ ਵੱਡਾ ਪਿੰਡ ਹੋਣ ਕਰਕੇ ਇੱਥੋਂ ਦੇ ਕੰਮ ਕਿਸੇ ਉੱਚ ਅਧਿਕਾਰੀ ਦੀ ਮਿਲੀ ਭਗਤ ਤੋਂ ਬਿਨਾਂ ਨਹੀਂ ਕਰਵਾਏ ਜਾ ਸਕਦੇ ਜੋ ਕਿ ਇੱਕ ਸਵਾਲੀਆ ਨਿਸ਼ਾਨ ਬਣ ਕੇ ਖੜਾ ਹੋ ਗਿਆ ਹੈ। ਹੁਣ ਆਉਣ ਵਾਲਾ ਸਮਾਂ ਹੀ ਦੱਸੇਗਾ ਕਿ ਵਿਭਾਗ ਸਰਪੰਚ ਉੱਤੇ ਕਿਸ ਤਰ੍ਹਾਂ ਦੀ ਕਾਰਵਾਈ ਕਰਦਾ ਹੈ।



## ਵਿੱਕੀ ਘਨੌਰ ਵੱਲੋਂ 'ਆਪ' ਦੇ ਨਵ-ਨਿਯੁਕਤ ਬੀ.ਸੀ. ਵਿੰਗ ਕੋਆਰਡੀਨੇਟਰ ਅਮਰ ਸਿੰਘ ਸੈਣੀ ਦਾ ਸਨਮਾਨ

ਘਨੌਰ, 6 ਜੂਨ(ਰਾਜਿੰਦਰ ਸਿੰਘ ਕੰਬੋਜ): ਆਮ ਆਦਮੀ ਪਾਰਟੀ (ਆਪ) ਵੱਲੋਂ ਸੰਗਠਨ ਨੂੰ ਮਜ਼ਬੂਤ ਕਰਦਿਆਂ ਵੱਖ-ਵੱਖ ਹਲਕਿਆਂ ਵਿੱਚ ਨਵੇਂ ਬੀ.ਸੀ. (23) ਵਿੰਗ ਕੋਆਰਡੀਨੇਟਰਾਂ ਦੀਆਂ ਨਿਯੁਕਤੀਆਂ ਕੀਤੀਆਂ ਗਈਆਂ ਹਨ। ਇਸੇ ਤਹਿਤ ਪਾਰਟੀ ਵੱਲੋਂ ਆਪਣੇ ਸੰਗਠਨ ਦਾ ਦਾਇਰਾ ਵਧਾਉਂਦੇ ਹੋਏ ਹਲਕਾ ਘਨੌਰ ਤੋਂ ਪਾਰਟੀ ਦੇ ਮਿਹਨਤੀ ਆਗੂ ਅਮਰ ਸਿੰਘ ਸੈਣੀ ਰਾਮ ਨਗਰ ਨੂੰ ਬੀ.ਸੀ. ਵਿੰਗ ਦਾ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ ਹੈ। ਇਸ ਨਿਯੁਕਤੀ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਅੱਜ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਵਾਈਸ ਚੇਅਰਮੈਨ, 'ਆਪ' ਸਪੋਰਟਸ ਵਿੰਗ ਪੰਜਾਬ ਦੇ ਪ੍ਰਧਾਨ, ਸਪੋਰਟਸ ਵੈਲਫੇਅਰ ਬੋਰਡ ਦੇ ਮੈਂਬਰ ਅਤੇ ਅੰਤਰਰਾਸ਼ਟਰੀ ਕਬੱਡੀ ਖਿਡਾਰੀ ਮਨਿੰਦਰਜੀਤ ਸਿੰਘ ਵਿੱਕੀ ਘਨੌਰ ਵੱਲੋਂ ਅਮਰ ਸਿੰਘ ਸੈਣੀ ਨੂੰ ਵਿਸ਼ੇਸ਼ ਤੌਰ 'ਤੇ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਦਲਜੀਤ ਸਿੰਘ ਬਿੱਲੂ ਮੋਹੀ ਖੁਰਦ, ਬਲਕਾਰ ਸਿੰਘ ਰਾਮਨਗਰ ਸੈਣੀਆਂ, ਬਲਜਿੰਦਰ ਸਿੰਘ ਬਾਲੀ ਮੋਹੀ ਖੁਰਦ, ਕਬੱਡੀ ਖਿਡਾਰੀ ਮਨਵੀਰ ਸਿੰਘ ਸਰਵਾਰਾ ਮੌਜੂਦ ਰਹੇ।



## ਹੈਰੋਇਨ ਬ੍ਰਾਮਦ

ਪਟਿਆਲਾ, 6 ਜੂਨ (ਵਿਨੋਦ ਸ਼ਰਮਾ) : ਥਾਣਾ ਲਾਹੌਰੀ ਗੇਟ ਪੁਲਿਸ ਨੇ ਕਥਿਤ ਦੋਸ਼ੀ ਮਹਿਲਾ ਨਵੀਕਾ ਵਾਸੀ ਗਲੀ ਨੰ. 9 ਨਿਊ ਬਸਤੀ ਬਡੂੰਗਰ ਪਟਿਆਲਾ ਵਿਰੁੱਧ ਧਾਰਾ 21, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਐਸ.ਆਈ. ਬਲਜਿੰਦਰ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਪਾਣੀ ਵਾਲੀ ਟੈਂਕੀ ਨੇੜੇ ਬਿਜਲੀ ਬੋਰਡ ਦਫਤਰ ਪਾਸ ਮੌਜੂਦ ਸੀ, ਜੋ ਕਥਿਤ ਦੋਸ਼ੀ ਮਹਿਲਾ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ ਦੋਸ਼ੀ ਪਾਸੋਂ 5.10 ਗ੍ਰਾਮ ਹੈਰੋਇਨ-ਚਿੱਟਾ ਬ੍ਰਾਮਦ ਹੋਇਆ।

## ਚੰਦੂਮਾਜਰਾ ਨੇ ਦਰਸ਼ਨ ਰਾਮ ਨਾਲ ਹਮਦਰਦੀ ਪ੍ਰਗਟ ਕੀਤੀ

### ਸਰਕਾਰ ਨੂੰ ਨੁਕਸਾਨ ਦਾ ਮੁਆਵਜ਼ਾ ਦੇਣ ਦੀ ਮੰਗ

ਬਲਬੇੜ੍ਹਾ/ਦੇਵੀਗੜ੍ਹ, 6 ਜੂਨ (ਗੁਰਜੀਤ ਸਿੰਘ ਢੌਟ) : ਪਿਛਲੇ ਦਿਨੀਂ ਪਟਿਆਲਾ ਚੀਕਾ ਹਾਈਵੇ 'ਤੇ ਕਸਬਾ ਬਲਬੇੜਾ ਵਿਖੇ ਇਕ ਕਬਾੜ ਦੀ ਦੁਕਾਨ ਨੂੰ ਅੱਗ ਲੱਗ ਕੇ ਲੱਖਾਂ ਰੁਪਏ ਦਾ ਨੁਕਸਾਨ ਹੋ ਗਿਆ ਸੀ। ਇਸ ਦੁਕਾਨ ਦੇ ਮਾਲਕ ਦਰਸ਼ਨ ਰਾਮ ਨਾਲ ਇਲਾਕੇ ਦੇ ਲੋਕਾਂ ਵੱਲੋਂ ਹਮਦਰਦੀ ਪ੍ਰਗਟ ਕੀਤੀ। ਇਸੇ ਤਹਿਤ ਦਰਸ਼ਨ ਰਾਮ ਨਾਲ ਅੱਜ ਹਮਦਰਦੀ ਜਿਤਾਉਣ ਲਈ ਸਾਬਕਾ ਮੈਂਬਰ ਪਾਰਲੀਮੈਂਟ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਨੇ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਪ੍ਰੋ: ਪ੍ਰੇਮ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਦਰਸ਼ਨ ਰਾਮ ਦਾ ਬਹੁਤ ਜ਼ਿਆਦਾ ਨੁਕਸਾਨ ਹੋਇਆ ਹੈ। ਮੈ ਪ੍ਰਸ਼ਾਸਨ ਅੱਗੇ ਅਪੀਲ ਕਰਦਾ ਹਾਂ ਕਿ ਸਰਕਾਰ ਵੱਲੋਂ ਇਸ ਪਰਿਵਾਰ ਦੀ ਮਾਲੀ ਮਦਦ ਕੀਤੀ ਜਾਵੇ, ਬਾਕੀ ਮੈ ਸਮਾਜ ਸੇਵੀ ਲੋਕਾਂ ਨੂੰ ਵੀ ਅਜਿਹੇ ਪ੍ਰੀਵਾਰ ਦੀ ਮਾਲੀ ਮਦਦ ਕਰਨ ਲਈ ਅਪੀਲ ਕਰਦਾ ਹਾਂ। ਇਸ ਮੌਕੇ ਉਹਨਾਂ ਨਾਲ ਜਰਨੈਲ ਸਿੰਘ ਕਰਤਾਰਪੁਰ ਮੈਂਬਰ ਐਸ.ਜੀ.ਪੀ.ਸੀ, ਜਥੇਦਾਰ ਨਿਰੰਜਨ ਸਿੰਘ ਫੌਜੀ, ਜੋਤਿੰਦਰ ਸਿੰਘ ਪਹਾੜੀਪੁਰ,ਪ੍ਰਧਾਨ ਅਮਰਜੀਤ ਸਿੰਘ ਨੌਗਾਵਾ, ਸੋਮਨਾਥ ਪੰਜੋਲਾ, ਸੁਰਜੀਤ ਸਿੰਘ ਸਾਬਕਾ ਸਰਪੰਚ ਚੁਰਾਸੋ ਬਹਾਦਰ ਸਿੰਘ ਚੁਰਾਸੋ,ਲਾਭ ਸਿੰਘ ਬਲਬੇੜ੍ਹਾ,ਪੀਏ ਵਰਿੰਦਰ ਸਿੰਘ ਡਕਾਲਾ, ਗੁਰਦਰਸ਼ਨ ਸਿੰਘ ਨੰਨਾਨਸੂ ਆਦਿ ਮੌਜੂਦ ਸਨ।



## ਪਵਨ ਕੁਮਾਰ ਅਤੇ ਸੁਖਮਨਦੀਪ ਸਿੰਘ ਬਣੇ ਨੈਸ਼ਨਲ ਕਿਕਬਾਕਸਿੰਗ ਚੈਂਪੀਅਨ

ਪਟਿਆਲਾ, 6 ਜੂਨ (ਅਮਰਜੀਤ) : ਇਗਨਾਈਟ ਮਾਰਸ਼ਲ ਆਰਟਸ ਅਕੈਡਮੀ ਦੇ ਨੌਜਵਾਨ ਖਿਡਾਰੀਆਂ ਪਵਨ ਕੁਮਾਰ (69 ਕਿੱਲੋ ਲਾਈਟ ਕਾਂਟੈਕਟ) ਅਤੇ ਸੁਖਮਨਦੀਪ ਸਿੰਘ (+90 ਕਿੱਲੋ ਲਾਈਟ ਕਾਂਟੈਕਟ) ਨੇ ਜੂਨੀਅਰ ਨੈਸ਼ਨਲ ਕਿਕਬਾਕਸਿੰਗ ਚੈਂਪੀਅਨਸ਼ਿਪ 2026, ਜੋ ਓਡੀਸ਼ਾ ਵਿੱਚ ਆਯੋਜਿਤ ਹੋਈ ਸੀ, ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਨੈਸ਼ਨਲ ਚੈਂਪੀਅਨ ਦਾ ਖਿਤਾਬ ਹਾਸਲ ਕੀਤਾ। ਇਹ ਦੋਵੇਂ ਖਿਡਾਰੀ ਇਗਨਾਈਟ ਮਾਰਸ਼ਲ ਆਰਟਸ ਅਕੈਡਮੀ, 24 ਨੰਬਰ ਫਾਟਕ ਪਟਿਆਲਾ ਵਿਖੇ ਕੋਚ ਅਨਮੋਲ ਠਾਕੁਰ ਅਤੇ ਅਨਿਕੇਤ ਭਾਰਦਵਾਜ ਦੀ ਰਹਿਨੁਮਾਈ ਹੇਠ ਟ੍ਰੇਨਿੰਗ ਲੈਂਦੇ ਹਨ। ਪਟਿਆਲਾ ਵਾਪਸੀ 'ਤੇ ਅਕੈਡਮੀ ਵੱਲੋਂ ਉਨ੍ਹਾਂ ਦਾ ਸਵਾਗਤ ਕੀਤਾ।



## ਫਿਨਲੈਂਡ ਤੋਂ ਪਰਤੇ ਚਾਰ ਅਧਿਆਪਕਾਂ ਦਾ ਸਨਮਾਨ



ਪਟਿਆਲਾ, 6 ਜੂਨ (ਚ.ਨ.ਸ) : ਪੰਜਾਬ ਸਰਕਾਰ ਵੱਲੋਂ ਫਿਨਲੈਂਡ ਵਿਖੇ ਟ੍ਰੇਨਿੰਗ 'ਤੇ ਭੇਜੇ ਗਏ ਬਲਾਕ ਪਟਿਆਲਾ-2 ਦੇ ਚਾਰ ਅਧਿਆਪਕ ਟ੍ਰੇਨਿੰਗ ਹਾਸਲ ਕਰਨ ਮਗਰੋਂ ਵਾਪਸ ਪਰਤ ਆਏ ਹਨ, ਜਿਨਾਂ ਵਿੱਚ ਸਰਕਾਰੀ ਪ੍ਰਾਇਮਰੀ ਸਕੂਲ ਨਿਊ ਯਾਦਵਿੰਦਰਾ ਕਲੋਨੀ ਦੇ ਅਧਿਆਪਕਾ ਏਮਨਦੀਪ ਕੌਰ, ਸਰਕਾਰੀ ਪ੍ਰਾਇਮਰੀ ਸਕੂਲ ਵਿਕਟੋਰੀਆ ਦੇ ਅਧਿਆਪਕਾ ਗਗਨਦੀਪ ਕੌਰ, ਸਰਕਾਰੀ ਪ੍ਰਾਇਮਰੀ ਸਕੂਲ ਦੀਪ ਨਗਰ ਦੇ ਅਧਿਆਪਕਾ ਸਤਿੰਦਰਦੀਪ ਕੌਰ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਰਾਘੋਮਾਜਰਾ ਦੇ ਅਧਿਆਪਕਾ ਰੁਪਿੰਦਰਜੀਤ ਕੌਰ ਸ਼ਾਮਿਲ ਹਨ। ਇਹਨਾਂ ਅਧਿਆਪਕਾਂ ਦਾ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਸ੍. ਪ੍ਰਿਥੀ ਸਿੰਘ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਬਲਾਕ ਪ੍ਰਾਇਮਰੀ ਸਿੱਖਿਆ ਦਫਤਰ ਵਿਖੇ ਰੱਖੇ ਗਏ ਇੱਕ ਸਨਮਾਨ ਸਮਾਰੋਹ ਮੌਕੇ ਸੰਬੋਧਨ ਕਰਦਿਆਂ ਬੀਪੀਈਓ ਪ੍ਰਿਥੀ ਸਿੰਘ ਨੇ ਕਿਹਾ ਕਿ ਪੰਜਾਬ ਦੇ ਸਰਕਾਰੀ ਅਧਿਆਪਕਾਂ ਨੂੰ ਚੰਗੀਆਂ ਤਕਨੀਕਾਂ ਨਾਲ ਪੜ੍ਹਾਉਣਾ ਸਿਖਾਉਣ ਦੇ ਉਦੇਸ਼ ਨਾਲ ਫਿਨਲੈਂਡ ਟ੍ਰੇਨਿੰਗ 'ਤੇ ਭੇਜਣਾ ਪੰਜਾਬ ਸਰਕਾਰ ਦਾ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਉਹਨਾਂ ਨੇ ਕਿਹਾ ਕਿ ਫਿਨਲੈਂਡ ਟ੍ਰੇਨਿੰਗ 'ਤੇ ਭੇਜੇ ਜਾਣ ਵਾਲੇ ਅਧਿਆਪਕਾਂ ਲਈ ਪੰਜਾਬ ਸਰਕਾਰ ਵੱਲੋਂ ਰੱਖੇ ਗਏ ਤੈਅ ਪੈਮਾਨੇ ਅਨੁਸਾਰ ਜੋ ਅਧਿਆਪਕ ਯੋਗ ਹੁੰਦੇ ਹਨ ਉਹਨਾਂ ਨੂੰ ਹੀ ਟ੍ਰੇਨਿੰਗ ਲਈ ਫਿਨਲੈਂਡ ਭੇਜਿਆ ਜਾਂਦਾ ਹੈ। ਉਹਨਾਂ ਕਿਹਾ ਕਿ ਮੇਰੇ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਮੇਰੇ ਆਪਣੇ ਬਲਾਕ ਪਟਿਆਲਾ-2 ਦੇ ਚਾਰ ਅਧਿਆਪਕ ਇਸ ਵਾਰ ਫਿਨਲੈਂਡ ਤੋਂ ਟ੍ਰੇਨਿੰਗ ਹਾਸਲ ਕਰਕੇ ਆਏ ਹਨ। ਇਸ ਮੌਕੇ ਜਸਦੀਪ ਕੌਰ ਕਲਰਕ, ਇੰਦਰਪ੍ਰੀਤ ਕੌਰ, ਰਿੰਪੀ ਕੱਕੜ, ਅੰਜਲੀ ਗਰਗ, ਨਵਜੋਤ ਸਿੰਘ ਕਲਰਕ-ਕਮ-ਡਾਟਾ ਅਪ੍ਰੇਟਰ, ਜਸਪਿੰਦਰ ਸਿੰਘ ਮਿਡ ਡੇ ਮੀਲ ਮੈਨੇਜਰ, ਅਦਰਸ਼ ਬਾਂਸਲ ਬੀਐਸਓ ਅਤੇ ਤਰਵਿੰਦਰ ਸਿੰਘ ਸਮੇਤ ਹੋਰ ਹਾਜ਼ਰ ਸਨ।

## ਪੰਜਾਬ ਪ੍ਰਦੂਸ਼ਨ ਰੋਕਥਾਮ ਬੋਰਡ ਵੱਲੋਂ ਵਾਤਾਵਰਨ ਨਿਯਮਾਂ ਦੀ ਪਾਲਣਾ ਦੀ ਨਿਗਰਾਨੀ ਨੂੰ ਮਜ਼ਬੂਤ ਕਰਨ ਲਈ ਸਮਰਪਿਤ 'ਆਨਲਾਈਨ ਮਾਨੀਟਰਿੰਗ ਸੈੱਲ' ਦੀ ਸਥਾਪਨਾ

ਪਟਿਆਲਾ, 6 ਜੂਨ (ਰੁਪਾਣਾ/ਦੀਪਕ ਜੈਦਕਾ) : ਵਾਤਾਵਰਨ ਦੀ ਸੁਰੱਖਿਆ ਅਤੇ ਨਿਯਮਤ ਨਿਗਰਾਨੀ ਲਈ ਤਕਨਾਲੋਜੀ ਦਾ ਲਾਹਾ ਲੈਣ ਵੱਲ ਇੱਕ ਵੱਡਾ ਕਦਮ ਚੁੱਕਦਿਆਂ, ਪੰਜਾਬ ਪ੍ਰਦੂਸ਼ਨ ਰੋਕਥਾਮ ਬੋਰਡ ਨੇ ਪਟਿਆਲਾ ਸਥਿਤ ਆਪਣੇ ਮੁੱਖ ਦਫ਼ਤਰ ਵਿਖੇ ਇੱਕ ਸਮਰਪਿਤ 'ਆਨਲਾਈਨ ਮਾਨੀਟਰਿੰਗ ਸੈੱਲ' (ਓਐਮਸੀ) ਦਾ ਗਠਨ ਕੀਤਾ ਹੈ। ਇਹ ਨਵਾਂ ਸਥਾਪਿਤ ਸੈੱਲ ਪੰਜਾਬ ਦੇ ਉਦਯੋਗਾਂ ਅਤੇ ਸਾਂਝੇ ਟ੍ਰੀਟਮੈਂਟ ਪਲਾਂਟਾਂ ਵਿੱਚੋਂ ਨਿਕਲਣ ਵਾਲੀਆਂ ਗੈਸਾਂ (ਇਮਿਸ਼ਨ) ਅਤੇ ਤਰਲ ਰਹਿੰਦ-ਖੂੰਹਦ (ਇਫ੍ਲੂਐਂਟਸ) ਦੀ ਨਿਰੰਤਰ ਨਿਗਰਾਨੀ ਕਰੇਗਾ। ਇਹ 'ਵਾਰ-ਰੂਮ' ਵਰਗਾ ਹਾਈ-ਟੈਕ ਸੈੱਟਅੱਪ ਉਦਯੋਗਾਂ, ਸਾਂਝੇ ਤਰਲ ਰਹਿੰਦ-ਖੂੰਹਦ ਸੋਧਕ ਪਲਾਂਟਾਂ (ਸੀਈਟੀਪੀਜ), ਸਾਂਝੇ ਬਾਇਓ-ਮੈਡੀਕਲ ਰਹਿੰਦ-ਖੂੰਹਦ ਸੋਧਕ ਕੇਂਦਰਾਂ (ਸੀਬੀਡਬਲਿਯੂਟੀਐਫਜ), ਅਤੇ ਟ੍ਰੀਟਮੈਂਟ, ਸਟੋਰੇਜ ਅਤੇ ਡਿਸਪੋਜ਼ਲ ਸੁਵਿਧਾਵਾਂ (ਟੀਐਸਡੀਐਫਜ) ਵੱਲੋਂ ਲਗਾਏ ਗਏ ਆਨਲਾਈਨ ਨਿਰੰਤਰ ਨਿਕਾਸ ਅਤੇ ਤਰਲ ਰਹਿੰਦ-ਖੂੰਹਦ ਨਿਗਰਾਨੀ ਪ੍ਰਣਾਲੀ (ਓਸੀਈਐਮਐਸ), ਨਿਰੰਤਰ ਅੰਬੀਐਂਟ ਏਅਰ ਕੁਆਲਿਟੀ ਮਾਨੀਟਰਿੰਗ ਸਟੇਸ਼ਨ (ਸੀਏਏਕਿਊਐਮਐਸ), ਆਨਲਾਈਨ ਡਾਟਾ ਪ੍ਰਾਪਤੀ ਅਤੇ ਨਿਗਰਾਨੀ ਪ੍ਰਣਾਲੀ, ਸੀਸੀਟੀਵੀ ਸਰਵੇਲੈਂਸ ਸਿਸਟਮ, ਜੀਪੀਐਸ ਟ੍ਰੈਕਿੰਗ ਪ੍ਰਣਾਲੀ ਅਤੇ ਬਾਰਕੋਡ-ਅਧਾਰਤ ਸਾਫਟਵੇਅਰ ਦੀ ਡੂੰਘਾਈ ਨਾਲ ਨਿਗਰਾਨੀ ਕਰੇਗਾ। ਆਨਲਾਈਨ ਮਾਨੀਟਰਿੰਗ ਸੈੱਲ ਦੀ ਜ਼ਿੰਮੇਵਾਰੀ ਪੀ.ਪੀ.ਸੀ.ਬੀ. ਦੇ ਸਰਵਰਾਂ ਨਾਲ ਨਿਗਰਾਨੀ ਪ੍ਰਣਾਲੀਆਂ ਦੀ ਨਿਰਵਿਘਨ ਕਨੈਕਟੀਵਿਟੀ ਨੂੰ ਯਕੀਨੀ ਬਣਾਉਣਾ, ਆਨਲਾਈਨ ਪਲੇਟਫਾਰਮਾਂ ਦਾ ਇੱਕ ਵਿਆਪਕ ਡਾਟਾਬੇਸ ਤਿਆਰ ਰੱਖਣਾ, ਡਾਟਾ ਸਮੀਖਿਆ ਲਈ ਮਿਆਰੀ ਸੰਚਾਲਨ ਪ੍ਰਕਿਰਿਆਵਾਂ ਵਿਕਸਿਤ ਕਰਨਾ ਅਤੇ ਰੋਜ਼ਾਨਾ ਨਿਗਰਾਨੀ ਰਿਪੋਰਟਾਂ ਸੌਂਪਣਾ ਹੋਵੇਗੀ। ਇਹ ਸੈੱਲ ਲਗਾਤਾਰ ਉਲੰਘਣਾ ਕਰਨ ਵਾਲੇ ਉਦਯੋਗਾਂ ਦੀ ਪਛਾਣ ਵੀ ਕਰੇਗਾ ਅਤੇ ਸਬੰਧਤ ਫੀਲਡ ਦਫ਼ਤਰਾਂ ਨੂੰ ਸੁਧਾਰਾਤਮਕ ਕਾਰਵਾਈ ਲਈ ਸਿਫ਼ਾਰਸ਼ ਕਰੇਗਾ। ਮਹੱਤਵਪੂਰਨ ਗੱਲ ਇਹ ਹੈ ਕਿ ਆਨਲਾਈਨ ਨਿਗਰਾਨੀ ਦੌਰਾਨ ਪਾਈ ਜਾਣ ਵਾਲੀ ਕਿਸੇ ਵੀ ਗੰਭੀਰ ਵਾਤਾਵਰਨ ਉਲੰਘਣਾ—ਜਿਵੇਂ ਕਿ ਬਿਨਾਂ ਸੋਧੇ ਗੰਦੇ ਪਾਣੀ ਨੂੰ ਵਹਾਉਣਾ, ਪ੍ਰਦੂਸ਼ਿਤ ਗੈਸਾਂ ਦਾ ਨਿਕਾਸ, ਖ਼ਤਰਨਾਕ ਰਹਿੰਦ-ਖੂੰਹਦ ਦਾ ਗਲਤ ਨਿਪਟਾਰਾ, ਜਾਂ ਬਾਇਓ-ਮੈਡੀਕਲ ਰਹਿੰਦ-ਖੂੰਹਦ ਨਾਲ ਸਬੰਧਤ ਉਲੰਘਣਾਵਾਂ—ਨੂੰ ਤੁਰੰਤ ਯੋਗ ਅਧਿਕਾਰੀਆਂ ਕੋਲ ਭੇਜਿਆ ਜਾਵੇਗਾ ਤਾਂ ਜੋ ਤੁਰੰਤ ਸਖ਼ਤ ਕਾਰਵਾਈ ਕੀਤੀ ਜਾ ਸਕੇ। ਇਹ ਪਹਿਲਕਦਮੀ ਰੀਅਲ-ਟਾਈਮ (ਤੁਰੰਤ) ਨਿਗਰਾਨੀ, ਬਿਹਤਰ ਪਾਰਦਰਸ਼ਤਾ ਅਤੇ ਸਬੂਤ-ਆਧਾਰਿਤ ਲਾਗੂਕਰਨ ਰਾਹੀਂ ਵਾਤਾਵਰਨ ਪ੍ਰਸ਼ਾਸਨ ਨੂੰ ਮਜ਼ਬੂਤ ਕਰਨ ਲਈ ਬੋਰਡ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਪੰਜਾਬ ਪ੍ਰਦੂਸ਼ਨ ਰੋਕਥਾਮ ਬੋਰਡ ਦੀ ਚੇਅਰਪਰਸਨ ਰੀਨਾ ਗੁਪਤਾ ਨੇ ਕਿਹਾ ਕਿ, 21ਵੀਂ ਸਦੀ ਵਿੱਚ ਵਾਤਾਵਰਨ ਨਿਯਮਾਂ ਦਾ ਸੰਚਾਲਨ ਤਕਨਾਲੋਜੀ, ਪਾਰਦਰਸ਼ਤਾ ਅਤੇ ਸਮੇਂ ਸਿਰ ਦਖਲਅੰਦਾਜ਼ੀ ਰਾਹੀਂ ਹੋਣਾ ਚਾਹੀਦਾ ਹੈ। ਇੱਕ ਮਜ਼ਬੂਤ ਡਿਜੀਟਲ ਨਿਗਰਾਨੀ ਪ੍ਰਣਾਲੀ ਵਜੋਂ ਆਨਲਾਈਨ ਮਾਨੀਟਰਿੰਗ ਸੈੱਲ ਵਾਤਾਵਰਨ ਦੇ ਸਰਗਰਮ ਸ਼ਾਸਨ ਵੱਲ ਇੱਕ ਵੱਡਾ ਕਦਮ ਹੈ।ਰਾਜ ਭਰ ਵਿੱਚ ਨਿਗਰਾਨੀ ਪ੍ਰਣਾਲੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਅਤੇ ਨਿਰੰਤਰ ਸੁਧਾਰ ਨੂੰ ਯਕੀਨੀ ਬਣਾਉਣ ਲਈ ਮੈਂਬਰ ਸਕੱਤਰ, ਪੀ.ਪੀ.ਸੀ.ਬੀ. ਵੱਲੋਂ ਆਨਲਾਈਨ ਮਾਨੀਟਰਿੰਗ ਸੈੱਲ ਦੇ ਕੰਮਕਾਜ ਦੀ ਨਿਯਮਤ ਤੌਰ 'ਤੇ ਸਮੀਖਿਆ ਕੀਤੀ ਜਾਵੇਗੀ।

